28-AUG-PAGE-1.qxd 8/27/2023 10:23 PM Page 1

ਸੋਮਵਾਰ, 28 ਅਗਸਤ, 2023
12 ਭਾਦੋਂ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 87

ਨਵਾਂ ਜ਼ਮਾਨਾ

DAILY NAWAN ZAMANA • MONDAY, 28 AUGUST, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਮੱਧ ਪ੍ਰਦੇਸ਼ 'ਚ ਦਲਿਤ ਨੌਜਵਾਨ ਦੀ ਕੁੱਟ-ਕੁੱਟ ਕੇ ਹੱਤਿਆ

ਬਚਾਉਣ ਗਈ ਮਾਂ ਨੂੰ ਨਿਰਵਸਤਰ ਕੀਤਾ

ਸਤਨਾ : ਮੱਧ ਪ੍ਰਦੇਸ਼ ਦੇ ਸਾਗਰ 'ਚ ਦਲਿਤ ਨੌਜਵਾਨ ਲਾਲੂ ਉਰਫ਼ ਨਿਤਿਨ ਅਹਿਰਵਾਰ (18) ਦੀ ਕੁੱਟ-ਕੁੱਟ ਕੇ ਹੱਤਿਆ ਕਰ ਦਿੱਤੀ ਗਈ। ਉਥੇ ਹੀ ਨੌਜਵਾਨ ਨੂੰ ਬਚਾਉਣ ਪਹੁੰਚੀ ਉਸ ਦੀ ਮਾਂ ਨੂੰ ਵੀ ਨਿਰਵਸਤਰ ਕਰਕੇ ਕੁੱਟਿਆ। ਅਸਲ 'ਚ ਕੁਝ ਦਿਨ ਪਹਿਲਾਂ ਮ੍ਰਿਤਕ ਦੀ ਭੈਣ ਨਾਲ ਕੁਝ ਲੋਕਾਂ ਨੇ ਛੇੜਛਾਡ ਕੀਤੀ ਸੀ, ਜਿਸ ਦਾ ਕੇਸ ਦਰਜ ਹਇਆ ਸੀ। ਮੁਲਜ਼ਮ ਪੀੜਤ ਪਰਵਾਰ 'ਤੇ ਰਾਜ਼ੀਨਾਮੇ ਦਾ ਦਬਾਅ ਬਣਾ ਰਹੇ ਸਨ। ਇਹ ਮਾਮਲਾ ਖੁਰਈ ਦੇਹਾਤ ਥਾਣਾ ਖੇਤਰ ਦੇ ਬਰੋਦੀਆ ਨੌਨਾਗਿਰ ਦਾ ਹੈ। ਇੱਥੇ ਬੀਤੇ ਵੀਰਵਾਰ ਕੁਝ ਦਬੰਗਾਂ ਨੇ ਦਲਿਤ ਨੌਜਵਾਨ ਦੀ ਕੁੱਟਕੁੱਟ ਕੇ ਹੱਤਿਆ ਕਰ ਦਿੱਤੀ। ਬਚਾਅ 'ਚ ਆਈ ਮ੍ਰਿਤਕ ਦੀ ਮਾਂ ਨੂੰ ਨਿਰਵਸਤਰ ਕਰਕੇ ਕੁੱਟਿਆ ਗਿਆ। ਇਹ ਘਟਨਾ ਸਾਹਮਣੇ ਆਉਣ ਬਾਅਦ ਪੁਲਸ ਨੇ 9 ਨਾਮਜ਼ਦ ਅਤੇ ਚਾਰ ਹੋਰ ਮੁਲਜ਼ਮਾਂ ਖਿਲਾਫ਼ ਹੱਤਿਆ ਸਮੇਤ ਹੋਰ ਧਾਰਵਾਂ 'ਚ ਕੇਸ ਦਰਜ ਕੀਤਾ ਹੈ। ਪੁਲਸ ਨੇ ਮੁੱਖ ਮੁਲਜ਼ਮ ਸਮੇਤ 8 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਘਟਨਾ 'ਚ ਸ਼ਾਮਲ ਮੁਲਜ਼ਮ ਸਰਪੰਚ ਸਮੇਤ ਕਈ ਫਰਾਰ ਹਨ। ਘਟਨਾ ਨੂੰ ਲੈ ਕੇ ਪਿੰਡ 'ਚ ਭਾਰੀ ਪੁਲਸ ਬਲ ਤਾਇਨਾਤ ਕੀਤਾ ਗਿਆ। ਕੁਲੈਕਟਰ ਦੀਪਕ ਆਰੀਆ ਵੀ ਮੌਕੇ 'ਤੇ ਪਹੁੰਚੇ। ਮ੍ਰਿਤਕ ਦੇ ਪਰਵਾਰ ਵਾਲਿਆਂ ਨੇ 10 ਮੰਗਾਂ ਨੂੰ ਲੈ ਕੇ ਧਰਨਾ ਦਿੱਤਾ, ਭਰੋਸਾ ਮਿਲਣ ਬਾਅਦ ਮ੍ਰਿਤਕ ਦਾ ਅੰਤਮ ਸੰਸਕਾਰ ਕੀਤਾ ਗਿਆ। ਮ੍ਰਿਤਕ ਦੇ ਪਰਵਾਰ ਦੀ ਮੰਗ ਸੀ ਕਿ ਮੁਲਜ਼ਮਾਂ ਦੇ ਮਕਾਨ 'ਤੇ ਬੁਲਡੋਜ਼ਰ ਚਲਾਇਆ ਜਾਣਾ ਚਾਹੀਦਾ ਹੈ।

ਪੀੜਤ ਦੀ ਭੈਣ ਨੇ 2019 'ਚ ਜਿਨਸੀ ਸ਼ੋਸ਼ਣ ਦੇ ਮਾਮਲੇ 'ਚ ਕੇਸ ਦਰਜ ਕਰਾਇਆ ਸੀ। ਇਸ ਕੇਸ ਨੂੰ ਵਾਪਸ ਲੈਣ 'ਤੇ ਪਹਿਲਾਂ ਬਹਿਸ ਹੋਈ, ਫਿਰ ਹੱਤਿਆ ਕਰ ਦਿੱਤੀ ਗਈ। ਮੁਲਜ਼ਮ ਵਿਕਰਮ ਸਿੰਘ ਠਾਕੁਰ ਨੇ ਪਹਿਲਾਂ ਪੀੜਤ ਦੇ ਘਰ 'ਚ ਤੋੜਫੋੜ ਕੀਤੀ ਅਤੇ ਫਿਰ ਉਸ ਦੀ ਹੱਤਿਆ ਕਰ ਦਿੱਤੀ, ਜਦ ਪੀੜਤਾ ਦੀ ਮਾਂ ਬਚਾਅ ਕਰਾਉਣ ਪਹੁੰਚੀ ਤਾਂ ਉਨ੍ਹਾਂ ਉਸ ਨੂੰ ਨਿਰਵਸਤਰ ਕਰ ਦਿੱਤਾ। ਮ੍ਰਿਤਕ ਦੇ ਭੈਣ ਨੇ ਕਿਹਾ ਕਿ ਮੰਮੀ ਜਦ ਬਾਜ਼ਾਰ ਵੱਲ ਗਈ ਤਾਂ ਦੇਖਿਆ ਕਿ

● ਬਾਕੀ ਸਫ਼ਾ 2 'ਤੇ

> "ਮੱਧ ਪ੍ਰਦੇਸ਼ ਦੇ ਸਾਗਰ 'ਚ ਇੱਕ ਦਲਿਤ ਨੌਜਵਾਨ ਦੀ ਕੁੱਟ-ਕੁੱਟ ਕੇ ਹੱਤਿਆ ਕਰ ਦਿੱਤੀ ਗਈ। ਗੁੰਡਿਆਂ ਨੇ ਉਸ ਦੀ ਮਾਂ ਨੂੰ ਵੀ ਨਹੀਂ ਬਖਸ਼ਿਆ। ਸਾਗਰ 'ਚ ਗੁਰੂ ਰਵਿਦਾਸ ਮੰਦਰ ਬਣਾਉਣ ਦਾ ਢੌਂਗ ਰਚਣ ਵਾਲੇ ਪ੍ਰਧਾਨ ਮੰਤਰੀ ਮੱਧ ਪ੍ਰਦੇਸ਼ 'ਚ ਲਗਾਤਾਰ ਹੋ ਰਹੇ ਦਲਿਤ ਅਤੇ ਆਦਿਵਾਸੀਆਂ 'ਤੇ ਅੱਤਿਆਚਾਰਾਂ 'ਤੇ ਚੂੰ ਤੱਕ ਨਹੀਂ ਕਰਦੇ। ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਕੇਵਲ ਕੈਮਰੇ ਦੇ ਸਾਹਮਣੇ ਪਛੜੇ ਲੋਕਾਂ ਦੇ ਪੈਰ ਧੋ ਕੇ ਆਪਣਾ ਗੁਨਾਹ ਛੁਪਾਉਣ ਦੀ ਕੋਸ਼ਿਸ਼ ਕਰਦੇ ਹਨ।"
>
> -ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ

ਮੋਦੀ ਨੂੰ ਗੱਦੀਓਂ ਲਾਹੁਣ ਦੇ ਅਹਿਦ ਨਾਲ ਨੈਸ਼ਨਲ ਦਲਿਤ ਕਨਵੈਨਸ਼ਨ ਸੰਪੰਨ

ਪ੍ਰੋਫੈਸਰ ਸੁਖਦਿਓ ਥੋਰਾਟ ਸੰਬੋਧਨ ਕਰਦੇ ਹੋਏ, ਪ੍ਰਧਾਨਗੀ ਮੰਡਲ 'ਚ ਬੈਠੇ ਹੋਏ ਰਾਮਾ ਮੂਰਤੀ, ਪ੍ਰੋਫੈਸਰ ਕ੍ਰਿਸ਼ਨਾ, ਰਾਮ ਚੰਦਰਾ ਡੋਮ, ਦੇਵੀ ਕੁਮਾਰੀ ਸਰਹਾਲੀ ਕਲਾਂ, ਕਰਨੈਲ ਸਿੰਘ ਇਕਲਾਹਾ ਤੇ ਹੋਰ।

ਹੈਦਰਾਬਾਦ (ਗਿਆਨ ਸੈਦਪੁਰੀ)

ਹਰ ਦਲਿਤ ਪਰਵਾਰ ਨੂੰ ਪੰਜ ਏਕੜ ਜ਼ਮੀਨ ਪ੍ਰਾਪਤ ਕਰਵਾਉਣ, ਡਾਕਟਰ ਅੰਬੇਡਕਰ ਨੂੰ ਮਹਾਨ ਇਨਕਲਾਬੀ ਮੰਨਣ, ਇਕ ਕਰੋੜ ਦੀ ਦਸਤਖਤੀ ਮੁਹਿੰਮ ਚਲਾਉਣ, ਮੋਦੀ ਸਰਕਾਰ ਨੂੰ ਗੱਦੀਓਂ ਲਾਹੁਣ ਅਤੇ ਦਿੱਲੀ ਵਿੱਚ ਵੱਡਾ ਮਾਰਚ ਕਰਨ ਦੇ ਫੈਸਲੇ ਨੂੰ ਸਫਲ ਬਣਾਉਣ ਦੇ ਅਹਿਦ ਨਾਲ ਦੋ ਦਿਨ ਦੀ ਨੈਸ਼ਨਲ ਦਲਿਤ ਕਨਵੈਨਸ਼ਨ ਸਫਲਤਾਪੂਰਵਕ ਸਮਾਪਤ ਹੋ ਗਈ। ਆਖਰੀ ਦਿਨ ਕਨਵੈਨਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਪ੍ਰੋਫੈਸਰ ਸੁਖਦਿਓ ਥੋਰਟ ਸ਼ਾਮਲ ਹੋਏ। ਪ੍ਰਧਾਨਗੀ ਮੰਡਲ ਵਿੱਚ ਰਾਮ ਚੰਦਰਾ ਡੋਮ, ਪ੍ਰੋਫੈਸਰ ਕ੍ਰਿਸ਼ਨਾ, ਵਿਕਰਮ ਸਿੰਘ, ਰਾਮਾ ਮੂਰਤੀ ਸਤਿਆਦੇਵ ਅਤੇ ਦੇਵੀ ਕੁਮਾਰੀ ਸਰਹਾਲੀ ਕਲਾਂ ਸੁਸ਼ੋਭਿਤ ਹੋਏ।

ਦਲਿਤਾਂ ਨੂੰ ਪੂਰੇ ਦੇਸ਼ ਵਿੱਚ ਦਰਪੇਸ਼ ਸਮੱਸਿਆਵਾਂ ਦਾ ਨਕਸ਼ਾ ਖਿੱਚਣ ਵਾਲੀ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਪ੍ਰੋਫੈਸਰ ਸੁਖਦਿਓ ਥੋਰਟ ਨੇ ਕਿਹਾ ਕਿ ਦੇਸ਼ ਦੇ ਹੋਰ ਗਰੀਬਾਂ ਨਾਲੋਂ ਦਲਿਤ ਗਰੀਬਾਂ ਦੀਆਂ ਸਮੱਸਿਆਵਾਂ ਵੱਖਰੀਆਂ ਹਨ। ਆਮ ਤੌਰ 'ਤੇ ਦਲਿਤ ਭੂਮੀਹੀਣ ਹਨ, ਕੋਈ ਚੰਗਾ ਵਪਾਰਕ ਕੰਮ ਨਹੀਂ ਹੈ। ਇਸ ਵਰਗ ਦੀ ਇਹੀ ਸਥਿਤੀ ਸਦੀਆਂ ਤੋਂ ਤੁਰੀ ਆ ਰਹੀ ਹੈ। ਇਸ ਸਥਿਤੀ ਨੂੰ ਸੁਧਾਰਨ ਲਈ ਜ਼ਮੀਨਾਂ ਦੇ ਮਾਲਕ ਬਣਾਉਣਾ ਜ਼ਰੂਰੀ ਹੈ। ਉਨ੍ਹਾ ਕਿਹਾ ਕਿ ਦੇਸ਼ ਵਿੱਚ 80 ਫੀਸਦੀ ਨੌਕਰੀਆਂ ਪ੍ਰਾਈਵੇਟ ਹਨ। ਇਸ ਲਈ ਇਸ ਖੇਤਰ ਵਿੱਚ ਦਲਿਤ ਵਰਗ ਲਈ ਰਾਖਵਾਂਕਰਨ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾ ਦਲਿਤ ਸਮਾਜ ਦੀ ਤਰਸਯੋਗ ਹਾਲਤ ਦਾ ਵਿਸਥਾਰ ਨਾਲ ਵਰਣਨ ਕਰਦਿਆ ਕਿਹਾ ਕਿ ਨੱਬਵਿਆਂ ਤੋਂ ਕਮਿਊਨਿਸਟ ਪਾਰਟੀਆਂ ਨੇ ਇਸ ਗੱਲ

● ਬਾਕੀ ਸਫ਼ਾ 2 'ਤੇ

ਤੇਜ਼ ਰਫਤਾਰ ਟਰਾਲੇ ਨੇ ਸੜਕ ਕਿਨਾਰੇ ਖੜ੍ਹੀਆਂ ਰੇਹੜੀਆਂ ਨੂੰ ਕੁਚਲਿਆ, ਤਿੰਨ ਦੀ ਮੌਤ

ਗੁਰਦਾਸਪੁਰ (ਦਿਨੇਸ਼ ਕੁਮਾਰ)

ਬੀਤੀ ਦੇਰ ਰਾਤ ਗੁਰਦਾਸਪੁਰ ਤੋਂ ਮੁਕੇਰੀਆਂ ਵੱਲ ਜਾ ਰਹੇ ਤੇਜ਼ ਰਫਤਾਰ ਟਰਾਲਾ ਚਾਲਕ ਨੇ ਪਿੰਡ ਚਾਵਾ ਨੇੜੇ ਸੜਕ ਕਿਨਾਰੇ ਖੜ੍ਹੀਆਂ ਰੇਹੜੀਆਂ ਨੂੰ ਕੁਚਲ ਦਿੱਤਾ। ਇਸ ਹਾਦਸੇ 'ਚ ਤਿੰਨ ਦੀ ਮੌਤ ਹੋ ਗਈ, ਜਦਕਿ ਤਿੰਨ ਦੀ ਹਾਲਤ ਗੰਭੀਰ ਬਣੀ ਹੋਈ ਹੈ। ਮੌਕੇ 'ਤੇ ਲੋਕ ਇਕੱਠੇ ਹੋ ਗਏ ਅਤੇ ਟਰਾਲੇ ਹੇਠਾਂ ਦੱਬੇ ਲੋਕਾਂ ਨੂੰ ਕੱਢਿਆ। ਦੂਜੇ ਪਾਸੇ ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਪੁਰਾਣਾ ਸ਼ਾਲਾ ਦੇ ਮੁਖੀ, ਐੱਸ ਡੀ ਐੱਮ ਗੁਰਦਾਸਪੁਰ ਅਮਨਦੀਪ ਕੌਰ ਅਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੀ ਮੌਕੇ 'ਤੇ ਪਹੁੰਚੇ, ਜਿਨ੍ਹਾਂ ਹਾਦਸੇ 'ਚ ਜ਼ਖਮੀ ਹੋਏ ਲੋਕਾਂ ਨੂੰ ਸਿਵਲ ਹਸਪਤਾਲ ਪਹੁੰਚਾਉਣ ਦਾ ਪ੍ਰਬੰਧ ਕੀਤਾ। ਸ਼ਨੀਵਾਰ ਦੇਰ ਰਾਤ ਇਹ ਟਰਾਲਾ ਗੁਰਦਾਸਪੁਰ ਤੋਂ ਮੁਕੇਰੀਆਂ ਵੱਲ ਜਾ ਰਿਹਾ ਸੀ। ਜਦੋਂ ਉਹ ਪਿੰਡ ਚਾਵਾ ਮੋੜ ਲਮੀਨ ਕਰਾਲ ਚੌਕ ਕੋਲ ਪਹੁੰਚਿਆ ਤਾਂ ਚਾਲਕ ਟਰਾਲੇ ਤੋਂ ਆਪਣਾ ਸੰਤੁਲਨ ਗੁਆ ਬੈਠਾ, ਜਿਸ ਕਾਰਨ ਸੜਕ ਕਿਨਾਰੇ ਖੜੇ ਆਈਸਕ੍ਰੀਮ, ਪਲਾਸਟਿਕ ਦਾ ਸਮਾਨ ਅਤੇ ਗੋਲਗੱਪੇ ਦੀਆਂ ਰੇਹੜੀਆਂ ਨੂੰ ਕੁਚਲ ਕੇ ਬੇਕਰੀ ਦੀ ਦੁਕਾਨ ਅੰਦਰ ਦਾਖਲ ਹੋ ਗਿਆ। ਇਸ ਮੌਕੇ ਰੇਹੜੀਆਂ 'ਤੇ ਲੋਕ ਖਾਣ-ਪੀਣ ਦਾ ਸਮਾਨ ਖਰੀਦ

● ਬਾਕੀ ਸਫ਼ਾ 2 'ਤੇ

ਪੈਟਰੋਲ ਪੰਪ ਦੀ ਛੱਤ ਡਿੱਗੀ, ਦੋ ਮਜ਼ਦੂਰਾਂ ਦੀ ਮੌਤ

ਫਿਲੌਰ (ਨਿਰਮਲ)-ਫਿਲੌਰ-ਨਵਾਂਸ਼ਹਿਰ ਰੋਡ 'ਤੇ ਇੱਕ ਪੈਟਰੋਲ ਪੰਪ ਦੀ ਪੁਰਾਣੀ ਬਿਲਡਿੰਗ ਨੂੰ ਰਿਪੇਅਰ ਕਰਦੇ ਸਮੇਂ ਵੱਡਾ ਹਾਦਸਾ ਹੋ ਗਿਆ, ਜਿਸ ਦੇ ਚਲਦੇ ਕੰਮ ਕਰਨ ਵਾਲੇ ਮਜ਼ਦੂਰ ਮਲਬੇ 'ਚ ਦਬ ਗਏ। ਹਾਦਸਾ ਉਸ ਸਮੇਂ ਹੋਇਆ, ਜਦੋਂ ਇੱਕ ਪੁਰਾਣੀ ਬਿਲਡਿੰਗ ਨੂੰ ਢਾਹੁਣ ਸਮੇਂ ਲੋਹੇ ਦੀ ਗਰਿਲ ਨੂੰ ਬਾਹਰ ਕੱਢਿਆ ਜਾ ਰਿਹਾ ਸੀ, ਉਸ ਸਮੇਂ ਅਚਾਨਕ ਲੈਂਟਰ ਡਿੱਗ ਗਿਆ, ਜਿਸ ਹੇਠਾਂ ਚਾਰ ਵਿਅਕਤੀ ਆ ਗਏ। ਇਹਨਾਂ 'ਚੋਂ ਮਜ਼ਦੂਰ ਸਤੀਸ਼ ਕੁਮਾਰ ਪੁੱਤਰ ਜੀਤ ਰਾਮ ਪਿੰਡ ਕਰਲਾਟੀ, ਬਿਲਾਸਪੁਰ (ਹਿਮਾਚਲ ਪ੍ਰਦੇਸ਼) ਅਤੇ ਵਿਨੋਦ ਨਾਂਅ ਦੇ ਮਜ਼ਦੂਰ ਦੀ ਮੌਤ ਹੋ ਗਈ। ਫਿਲੌਰ ਪੁਲਸ ਨੇ ਮੌਕੇ 'ਤੇ ਪੁੱਜ ਕੇ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਸਿਵਲ ਹਸਪਤਾਲ ਭੇਜਿਆ। ਦੋਵੇਂ ਜ਼ਖਮੀਆਂ ਦੀ ਹਾਲਤ ਠੀਕ ਦੱਸੀ ਜਾ ਰਹੀ ਹੈ। ਲਕਾ ਫਿਲੌਰ 'ਆਪ' ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਪੁੱਜੇ ਅਤੇ ਘਟਨਾ ਸੰਬੰਧੀ ਜਾਣਕਾਰੀ ਲਈ। ਮ੍ਰਿਤਕਾਂ ਦੇ ਪਰਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਕਿਹਾ ਕਿ ਮ੍ਰਿਤਕਾਂ ਦੇ ਪੀੜਤ ਪਰਵਾਰਾਂ ਨੂੰ ਬਣਦੀ ਸਹਾਇਤਾ ਲਈ ਸਰਕਾਰ ਨੂੰ ਕਹਿਣਗੇ।

ਮੁੱਖ ਮੰਤਰੀ ਨੇ ਸ਼ਹੀਦ ਤਰਨਦੀਪ ਤੇ ਰਮੇਸ਼ ਦੇ ਪਰਵਾਰਾਂ ਨੂੰ ਇੱਕ-ਇੱਕ ਕਰੋੜ ਦੇ ਚੈੱਕ ਸੌਂਪੇ

ਫਤਿਹਗੜ੍ਹ ਸਾਹਿਬ (ਫਤਿਹ ਪ੍ਰਭਾਕਰ)

ਬੀਤੇ ਦਿਨੀਂ ਲੱਦਾਖ 'ਚ ਵਾਪਰੇ ਭਿਆਨਕ ਹਾਦਸੇ ਵਿੱਚ ਭਾਰਤ ਦੇ 9 ਬਹਾਦਰ ਜਵਾਨ ਸ਼ਹੀਦ ਹੋ ਗਏ ਸਨ, ਜਿਨ੍ਹਾਂ 'ਚ ਪੰਜਾਬ ਦੇ 2 ਜਵਾਨ ਵੀ ਸ਼ਾਮਲ ਸਨ। ਪੰਜਾਬ ਦੇ ਦੋ ਸ਼ਹੀਦ ਜਵਾਨਾਂ ਵਿੱਚ ਇੱਕ ਫਰੀਦਕੋਟ ਜ਼ਿਲ੍ਹੇ ਦਾ ਨਾਇਬ ਸੂਬੇਦਾਰ ਰਮੇਸ਼ ਲਾਲ ਸੀ ਤੇ ਦੂਜਾ ਫਤਿਹਗੜ੍ਹ ਸਾਹਿਬ ਦੇ ਬੱਸੀ ਪਠਾਣਾਂ ਦੇ ਨਜ਼ਦੀਕੀ ਪਿੰਡ ਕਾਮਲੀ ਦਾ ਮਹਿਜ਼ 23 ਸਾਲਾਂ ਦਾ ਨੌਜਵਾਨ ਤਰਨਦੀਪ ਸਿੰਘ ਵੀ ਹਾਦਸੇ 'ਚ ਸ਼ਹੀਦ ਹੋ ਗਿਆ ਸੀ।

ਐਤਵਾਰ ਸ਼ਹੀਦ ਤਰਨਦੀਪ ਸਿੰਘ ਨਮਿੱਤ ਅੰਤਮ ਅਰਦਾਸ ਵੀ ਸੀ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ਹੀਦ ਜਵਾਨ ਤਰਨਜੀਤ ਦੇ ਪਰਵਾਰ ਨਾਲ ਮੁਲਾਕਾਤ ਕੀਤੀ। ਮੁੱਖ ਮੰਤਰੀ ਨੇ ਇਨ੍ਹਾਂ ਬਹਾਦਰ ਸੈਨਿਕਾਂ ਦੇ ਪਰਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਇਸ ਔਖੀ ਘੜੀ ਵਿੱਚ ਇਨ੍ਹਾਂ ਪਰਵਾਰਾਂ ਦੇ ਨਾਲ ਖੜ੍ਹੀ ਹੈ। ਉਨ੍ਹਾ ਕਿਹਾ ਕਿ ਇਨ੍ਹਾਂ ਸ਼ਹੀਦਾਂ ਨੇ ਦੇਸ਼ ਦੀ ਏਕਤਾ ਦੀ ਰਾਖੀ ਲਈ ਆਪਣੀ ਡਿਊਟੀ ਬਹਾਦਰੀ ਨਾਲ ਨਿਭਾਉਣ ਲਈ ਪੂਰੀ ਤਨਦੇਹੀ ਦਿਖਾਈ ਅਤੇ ਸੂਬੇ ਦੀ ਸ਼ਾਨਦਾਰ ਵਿਰਾਸਤ ਨੂੰ ਬਰਕਰਾਰ ਰੱਖਿਆ। ਇਸ ਮੌਕੇ ਉਨ੍ਹਾ ਸ਼ਹੀਦ ਦੇ ਪਰਵਾਰ ਨੂੰ 1 ਕਰੋੜ ਰੁਪਏ ਦਾ ਚੈੱਕ ਵੀ ਸੌਂਪਿਆ।

ਮੁੱਖ ਮੰਤਰੀ ਨੇ ਕਿਹਾ ਕਿ ਤਰਨਦੀਪ ਪਰਵਾਰ ਦਾ ਇਕਲੌਤਾ ਪੁੱਤਰ ਸੀ। ਉਸ ਦੀ ਭੈਣ ਨੂੰ ਨੌਕਰੀ ਦੇਣ ਲਈ ਪ੍ਰਕਿਰਿਆ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ

● ਬਾਕੀ ਸਫ਼ਾ 2 'ਤੇ

ਪੱਛਮੀ ਬੰਗਾਲ : ਪਟਾਕਾ ਫੈਕਟਰੀ 'ਚ ਧਮਾਕਾ, 7 ਲੋਕਾਂ ਦੀ ਮੌਤ

ਕੋਲਕਾਤਾ : ਪੱਛਮੀ ਬੰਗਾਲ ਦੇ ਉਤਰੀ 24 ਪਰਗਨਾ ਜ਼ਿਲ੍ਹੇ 'ਚ ਐਤਵਾਰ ਸਵੇਰੇ ਇੱਕ ਪਟਾਕਾ ਫੈਕਟਰੀ 'ਚ ਧਮਾਕਾ ਹੋ ਗਿਆ। ਹਾਦਸੇ 'ਚ 6 ਲੋਕਾਂ ਦੇ ਮਾਰੇ ਜਾਣ ਦੀ ਖ਼ਬਰ ਹੈ। ਉਥੇ ਹੀ ਕਈ ਲੋਕ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਹਸਪਤਾਲ 'ਚ ਭਰਤੀ ਕਰਾਇਆ ਗਿਆ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਧਮਾਕਾ ਏਨਾ ਜ਼ਬਰਦਸਤ ਸੀ ਕਿ ਨੇੜੇ ਦੇ ਕਈ ਘਰ ਹਿੱਲ ਗਏ। ਦੱਸਿਆ ਜਾ ਰਿਹਾ ਹੈ ਕਿ ਮ੍ਰਿਤਕਾਂ ਦੀ ਗਿਣਤੀ ਵਧ ਸਕਦੀ ਹੈ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਘਟਨਾ ਦੇ ਕਾਰਨਾਂ ਦਾ ਪਤਾ ਲਗਾਇਆ। ਪੁਲਸ ਮੁਤਾਬਕ ਇਹ ਹਾਦਸਾ ਜਗਨਾਥਪੁਰ ਪਿੰਡ 'ਚ ਹੋਇਆ। ਧਮਾਕੇ ਨਾਲ ਫੈਕਟਰੀ ਵਾਲੀ ਬਿਲਡਿੰਗ ਢਹਿ-ਢੇਰੀ ਹੋ ਗਈ। ਚਾਰੇ ਪਾਸੇ ਮਲਬਾ ਫੈਲ ਗਿਆ। ਪੁਲਸ ਨੇ ਮਲਬੇ 'ਚ ਦੱਬੇ ਲੋਕਾਂ ਨੂੰ ਬਾਹਰ ਕੱਢਿਆ। ਧਮਾਕੇ ਕਾਰਨ ਕਈ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਤੇ ਲਾਸ਼ਾਂ ਪੂਰੀ ਤਰ੍ਹਾਂ ਝੁਲਸ ਗਈਆਂ।

ਹਿਮਾਚਲ 'ਚੋਂ ਰੁੜ੍ਹੀ ਔਰਤ ਦੀ ਲਾਸ਼ ਸਤਲੁਜ ਕੰਢਿਓਂ ਮਿਲੀ

ਚੰਡੀਗੜ੍ਹ : ਹਿਮਾਚਲ ਪ੍ਰਦੇਸ਼ ਦੇ ਬਰੋਟੀਵਾਲਾ ਨੇੜੇ ਆਲਟੋ ਕਾਰ ਸਮੇਤ ਰੁੜ੍ਹੀ ਬਿਰਧ ਮਹਿਲਾ ਗੀਤਾ ਦੇਵੀ (62) ਦੀ ਲਾਸ਼ ਐਤਵਾਰ ਰੂਪਨਗਰ ਜ਼ਿਲ੍ਹੇ ਦੇ ਪਿੰਡ ਆਸਪੁਰ ਨੇੜੇ ਸਤਲੁਜ ਦਰਿਆ ਦੇ ਕੰਢੇ ਤੋਂ ਮਿਲ ਗਈ ਹੈ। ਇਸ ਸੰਬੰਧੀ ਪੁਲਸ ਨੇ ਦੱਸਿਆ ਕਿ ਪਿੰਡ ਆਸਪੁਰ ਦੇ ਸਰਪੰਚ ਰਣਬੀਰ ਸਿੰਘ ਤੇ ਨੰਬਰਦਾਰ ਬਚਿੱਤਰ ਸਿੰਘ ਨੇ ਸੂਚਨਾ ਦਿੱਤੀ ਸੀ ਕਿ ਦਰਿਆ ਕੰਢੇ ਖੇਤ 'ਚ ਕਿਸੇ ਔਰਤ ਦੀ ਲਾਸ਼ ਪਈ ਹੈ। ਜਦੋਂ ਪੁਲਸ ਨੇ ਲਾਸ਼ ਨੂੰ ਬਾਹਰ ਕੱਢ ਕੇ ਛਾਣਬੀਣ ਕੀਤੀ ਤਾਂ ਪਤਾ ਲੱਗਿਆ ਕਿ ਇਹ ਲਾਸ਼ ਗੀਤਾ ਦੇਵੀ ਦੀ ਹੈ, ਜੋ 24 ਅਗਸਤ ਦੀ ਰਾਤ ਨੂੰ ਆਪਣੇ ਪਤੀ ਤਾਰਾ ਚੰਦ ਵਾਸੀ ਬਰੋਟੀਵਾਲਾ ਤੇ ਪੋਤੇ ਸਮੇਤ ਕਾਰ 'ਚ ਜਾ ਰਹੀ ਸੀ। ਇਸ ਦੌਰਾਨ ਉਨ੍ਹਾਂ ਦੀ ਕਾਰ ਹੜ੍ਹ ਦੇ ਪਾਣੀ 'ਚ ਘਿਰ ਗਈ। ਤਾਰਾ ਚੰਦ ਨੇ ਜਦੋਂ ਆਪਣੇ ਪੋਤੇ ਨੂੰ ਬਾਹਰ ਕੱਢ ਕੇ ਕਿਨਾਰੇ 'ਤੇ ਪਹੁੰਚਾਇਆ ਤਾਂ ਪਿੱਛਿਓਂ ਕਾਰ ਰੁੜ੍ਹ ਗਈ।

ਖੱਟਰ ਨੇ ਕਿਹਾ, ਨੂਹ 'ਚ ਯਾਤਰਾ ਦੀ ਇਜਾਜ਼ਤ ਨਹੀਂ

ਸਾਨੂੰ ਇਜਾਜ਼ਤ ਦੀ ਜ਼ਰੂਰਤ ਨਹੀਂ : ਵੀ ਐੱਚ ਪੀ

**ਚੰਡੀਗ

28-AUG-PAGE-1.qxd 8/27/2023 10:24 PM Page 2

ਕਾਇਆਕਲਪ ਅਧੀਨ ਸੀ ਐਚ ਸੀ ਚਨਾਰਥਲ ਕਲਾਂ ਦੀ ਹੋਈ ਅਸੈਸਮੈਂਟ

ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸਵੱਛ ਭਾਰਤ ਮਿਸਨ ਅਧੀਨ ਕਾਇਆਕਲਪ ਪ੍ਰੋਗਰਾਮ ਤਹਿਤ ਸੀ.ਐਚ.ਸੀ. ਚਨਾਰਥਲ ਕਲਾਂ ਵਿਖੇ ਸੂਬਾ ਪੱਧਰੀ ਟੀਮ ਵੱਲੋਂ ਅਸੈਸਮੈਂਟ ਕੀਤੀ ਗਈ। ਜਾਣਕਾਰੀ ਦਿੰਦੇ ਸੀਨੀਅਰ ਮੈਡੀਕਲ ਅਫਸਰ ਡਾ. ਸੁਰਿੰਦਰ ਸਿੰਘ ਨੇ ਦੱਸਿਆ ਕਿ ਕਾਇਆਕਲਪ ਪ੍ਰੋਗਰਾਮ ਤਹਿਤ ਸਿਹਤ ਸੰਸਥਾਵਾਂ ਲਈ ਮਾਪਦੰਡ ਬਣਾਏ ਗਏ ਹਨ, ਜਿਸ ਵਿੱਚ ਮਰੀਜ਼ਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਤੇ ਸਵੱਛਤਾ ਸਬੰਧੀ ਹਰੇਕ ਸਾਲ ਅਸੈਸਮੈਂਟ ਕੀਤੀ ਜਾਂਦੀ ਹੈ, ਜਿਸ ਦੇ ਆਧਾਰ 'ਤੇ ਗ੍ਰੇਡਿੰਗ ਕੀਤੀ ਜਾਂਦੀ ਹੈ। ਜਿਹੜੀਆਂ ਸਿਹਤ ਸੰਸਥਾਵਾਂ ਵਧੀਆਂ ਗ੍ਰੇਡਿੰਗ ਪ੍ਰਾਪਤ ਕਰਦੀਆਂ ਹਨ, ਉਨ੍ਹਾਂ ਨੂੰ ਸੂਬਾ ਪੱਧਰ 'ਤੇ ਸਨਮਾਨਤ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਪੱਧਰੀ ਟੀਮ ਡਾ. ਹਰਪ੍ਰੀਤ ਕੌਰ ਤੇ ਡਾ. ਬਬਨਦੀਪ ਕੌਰ ਵੱਲੋਂ ਸੀ.ਐਚ.ਸੀ. ਚਨਾਰਥਲ ਕਲਾਂ ਦੀ ਅਸੈਸਮੈਂਟ ਕੀਤੀ ਗਈ, ਜਿਸ ਦੌਰਾਨ ਉਨ੍ਹਾਂ ਵੱਲੋਂ ਮਰੀਜ਼ਾਂ ਦੇ ਇਲਾਜ, ਹਸਪਤਾਲ ਦੀ ਸਫਾਈ, ਵੇਸਟ ਮੈਨੇਜਮੈਂਟ, ਇੰਫੈਕਸ਼ਨ ਕੰਟਰੋਲ, ਸਟਾਫ਼ ਦਾ ਮਰੀਜ਼ਾਂ ਨਾਲ ਵਿਹਾਰ, ਸਿਹਤ ਸਹੂਲਤਾਂ ਪ੍ਰਤੀ ਜਾਗਰੂਕਤਾ, ਆਈ.ਈ.ਸੀ./ਬੀ.ਸੀ.ਸੀ. ਸਮੇਤ ਹੋਰ ਮਾਪਦੰਡਾਂ ਦੇ ਆਧਾਰ 'ਤੇ ਮੁਲਾਂਕਣ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕੁਝ ਦਿਨ੍ਹਾਂ ਵਿੱਚ ਅਸੈਸਮੈਂਟ ਦਾ ਨਤੀਜਾ ਆਵੇਗਾ, ਜਿਸ ਦੇ ਆਧਾਰ ਤੇ ਕਾਇਆਕਲਪ ਦੇ ਫਾਈਨਲ ਰਾਊਂਡ ਲਈ ਕੁਆਲੀਫਾਈ ਹੋਣ ਦੀ ਉਮੀਦ ਹੈ।

ਡੇਂਗੂ ਤੇ ਮਲੇਰੀਆ ਜਾਗਰੂਕਤਾ ਸੈਮੀਨਾਰ ਕਰਾਇਆ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਮਹਿਰਾਜ ਕਲੋਨੀ ਦੇ ਸ਼ਹੀਦ ਉਧਮ ਸਿੰਘ ਵੈਲਫੇਅਰ ਕਲੱਬ ਵੱਲੋਂ ਸਿਹਤ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਡੇਂਗੂ ਤੇ ਮਲੇਰੀਆ ਜਾਗਰੂਕਤਾ ਸੈਮੀਨਾਰ ਯੂ.ਈ.ਐਸ. ਸੀ. ਟਿਊਸ਼ਨ ਸੈਂਟਰ, ਨੇੜੇ ਭਾਰਤੀਆ ਮਾਡਲ ਸਕੂਲ ਬ੍ਰਾਂਚ ਵਿਖੇ ਕਰਾਇਆ ਗਿਆ। ਸੈਮੀਨਾਰ ਵਿੱਚ ਸਿਹਤ ਵਿਭਾਗ ਪੰਜਾਬ ਦੀ ਤਰਫੋਂ ਡਾ. ਹਰਿੰਦਰਪਾਲ ਸਿੰਘ ਸੀਨੀਅਰ ਮੈਡੀਕਲ ਅਫ਼ਸਰ, ਸਿਵਲ ਹਸਪਤਾਲ ਦੀ ਅਗਵਾਈ ਵਿੱਚ ਸਮੁੱਚੀ ਮੈਡੀਕਲ ਟੀਮ ਨੇ ਸ਼ਿਰਕਤ ਕੀਤੀ। ਸੈਮੀਨਾਰ ਦਾ ਆਗਾਜ ਐਸ.ਐਮ.ਓ. ਵੱਲੋਂ ਰਿਬਨ ਕੱਟ ਕੇ ਕੀਤਾ ਗਿਆ। ਡਾ. ਅਸ਼ੀਸ਼ ਬਜਾਜ ਬੱਚਿਆਂ ਦੇ ਮਾਹਿਰ ਨੇ ਤੰਦਰੁਸਤੀ ਭਰੀ ਜ਼ਿੰਦਗੀ ਜਿਊਣ ਲਈ ਰੋਜਾਨਾ ਦੇ ਸਿਹਤ ਸੁਝਾਅ ਸਾਂਝੇ ਕੀਤੇ ਤੇ ਸੈਰ ਕਰਨ ਨੂੰ ਤਰਜੀਹ ਦਿੱਤੀ। ਬਲਵੀਰ ਸਿੰਘ ਸੰਧੂ ਕਲਾਂ, ਹੈਲਥ ਇੰਸਪੈਕਟਰ ਨੇ ਵੱਡੀ ਗਿਣਤੀ ਵਿੱਚ ਪੁੱਜੇ ਹਾਜ਼ਰੀਨ ਨੂੰ ਡੇਂਗੂ ਤੇ ਮਲੇਰੀਆ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਰਮੀ ਦੇ ਦਿਨਾਂ ਕਾਰਨ ਡੇਂਗੂ ਨੇ ਆਪਣੇ ਪੈਰ ਪਸਾਰ ਰੱਖੇ ਹਨ। ਡਾ. ਹਰਿੰਦਰ ਪਾਲ ਸਿੰਘ ਐਮ.ਡੀ. ਸੀਨੀਅਰ ਮੈਡੀਕਲ ਅਫ਼ਸਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਜਾਗਰੂਕਤਾ ਸੈਮੀਨਾਰ ਕਰਾਉਣੇ ਸਮੇਂ ਦੀ ਅਹਿਮ ਲੋੜ ਹੈ। ਸ਼ਹੀਦ ਉਧਮ ਸਿੰਘ ਵੈਲਫੇਅਰ ਕਲੱਬ ਇਸ ਉਪਰਾਲੇ ਲਈ ਵਧਾਈ ਦਾ ਪਾਤਰ ਹੈ। ਉਨ੍ਹਾਂ ਡੇਂਗੂ ਅਤੇ ਮਲੇਰੀਆ ਹੋਣ ਦੀ ਸਥਿਤੀ ਵਿੱਚ ਵਿਭਾਗ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਿਹਤ ਸੇਵਾਵਾਂ ਦੀ ਵਿਸਥਾਰ ਵਿੱਚ ਚਰਚਾ ਦੇ ਨਾਲ-ਨਾਲ ਡੇਂਗੂ ਅਤੇ ਮਲੇਰੀਆ ਦੇ ਲੱਛਣ ਤੇ ਬਚਾਓ ਦੇ ਤਰੀਕਿਆਂ ਦੀ ਬੜੀ ਬਾਰੀਕੀ ਵਿੱਚ ਜਾਣਕਾਰੀ ਦਿੱਤੀ।

ਚੰਦਰਯਾਨ ਦੀ ਸਫ਼ਲਤਾ ਲਈ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ

ਬਾਘਾ ਪੁਰਾਣਾ (ਮਨੀ ਸਿਗਲਾ) - ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਮਨੋਜ ਕੁਮਾਰ, ਮੈਡਮ ਜੀਨਮ ਗਰਗ ਤੇ ਚੇਅਰਪਰਸਨ ਤਰਸੇਮ ਲਾਲ ਗਰਗ ਨੇ ਚੰਦਰਯਾਨ-3 ਦੇ ਚੰਦਰਮਾ ਉਪਰ ਸਫ਼ਲਤਾਪੂਰਵਕ ਪਹੁੰਚਣ 'ਤੇ ਸਾਰੇ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ ਦਿੱਤੀਆਂ। ਮਨੋਜ ਕੁਮਾਰ ਨੇ ਛੇਵੀਂ ਤੋਂ 12ਵੀਂ ਦੇ ਵਿਦਿਆਰਥੀਆਂ ਨੂੰ ਚੰਦਰਯਾਨ-1, ਚੰਦਰਯਾਨ-2, ਚੰਦਰਯਾਨ-3 ਦੇ ਬਣਾਉਣ ਤੋਂ ਲੈ ਕੇ ਚੰਦਰਮਾ ਤੱਕ ਪੁਚਾਉਣ ਦੀ ਯਾਤਰਾ ਬਾਰੇ ਦੱਸਦੇ ਹੋਏ ਰਾਕੇਟ ਤੇ ਸੈਟੇਲਾਈਟ ਬਾਰੇ ਵੀ ਦੱਸਿਆ। ਉਨ੍ਹਾਂ ਬੱਚਿਆਂ ਨੂੰ ਇਸਰੋ ਬਾਰੇ ਦੱਸਦਿਆਂ ਕਿਹਾ ਕਿ ਇਸਰੋ ਦੁਆਰਾ ਇਸ ਵਾਰ ਚੰਦਰਯਾਨ-3 ਚੰਦਰਮਾ 'ਤੇ ਭੇਜਿਆ ਗਿਆ ਹੈ, ਜਿਸ ਦੇ ਚੰਦਰਮਾ 'ਤੇ ਪਹੁੰਚਣ ਤੋਂ ਬਾਅਦ ਭਾਰਤ ਉਨ੍ਹਾਂ ਚੁਣੇ ਹੋਏ ਦੇਸ਼ਾਂ ਦੀ ਸੂਚੀ ਵਿੱਚ ਸ਼ਾਮਲ ਹੋ ਜਾਵੇਗਾ, ਜੋ ਅਜਿਹਾ ਕਰਨ ਵਿੱਚ ਸਫ਼ਲ ਹੋਏ ਹਨ। ਉਨ੍ਹਾਂ ਬੱਚਿਆਂ ਨੂੰ ਕਿਹਾ ਕਿ ਇਸ ਤੋਂ ਪਹਿਲਾਂ ਸਾਲ 2019 ਵਿੱਚ ਚੰਦ ਦੀ ਸਤ੍ਹਾ 'ਤੇ ਚੰਦਰਯਾਨ-2 ਦੀ ਲੈਂਡਿੰਗ ਨਹੀਂ ਹੋ ਪਾਈ ਸੀ, ਜਿਸ ਕਰਕੇ ਇਸਰੋ ਦੀ ਟੀਮ ਨਿਰਾਸ਼ ਹੋ ਗਈ ਸੀ। ਚੰਦਰਯਾਨ-3 ਦੀ ਲੈਂਡਿੰਗ ਤੋਂ ਬਾਅਦ ਭਾਰਤ ਦੁਨੀਆਂ ਵਿਚ ਰੂਸ, ਅਮਰੀਕਾ ਤੇ ਚੀਨ ਵਰਗੇ ਦੇਸ਼ਾਂ ਦੇ ਬਰਾਬਰ ਹੋ ਗਿਆ ਹੈ।

ਡਾ. ਧਰਮਿੰਦਰ ਸਿੰਘ ਨੂੰ ਹਿਮਾਚਲ ਪ੍ਰਦੇਸ਼ ਦੀ ਯੂਨੀਵਰਸਿਟੀ ਵੱਲੋਂ ਸੱਦਾ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਰਕਾਰੀ ਕਾਲਜ ਦੇ ਪ੍ਰਿੰਸੀਪਲ ਪ੍ਰੋ. ਦੀਪਕ ਚੋਪੜਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਲਜ ਵਿਖੇ ਲੋਕ ਪ੍ਰਸ਼ਾਸਨ ਵਿਭਾਗ ਦੇ ਮੁਖੀ ਡਾ. ਧਰਮਿੰਦਰ ਸਿੰਘ ਨੂੰ ਪੀ.ਐੱਚ.ਡੀ. ਦੀ ਪ੍ਰੀਖਿਆ ਪ੍ਰਕਿਰਿਆ ਲਈ ਬਤੌਰ ਬਾਹਰੀ ਪ੍ਰੀਖਿਅਕ ਆਈ.ਈ.ਸੀ. ਯੂਨੀਵਰਸਿਟੀ ਸੋਲਨ (ਹਿਮਾਚਲ ਪ੍ਰਦੇਸ਼) ਵੱਲੋਂ ਸੱਦਾ ਦਿੱਤਾ ਗਿਆ। ਉਨ੍ਹਾ ਕਿਹਾ ਕਿ ਇਹ ਸਾਡੇ ਕਾਲਜ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਕਾਲਜ ਦੇ ਇੱਕ ਪ੍ਰੋਫੈਸਰ ਨੂੰ ਯੂਨੀਵਰਸਿਟੀ ਵੱਲੋਂ ਇਸ ਪ੍ਰਕਾਰ ਦਾ ਸੱਦਾ ਪ੍ਰਾਪਤ ਹੋਇਆ ਹੈ, ਜਿਸ ਲਈ ਡਾ. ਧਰਮਿੰਦਰ ਸਿੰਘ ਨੂੰ ਵਧਾਈ ਤੇ ਭਵਿੱਖ ਵਿੱਚ ਹੋਰ ਪ੍ਰਾਪਤੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਡਾ. ਧਰਮਿੰਦਰ ਸਿੰਘ ਨੇ ਪ੍ਰਿੰਸੀਪਲ ਪ੍ਰੋ. ਦੀਪਕ ਚੋਪੜਾ ਦਾ ਧੰਨਵਾਦ ਕੀਤਾ।

ਸਿਹਤ ਵਿਭਾਗ ਨੇ ਲੋਕਾਂ ਨੂੰ ਮੌਸਮੀ ਬਿਮਾਰੀਆਂ ਤੋਂ ਕੀਤਾ ਖਬਰਦਾਰ

ਸਮਰਾਲਾ (ਸੁਰਜੀਤ ਸਿੰਘ)-ਸਿਵਲ ਹਸਪਤਾਲ ਸਮਰਾਲਾ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਤਾਰਕਜੋਤ ਸਿੰਘ ਦੀ ਅਗਵਾਈ ਵਿੱਚ ਸਿਵਲ ਹਸਪਤਾਲ ਦੀ ਟੀਮ ਵੱਲੋਂ ਸ਼ਹਿਰ ਦੇ ਵੱਖ ਵੱਖ ਏਰੀਆ ਵਿੱਚ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਸੰਬੰਧੀ ਜਾਗਰੂਕਤਾ ਦਿੱਤੀ ਗਈ। ਸੀਨੀਅਰ ਮੈਡੀਕਲ ਅਫਸਰ ਡਾਕਟਰ ਤਾਰਕਜੋਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਵਿੱਚ ਨਾਗਰਿਕਾਂ ਨੂੰ ਡੋਰ ਟੂ ਡੋਰ ਸਰਵੇ ਤੇ ਕੈਂਪ ਲਗਾ ਕੇ ਡੇਂਗੂ, ਚਿਕਣਗੁਣੀਆਂ, ਵਾਟਰ ਬੋਰਨ ਡਿਜੀਜ ਬਿਮਾਰੀਆਂ ਸੰਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਉਨ੍ਹਾ ਵੱਲੋਂ ਸ਼ਹਿਰ ਦੇ ਬੱਸ ਸਟੈਂਡ, ਲੇਬਰ ਚੌਂ, ਆਈ.ਟੀ.ਆਈ. ਮੁਹੱਲਾ, ਥਾਣਾ ਸਮਰਾਲਾ, ਕ੍ਰਿਸ਼ੀ ਵਿਗਿਆਨ ਕੇਂਦਰ ਆਦਿ ਏਰੀਏ ਵਿਖੇ ਸਰਵੇ ਕੀਤਾ ਗਿਆ ਤੇ ਐਂਟੀ-ਡੇਂਗੂ ਜਾਗਰੂਕਤਾ ਕੈਂਪ ਲਗਾਏ ਗਏ। ਕ੍ਰਿਸ਼ੀ ਵਿਗਿਆਨ ਕੇਂਦਰ ਵਿੱਚ ਸਰਵੇ ਦੌਰਾਨ ਓਥੇ ਮੌਜੂਦ ਮਸ਼ਹੂਰ ਪੰਜਾਬੀ ਫਿਲਮ ਅਦਾਕਾਰ ਬਾਲ ਮੁਕੰਦ ਸ਼ਰਮਾ ਤੇ ਐੱਨ.ਆਰ.ਆਈ. ਭਰਾਵਾਂ ਵੱਲੋਂ ਇਸ ਜਾਗਰੂਕਤਾ ਦੀ ਪ੍ਰਸ਼ੰਸਾ ਕੀਤੀ ਗਈ। ਇਸ ਮੌਕੇ ਸਿਵਲ ਹਸਪਤਾਲ ਸਮਰਾਲਾ ਦੀ ਟੀਮ ਵਿੱਚ ਸੀਨੀਅਰ ਮੈਡੀਕਲ ਅਫਸਰ ਡਾਕਟਰ ਤਾਰਕਜੋਤ ਸਿੰਘ, ਡਾਕਟਰ ਲਖਵਿੰਦਰ ਸਿੰਘ, ਪ੍ਰਦੀਪ ਕੁਮਾਰ ਮਲਟੀਪਰਪਜ ਹੈਲਥ ਵਰਕਰ ਤੇ ਨਰਸਿੰਗ ਵਿਦਿਆਰਥੀ ਹਾਜ਼ਰ ਸਨ।

ਗੁਰਦੁਆਰਾ ਪਾਤਸ਼ਾਹੀ ਸੱਤਵੀਂ ਦੇ ਲੰਗਰ ਹਾਲ ਦਾ ਲੈਂਟਰ ਪਾਇਆ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਸਥਾਨਕ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਵਿਖੇ ਪ੍ਰਬੰਧਕੀ ਕਮੇਟੀ ਵੱਲੋਂ ਐੱਨ. ਆਰ. ਆਈਜ਼ ਤੇ ਨਗਰ ਵਾਸੀਆਂ ਦੇ ਸਹਿਯੋਗ ਨਾਲ ਸੰਗਤਾਂ ਦੀ ਸਹੂਲਤ ਲਈ ਨਵੇਂ ਉਸਾਰੇ ਜਾ ਰਹੇ ਲੱਗਭੱਗ 3000 ਸਕੇਅਰ ਫੁੱਟ ਏਰੀਏ ਦੇ ਲੰਗਰ ਹਾਲ ਦੀ ਛੱਤ ਦਾ ਲੈਂਟਰ ਪਾਇਆ ਗਿਆ। ਮੁੱਖ ਗ੍ਰੰਥੀ ਭਾਈ ਗੁਰਦੀਪ ਸਿੰਘ, ਕਮੇਟੀ ਪ੍ਰਧਾਨ ਅਮਰੀਕ ਸਿੰਘ, ਮੀਤ ਪ੍ਰਧਾਨ ਮੇਜਰ ਸਿੰਘ ਖਾਲਸਾ, ਜਰਨਲ ਸਕੱਤਰ ਲਛਮਣ ਸਿੰਘ, ਖਜ਼ਾਨਚੀ ਜਗਸੀਰ ਸਿੰਘ, ਕੁਲਜੀਤ ਸਿੰਘ, ਗੁਰਚਰਨ ਸਿੰਘ ਤੇ ਮਿਸਤਰੀ ਰਾਜ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਲੰਗਰ ਹਾਲ ਦੇ ਨਿਰਮਾਣ ਕਾਰਜ ਉੱਪਰ ਕਰੀਬ 16 ਲੱਖ ਰੁਪਏ ਦੇ ਖਰਚੇ ਦਾ ਅਨੁਮਾਨ ਹੈ, ਜਿਸ ਵਿੱਚ ਨਗਰ ਦੇ 'ਦਾਊ ਕੇ' ਪਰਿਵਾਰ ਦੇ ਸੁਰਿਦਰ ਸਿੰਘ (ਸੈਮ ਸਿੱਧੂ) ਯੂ. ਐੱਸ. ਏ., ਜਗਵਿੰਦਰ ਸਿੰਘ ਸਿੱਧੂ ਤੇ ਉਨ੍ਹਾਂ ਦੀ ਧਰਮ ਪਤਨੀ ਪ੍ਰਦੀਪ ਕੌਰ ਸਿੱਧੂ ਕੈਨੇਡੀਅਨ ਬੀਬੀ ਸੁਰਿਦਰ ਕੌਰ ਭੁੱਲਰ ਤੇ ਉਨ੍ਹਾਂ ਦੇ ਪਤੀ ਡਾ. ਗੁਰਦਿੱਤ ਸਿੰਘ ਭੁੱਲਰ ਵੱਲੋਂ ਆਪਣੇ ਪਿਤਾ ਸਵ: ਕਰਨੈਲ ਸਿੰਘ ਸਿੱਧੂ ਤੇ ਮਾਤਾ ਸਵ: ਮਹਿੰਦਰ ਕੌਰ ਸਿੱਧੂ ਅਤੇ ਸਵ: ਜੋਗਿੰਦਰ ਕੌਰ ਸਿੱਧੂ ਪਤਨੀ ਸੈਮ ਸਿੱਧੂ ਦੀ ਯਾਦ ਵਿੱਚ 8 ਲੱਖ ਰੁਪਏ ਦਾ ਯੋਗਦਾਨ ਪਾਇਆ ਗਿਆ ਹੈ। ਬਾਕੀ ਦੀ ਸੇਵਾ ਲਈ ਪ੍ਰਬੰਧਕੀ ਕਮੇਟੀ ਨੇ ਐੱਨ. ਆਰ. ਆਈ. ਵੀਰਾਂ ਤੇ ਸਮੂਹ ਨਗਰ ਵਾਸੀਆਂ ਨੂੰ ਸਹਿਯੋਗ ਦੀ ਅਪੀਲ ਕੀਤੀ ਹੈ।

ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦਾ ਜ਼ਿਲ੍ਹਾ ਮੋਗਾ ਦਾ ਡੈਲੀਗੇਟ ਅਜਲਾਸ ਸੰਪੰਨ

■ ਹਰਪ੍ਰੀਤ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਪ੍ਰਧਾਨ ਤੇ ਸਵਰਾਜ ਖੋਸਾ ਬਣੇ ਜ਼ਿਲ੍ਹਾ ਸਕੱਤਰ

ਮੋਗਾ : ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਏ ਆਈ ਐੱਸ ਐੱਫ) ਜਿਲ੍ਹਾ ਮੋਗਾ ਦਾ ਜਿਲ੍ਹਾ ਡੈਲੀਗੇਟ ਅਜਲਾਸ ਸਥਾਨਕ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਕੀਤਾ ਗਿਆ, ਜਿਸ 'ਚ ਜਿਲ੍ਹੇ ਭਰ ਦੇ ਵੱਖ-ਵੱਖ ਵਿੱਦਿਅਕ ਅਦਾਰਿਆਂ 'ਚੋਂ ਚੁਣੇ ਹੋਏ ਡੈਲੀਗੇਟ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਡੈਲੀਗੇਟ ਅਜਲਾਸ ਦੀ ਪ੍ਰਧਾਨਗੀ ਜ਼ਿਲ੍ਹਾ ਵਿਦਿਆਰਥੀ ਆਗੂ ਹਰਪ੍ਰੀਤ ਨਿਹਾਲ ਸਿੰਘ ਵਾਲਾ, ਲੜਕੀਆਂ ਦੀ ਸੂਬਾਈ ਆਗੂ ਨਵਜੋਤ ਬਿਲਾਸਪੁਰ, ਜਸ਼ਨੀਦਕਮਲ ਧਾਲੀਵਾਲ ਤੇ ਗੁਰਵਿੰਦਰ ਖੋਸਾ ਨੇ ਕੀਤੀ। ਇਸ ਮੌਕੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਕੌਮੀ ਕਨਵੀਨਰ ਕਰਮਵੀਰ ਬੱਧਨੀ ਤੇ ਸੂਬਾ ਪ੍ਰਧਾਨ ਲਵਪ੍ਰੀਤ ਮਾੜੀਮੇਘਾ ਬਤੌਰ ਅਬਜ਼ਰਵਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਜਥੇਬੰਦੀ ਦਾ ਝੰਡਾ ਲਹਿਰਾਉਣ ਦੀ ਰਸਮ ਸੂਬਾ ਪ੍ਰਧਾਨ ਲਵਪ੍ਰੀਤ ਮਾੜੀਮੇਘਾ ਵੱਲੋਂ ਅਦਾ ਕੀਤੀ ਗਈ। ਉਹਨਾ ਇਸ ਡੈਲੀਗੇਟ ਅਜਲਾਸ ਦਾ ਉਦਘਾਟਨ ਕਰਦਿਆਂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਤੁਹਾਨੂੰ ਮਾਣ ਹੋਣਾ ਚਾਹੀਦਾ ਹੈ ਕਿ ਦੇਸ਼ ਦੀ ਸਭ ਤੋਂ ਪਹਿਲੀ ਜਥੇਬੰਦੀ ਦੇ ਜ਼ਿਲ੍ਹਾ ਅਜਲਾਸ ਦਾ ਤੁਸੀਂ ਹਿੱਸਾ ਬਣੇ ਹੋ। ਉਹਨਾ ਜਥੇਬੰਦੀ ਦੇ ਇਤਿਹਾਸ 'ਤੇ ਚਾਨਣਾ ਪਾਉਂਦੇ ਕਿਹਾ ਕਿ ਇਸ ਵਿਦਿਆਰਥੀ ਜਥੇਬੰਦੀ ਨੇ ਆਪਣੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਜਿਥੇ ਵਿਦਿਆਰਥੀ ਹਿੱਤਾਂ ਲਈ ਸਰਗਰਮੀ ਕੀਤੀ ਹੈ, ਉਥੇ ਦੇਸ਼ ਨੂੰ ਅਜ਼ਾਦ ਕਰਵਾਉਣ ਦੀ ਲੜਾਈ 'ਚ ਵੀ ਵਧ-ਚੜ੍ਹ ਕੇ ਹਿੱਸਾ ਲਿਆ ਹੈ ਅਤੇ ਅੱਜ ਵੀ ਮੈਦਾਨ 'ਚ ਹੈ। ਇਸ ਮੌਕੇ ਰੁਜ਼ਗਾਰ ਪ੍ਰਾਪਤੀ ਮੁਹਿਮ ਜਿਲ੍ਹਾ ਮੋਗਾ ਦੇ ਮੁੱਖ ਸਲਾਹਕਾਰ ਤੇ ਜਥੇਬੰਦੀ ਦੇ ਜਿਲ੍ਹਾ ਇੰਚਾਰਜ ਕੁਲਦੀਪ ਭੋਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਭਾਰਤ ਦੀ ਪਹਿਲੀ ਵਿਦਿਆਰਥੀ ਜਥੇਬੰਦੀ ਹੈ, ਜਿਸ ਨੇ ਦੇਸ਼ ਨੂੰ ਬਿਹਤਰੀਨ ਲੀਡਰ ਤੇ ਮਹਾਨ ਸ਼ਖਸੀਅਤਾਂ ਪੈਦਾ ਕਰਕੇ ਦਿੱਤੀਆਂ ਹਨ, ਜਿਨ੍ਹਾਂ ਸਮਾਜ ਨੂੰ ਖੁਸ਼ਹਾਲ ਬਣਾਉਣ ਵਾਸਤੇ ਯੋਗਦਾਨ ਪਾਇਆ। ਏ ਆਈ ਐੱਸ ਐੱਫ ਆਪਣੀ ਭਰਾਤਰੀ ਜਥੇਬੰਦੀ ਨਾਲ ਮਿਲਕੇ ਪਿਛਲੇ ਲੰਮੇ ਸਮੇਂ ਤੋਂ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ (ਬਨੇਗਾ) ਬਣਾਉਣ ਲਈ ਦੇਸ਼ ਪੱਧਰ 'ਤੇ ਸੰਘਰਸ਼ ਕਰ ਰਹੀ ਹੈ। ਸਾਬਕਾ ਕੌਮੀ ਗਰਲਜ਼ ਕਨਵੀਨਰ ਕਰਮਵੀਰ ਬੱਧਨੀ ਨੇ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ-2020 ਰਾਹੀਂ ਸਿੱਖਿਆ ਦਾ ਨਿੱਜੀਕਰਨ ਕਰਕੇ ਚੰਦ ਲੋਕਾਂ ਨੂੰ ਪੜ੍ਹਨ ਤੱਕ ਸੀਮਤ ਕੀਤਾ ਜਾ ਰਿਹਾ ਹੈ, ਜਿਹੜੀ ਕਿ ਆਪਣੇ ਆਪ 'ਚ ਵਿਦਿਆਰਥੀ ਵਿਰੋਧੀ ਨੀਤੀ ਹੈ, ਜਿਸ ਦੇ ਖਿਲਾਫ ਵਿਦਿਆਰਥੀਆਂ ਦਾ ਲਾਮਬੰਦ ਹੋਣਾ ਸਮੇਂ ਦੀ ਲੋੜ ਹੈ। ਆਸ ਹੈ ਕਿ ਨਵੀਂ ਟੀਮ ਜ਼ਿਲ੍ਹੇ ਦੇ ਵਿਦਿਅਕ ਅਦਾਰਿਆਂ 'ਚ ਸਰਗਰਮੀ ਕਰਕੇ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਅਤੇ ਵਿਦਿਆਰਥੀ ਹਿੱਤਾਂ ਦੀ ਰਾਖੀ ਕਰੇਗੀ। ਇਸ ਸਮੇਂ ਸਵਰਾਜ ਖੋਸਾ ਦੁਆਰਾ ਪੁਰਾਣੀ ਕੌਂਸਲ ਦੁਆਰਾ ਤਿਆਰ ਕੰਮਾਂ ਦੀ ਰਿਪੋਰਟ ਪੜ੍ਹੀ ਗਈ, ਜਿਸ ਨੂੰ ਬਹਿਸ ਤੇ ਵਾਧੇ

28-August-PAGE-3.qxd 8/27/2023 10:28 PM Page 1

ਸਾਡੀ ਸਰਕਾਰ ਨੇ ਅਧਿਆਪਕਾਂ ਦੇ ਨਾਂਅ ਅੱਗਿਓਂ ਕੱਚਾ ਸ਼ਬਦ ਹਮੇਸ਼ਾ ਲਈ ਹਟਾਇਆ : ਧਾਲੀਵਾਲ

ਪੱਕੇ ਹੋਏ ਅਧਿਆਪਕਾਂ ਨੇ ਧਾਲੀਵਾਲ ਨੂੰ ਕੀਤਾ ਸਨਮਾਨਤ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ) - ਮੁੱਖ ਮੰਤਰੀ ਪੰਜਾਬ ਸ: ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ ਨੂੰ ਹਰ ਹਾਲ ਵਿੱਚ ਪੂਰਾ ਕੀਤਾ ਜਾਵੇਗਾ ਅਤੇ ਸਰਕਾਰ ਨੇ ਇਸ ਕੰਮ ਦੀ ਸ਼ੁਰੂਆਤ ਆਪਣੇ ਪਹਿਲੇ ਦਿਨ ਤੋਂ ਹੀ ਕਰ ਦਿੱਤੀ ਸੀ, ਜਿਸ ਵਿੱਚ ਬਿਜਲੀ ਮਾਫ਼ੀ ਦੀ ਗਰੰਟੀ, ਨੌਜਵਾਨਾਂ ਨੂੰ ਰੋਜ਼ਗਾਰ ਦੇਣਾ ਜਾਂ ਕੱਚੇ ਮੁਲਾਜਮਾਂ ਨੂੰ ਪੱਕਾ ਪਕਿਆਂ ਕਰਨਾ ਸ਼ਾਮਲ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ ਕੁਲਦੀਪ ਸਿੰਘ ਧਾਲੀਵਾਲ ਨੇ ਅਧਿਆਪਕਾਂ ਵੱਲੋਂ ਪੱਕੇ ਹੋਣ ਦੀ ਖੁਸ਼ੀ ਰੱਖੇ ਸਨਮਾਨ ਸਮਾਗਮ ਦੌਰਾਨ ਕੀਤਾ। ਅੱਜ ਕੈਬਨਿਟ ਮੰਤਰੀ ਨੂੰ ਐਸੋਸੀਏਟ ਅਧਿਆਪਕ, ਐਸੋਸੀਏਟ ਪ੍ਰੀ ਪ੍ਰਾਇਮਰੀ ਅਧਿਆਪਕ ਅਤੇ ਸਹਾਇਕ ਅਧਿਆਪਕ ਯੂਨੀਅਨ ਵੱਲੋਂ ਅਜਨਾਲਾ ਵਿਖੇ ਵਿਸੇਸ ਸਮਾਗਮ ਦੌਰਾਨ ਸਨਮਾਨ ਦਿੱਤਾ ਗਿਆ। ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਨੇ ਅਧਿਆਪਕ ਦੇ ਨਾਂਅ ਅਗਿਓਂ ਕੱਚਾ ਸ਼ਬਦ ਹਮੇਸ਼ਾ ਲਈ ਮਿੱਟਾ ਦਿੱਤਾ ਹੈ। ਉਨਾਂ ਕਿਹਾ ਕਿ ਇਸ ਫੈਸਲੇ ਅਨੁਸਾਰ ਅਧਿਆਪਕ ਹੁਣ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰਨਗੇ ਅਤੇ ਜੇਕਰ ਅਧਿਆਪਕਾਂ ਦਾ ਭਵਿੱਖ ਸੁਰੱਖਿਅਤ ਹੈ ਤਾਂ ਹੀ ਉਹ ਵਿਦਿਆਰਥੀਆਂ ਦੀ ਕਿਸਮਤ ਬਦਲ ਸਕਦੇ ਹਨ। ਉਨਾਂ ਨੇ ਕਿਹਾ ਕਿ ਸਾਡੀ ਸਰਕਾਰ ਮੁਲਾਜਮਾਂ ਦੀ ਸਮੱਸਿਆ ਦੇ ਹੱਲ ਲਈ ਵਚਨਬੱਧ ਹੈ। ਕੈਬਨਿਟ ਮੰਤਰੀ ਨੇ ਦਸਿਆ ਕਿ ਸਿੱਖਿਆ ਵਿਭਾਗ ਅਧੀਨ ਕੰਮ ਕਰ ਰਹੇ 12710 ਠੇਕਾ ਆਧਾਰਿਤ ਅਧਿਆਪਕਾਂ ਨੂੰ ਰੈਗੂਲਰ ਨਿਯੁਕਤੀ ਪੱਤਰ ਦੇ ਕੇ ਅਧਿਆਪਕ ਵਰਗਾ ਨਾਲ ਕੀਤਾ ਗਿਆ ਵਾਅਦਾ ਪੂਰਾ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਇਸ ਨਾਲ ਅਧਿਆਪਕਾਂ ਦੀ ਤਨਖਾਹ ਵਿੱਚ ਵਾਧਾ ਹੋਵੇਗਾ। ਇਸ ਮੌਕੇ ਪੱਕੇ ਹੋਣ ਵਾਲੇ ਅਧਿਆਪਕਾਂ ਇਕ ਸੁਰ ਵਿੱਚ ਕਿਹਾ ਕਿ ਅਸੀਂ ਪੰਜਾਬ ਸਰਕਾਰ ਦੇ ਬਹੁਤ ਧੰਨਵਾਦੀ, ਹਾਂ ਜਿਨਾਂ ਨੇ ਪਿਛਲੇ ਕਾਫ਼ੀ ਸਮੇਂ ਤੋਂ ਸਾਡੀ ਲਟਕਦੀ ਆ ਰਹੀ ਮੰਗ ਨੂੰ ਪੂਰਾ ਕਰਕੇ ਸਾਡਾ ਭਵਿੱਖ ਸੁਰੱਖਿਅਤ ਕੀਤਾ ਹੈ।

ਧਨੋਆ ਵੱਲੋਂ ਫੇਜ਼ 3 ਏ 'ਚ ਗਿੱਲੇ ਕੂੜੇ ਤੋਂ ਕੰਪੋਸਟ/ਆਰਗੈਨਿਕ ਖਾਦ ਬਣਾਉਣ ਵਾਲੇ ਸਿਸਟਮ ਦਾ ਦੌਰਾ

ਚੰਡੀਗੜ੍ਹ (ਗੁਰਜੀਤ ਥਿੱਲਾ)-ਕਾਰਪੋਰੇਸ਼ਨ ਵੱਲੋਂ ਫੇਜ਼ 3ਏ ਦੇ ਪਾਰਕ ਵਿੱਚ ਬਣਾਏ ਗਏ ਗਿੱਲੇ ਕੂੜੇ ਤੋਂ ਕੰਪੋਸਟ/ਆਰਗੈਨਿਕ ਖਾਦ ਬਣਾਉਣ ਵਾਲੇ ਸਿਸਟਮ ਨੂੰ ਸਾਬਕਾ ਕੌਂਸਲਰ ਅਤੇ ਉੱਘੇ ਸਮਾਜ ਸੇਵੀ ਸਤਵੀਰ ਸਿੰਘ ਧਨੋਆ ਵੱਲੋਂ ਵੇਖ ਕੇ ਆਪਣੇ ਵਿਚਾਰ ਦਿੱਤੇ

ਗਏ। ਉਨ੍ਹਾਂ ਕਿਹਾ ਕਿ ਇਹ ਸਿਸਟਮ ਬਹੁਤ ਵਧੀਆ ਢੰਗ ਨਾਲ ਬਣਾਇਆ ਗਿਆ ਹੈ ਅਤੇ ਬਹੁਤ ਵਧੀਆ ਢੰਗ ਨਾਲ ਇਹ ਕੰਮ ਵੀ ਕਰ ਰਿਹਾ ਹੈ। ਉਨ੍ਹਾ ਉਮੀਦ ਪ੍ਰਗਟ ਕੀਤੀ ਕਿ ਅੱਗੇ ਤੋਂ ਸ਼ਹਿਰਾਂ ਵਿੱਚ ਦਿਖਣ ਵਾਲੇ ਵੱਡੇ ਵੱਡੇ ਕੂੜੇ ਦੇ ਪਹਾੜ ਨਹੀਂ ਦਿਸਣਗੇ, ਸਗੋਂ ਇਸੇ ਸਿਸਟਮ ਨਾਲ ਉਨ੍ਹਾ ਬਣੇ ਹੋਏ ਪਹਾੜਾਂ ਨੂੰ ਵੀ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਉੱਥੇ ਕੰਮ ਕਰਨ ਵਾਲੇ ਕਰਮਚਾਰੀਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਕਿਹਾ ਕਿ ਸਾਰਾ ਕਾਰਪੋਰੇਸ਼ਨ ਸਟਾਫ ਇਸ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਲਈ ਜੁਟਿਆ ਹੋਇਆ ਹੈ ਜੋ ਕਿ ਸਾਡੇ ਵਾਤਾਵਰਣ ਦੀ ਸੰਭਾਲ ਵਿੱਚ ਇਹ ਇੱਕ ਵਧੀਆ ਕਦਮ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਹੀ ਇਸ ਖੇਤਰ ਵਿੱਚ ਅੱਗੇ ਆ ਕੇ ਕੰਮ ਕਰਨਾ ਚਾਹੀਦਾ ਹੈ। ਆਮ ਲੋਕਾਂ ਦੇ ਸਹਿਯੋਗ ਤੋਂ ਬਿਨਾ ਕੋਈ ਸਰਕਾਰ ਜਾਂ ਸਿਸਟਮ ਕਾਮਯਾਬ ਨਹੀਂ ਹੋ ਸਕਦਾ ਹੈ। ਇਸ ਲਈ ਸਾਨੂੰ ਸਭ ਨੂੰ ਆਪਣੀ ਸਫਾਈ ਆਪ ਕਰਨ ਦੀ ਆਦਤ ਪਾਉਣੀ ਚਾਹੀਦੀ ਹੈ। ਆਪਣੇ ਘਰਾਂ ਦਾ ਗਿੱਲਾ ਕੂੜਾ ਅਤੇ ਸੁੱਕਾ ਕੂੜਾ ਵੱਖੋ ਵੱਖਰੇ ਕਰਕੇ ਗਾਰਬੇਜ ਕੁਲੈਕਟਰ ਨੂੰ ਦੇਣਾ ਚਾਹੀਦਾ ਹੈ। ਇਸ ਲਈ ਗਿੱਲੇ ਕੂੜੇ ਅਤੇ ਸੁੱਕੇ ਕੂੜੇ ਲਈ ਅੱਡ ਅੱਡ ਕੂੜੇਦਾਨਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾ ਅੱਗੇ ਕਿਹਾ ਕਿ ਇਸ ਕੂੜੇ ਨੂੰ ਜੇਕਰ ਲੋਕ ਚਾਹੁਣ ਤਾਂ ਘਰਾਂ ਵਿੱਚ ਹੀ ਕੰਪੋਸਟ ਖਾਦ ਬਣਾ ਕੇ ਵਰਤ ਸਕਦੇ ਹਨ । ਇਸ ਸੰਬੰਧੀ ਜੇਕਰ ਕੋਈ ਜਾਣਕਾਰੀ ਲੋੜੀਂਦੀ ਹੋਵੇ ਤਾਂ ਸੰਪਰਕ ਕਰ ਕੇ ਉਨ੍ਹਾਂ ਕੋਲੋਂ ਇਸ ਸੰਬੰਧ ਵਿੱਚ ਜਾਣਕਾਰੀ ਲਈ ਜਾ ਸਕਦੀ ਹੈ। ਜੇਕਰ ਅਸੀਂ ਚਾਹੁੰਦੇ ਹਾਂ ਕਿ ਸਾਡਾ ਸ਼ਹਿਰ ਬਾਹਰਲੇ ਮੁਲਕਾਂ ਦੇ ਸ਼ਹਿਰਾਂ ਵਾਂਗ ਸਾਫ ਸੁਥਰਾ ਹੋਵੇ ਤਾਂ ਸਾਨੂੰ ਉਨ੍ਹਾਂ ਦੇਸ਼ਾਂ ਦੇ ਲੋਕਾਂ ਵਾਂਗ ਹੀ ਵਿਚਰਨਾ ਹੋਵੇਗਾ, ਉਨ੍ਹਾਂ ਲੋਕਾਂ ਵਾਂਗ ਹੀ ਸਫਾਈ ਪ੍ਰਤੀ ਜਾਗਰੂਕ ਹੋਣਾ ਪਵੇਗਾ ਅਤੇ ਹੋਰਾਂ ਨੂੰ ਵੀ ਕਰਨਾ ਪਵੇਗਾ। ਇਸ ਮੌਕੇ ਰਜਿੰਦਰ ਸਿੰਘ ਸੀ ਐੱਸ ਆਈ, ਜਗਗੂਪ ਸਿੰਘ ਐੱਸ ਆਈ, ਬਿੱਟੂ ਬਿਡਲਾ ਸੈਨੇਟਰੀ ਸੁਪਰਵਾਈਜ਼ਰ, ਪਵਨ ਗੁਡਿਆਲ ਸਟੇਟ ਜਨਰਲ ਸਕੱਤਰ-ਪੰਜਾਬ ਸਫਾਈ ਮਜ਼ਦੂਰ ਫੈੱਡਰੇਸ਼ਨ, ਰਾਕੇਸ਼ ਕੁਮਾਰ ਸਫਾਈ ਸੇਵਾ ਅਤੇ ਹੋਰ ਵਰਕਰ ਅਤੇ ਸਟਾਫ ਵੱਡੀ ਗਿਣਤੀ ਵਿੱਚ ਹਾਜ਼ਰ ਸੀ।

ਡੇਂਗੂ ਦੇ ਲੱਛਣ ਹੋਣ 'ਤੇ ਡਾਕਟਰੀ ਸਲਾਹ ਨਾਲ ਹੀ ਦਵਾਈ ਲਈ ਜਾਵੇ : ਡਾ. ਗੌਤਮ

ਬਹਿਰਾਮਪੁਰ/ਗੁਰਦਾਸਪੁਰ, (ਦਿਨੇਸ਼ ਕੁਮਾਰ) ਸਿਵਲ ਸਰਜਨ ਗੁਰਦਾਸਪੁਰ ਡਾਕਟਰ ਹਰਭਜਨ ਰਾਮ ਮਾਂਡੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਐੱਸ ਐੱਮ ਓ ਜਤਿੰਦਰਪਾਲ ਸਿੰਘ ਜੀ ਦੀ ਅਗਵਾਈ ਹੇਠ ਬਲਾਕ ਦੋਰਾਂਗਲਾ ਅਧੀਨ ਬਸ ਸਟੇਂਡ, ਸਰਕਾਰੀ , ਜਨਤਕ ਥਾਵਾਂ ਆਦਿ ਵਿਚ ਸਿਹਤ ਵਿਭਾਗ ਦੀ ਟੀਮ ਵੱਲੋਂ ਡੇਂਗੂ ਫੀਵਰ ਸਰਵੇ ਤੇ ਲਾਰਵਾ ਚੈਂਕਿੰਗ ਕੀਤਾ ਗਿਆ।

ਬਸ ਸਟੈਂਡ ਦੋਰਾਂਗਲਾ ਵਿਖੇ ਮੈਡੀਕਲ ਅਫਸਰ ਡਾ. ਗੌਤਮ, ਡਾ. ਨਵਇੰਦਰ ਸਿੰਘ, ਹੈਲਥ ਇੰਸਪੈਕਟਰ ਜੈਪਾਲ ਸਿੰਘ, ਐਮ ਪੀ ਐਚ ਡਬਲਓ ਸਤਨਾਮ ਸਿੰਘ ਆਦਿ ਵਲੋ ਚੈਕਿੰਗ ਕੀਤੀ ਗਈ। ਸਥਾਨਕ ਲੋਕਾਂ ਨੂੰ ਡੇਂਗੂ ਮਲੇਰੀਆ ਆਦਿ ਸੰਬੰਧੀ ਜਾਗਰੁਕ ਕੀਤਾ ਗਿਆ।

ਜਿਥੇ ਡੇਂਗੂ ਲਾਰਵਾ ਪਾਇਆ ਗਿਆ। ਇਸ ਲਾਰਵਾ ਨੂੰ ਨਸ਼ਟ ਕੀਤਾ ਗਿਆ। ਹਾਜਰ ਮੈਂਬਰਾਂ ਨੂੰ ਸਮਝਾਇਆ ਗਿਆ ਕਿ ਕਿਤੇ ਵੀ ਪਾਣੀ ਖੜਾ ਨਾ ਹੋਣ ਦਿਤਾ ਜਾਵੇ, ਕਿਉਂਕਿ ਇਸ ਵਿੱਚ ਮੱਛਰ ਦਾ ਲਾਰਵਾ ਪੈਦਾ ਹੁੰਦਾ ਹੈ। ਡੇਂਗੂ ਦੇ ਲਛਣ ਹੋਣ ਤੇ ਡਾਕਟਰ ਦੀ ਸਲਾਹ ਨਾਲ ਹੀ ਦਵਾਈ ਲ਼ਈ ਜਾਵੇ। ਸਰੀਰਕ ਥਕਾਵਟ, ਬੁਖਾਰ ਆਦਿ ਹੌਣ ਤੇ ਤੁਰੰਤ ਡੇਂਗੂ ਟੈਸਟ ਕਰਵਾਇਆ ਜਾਵੇ।

ਉੱਤਰਾਖੰਡ ਦੇ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਉੱਤਰਾਖੰਡ ਦੇ ਰਾਜਪਾਲ ਲੈਫਟੀਨੈਂਟ ਜਨਰਲ ਸ. ਗੁਰਮੀਤ ਸਿੰਘ ਨੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸੂਚਨਾ ਕੇਂਦਰ ਵਿਖੇ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ, ਅੰਤ੍ਰਿੰਗ ਮੈਂਬਰ ਸ. ਸ਼ੇਰ ਸਿੰਘ ਮੰਡ ਵਾਲਾ, ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਕੇਵਲ ਸਿੰਘ ਬਾਦਲ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਆਪਣੀਆਂ ਭਾਵਨਾਵਾਂ ਪ੍ਰਗਟ ਕਰਦਿਆਂ ਸ. ਗੁਰਮੀਤ ਸਿੰਘ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨੇ ਉਨ੍ਹਾਂ ਲਈ ਖੁਸ਼ਹਾਲ ਅਤੇ ਮੁਬਾਰਕ ਪਲ ਹਨ। ਉਹ ਅੱਜ ਉਤਰਾਖੰਡ ਦੀ ਖੁਸ਼ਹਾਲੀ ਲਈ ਗੁਰੂ ਸਾਹਿਬ ਦੇ ਚਰਨਾਂ ਵਿਚ ਅਰਦਾਸ ਕਰਨ ਲਈ ਪੁੱਜੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਪਿਛੋਕੜ ਅੰਮ੍ਰਿਤਸਰ ਜ਼ਿਲ੍ਹੇ ਨਾਲ ਹੋਣ ਕਰਕੇ ਉਨ੍ਹਾਂ ਦਾ ਬਚਪਨ ਇਥੇ ਹੀ ਬੀਤਿਆ ਅਤੇ ਵਾਹਿਗੁਰੂ ਦੇ ਆਸ਼ੀਰਵਾਦ ਸਦਕਾ ਉਹ ਫ਼ੌਜ ਵਿਚ ਉੱਚ ਅਹੁਦੇ ਤੱਕ ਪਹੁੰਚੇ ਅਤੇ ਅੱਜ ਉਤਰਾਖੰਡ ਦੇ ਗਵਰਨਰ ਦੀਆਂ ਸੇਵਾਵਾਂ ਨਿਭਾਅ ਰਹੇ ਹਨ। ਉਹ ਵਾਹਿਗੁਰੂ ਦਾ ਸ਼ੁਕਰਾਨਾ ਕਰਨ ਲਈ ਆਪਣੇ ਪਰਿਵਾਰ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹੁੰਚੇ ਹਨ। ਸ. ਗੁਰਮੀਤ ਸਿੰਘ ਨੇ ਕਿਹਾ ਕਿ ਉਤਰਾਖੰਡ ਵਿਚ ਕਈ ਇਤਿਹਾਸਕ ਅਸਥਾਨ ਸਥਿਤ ਹਨ ਅਤੇ ਉਨ੍ਹਾਂ ਦੇ ਮਨ ਦੀ ਇੱਛਾ ਹੈ ਕਿ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਧ ਤੋਂ ਵੱਧ ਇਨ੍ਹਾਂ ਅਸਥਾਨਾਂ ਦੇ ਦਰਸ਼ਨ ਕਰਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਸ. ਗੁਰਮੀਤ ਸਿੰਘ ਦੇਸ਼ ਦੀ ਫ਼ੌਜ ਵਿਚ ਉੱਚ ਅਹੁਦੇ 'ਤੇ ਰਹੇ ਅਤੇ ਅੱਜ ਉਤਰਾਖੰਡ ਵਿਚ ਬਤੌਰ ਗਵਰਨਰ ਸੇਵਾਵਾਂ ਨਿਭਾਅ ਰਹੇ ਹਨ। ਭਾਈ ਗਰੇਵਾਲ ਨੇ ਕਿਹਾ ਕਿ ਸਿੱਖ ਧਰਮ ਨਾਲ ਸਬੰਧਤ ਗੁਰਦੁਆਰਾ ਗਿਆਨ ਗੋਦੜੀ ਦਾ ਮਾਮਲਾ ਸਿੱਖ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ, ਜਿਸ ਸਬੰਧੀ ਪਹਿਲਾਂ ਵੀ ਰਾਜਪਾਲ ਜੀ ਨਾਲ ਸਿੱਖ ਵਫ਼ਦ ਨੇ ਮੁਲਾਕਾਤ ਕੀਤੀ ਸੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਸਬੰਧੀ ਅਦਾਲਤ ਵਿਚ ਵੀ ਕੇਸ ਲੜਿਆ ਜਾ ਰਿਹਾ ਹੈ। ਸ. ਗੁਰਮੀਤ ਸਿੰਘ ਨੇ ਜਾਤੀ ਤੌਰ 'ਤੇ ਇਸ ਮਾਮਲੇ ਦੇ ਹੱਲ ਲਈ ਵੀ ਵਿਚਾਰ ਸਾਂਝੇ ਕੀਤੇ ਹਨ, ਜਿਸ ਦਾ ਅਸੀਂ ਧੰਨਵਾਦ ਕਰਦੇ ਹਾਂ। ਇਸ ਮੌਕੇ ਗਵਰਨਰ ਸ. ਗੁਰਮੀਤ ਸਿੰਘ ਦੀ ਪਤਨੀ ਸ੍ਰੀਮਤੀ ਗੁਰਮੀਤ ਕੌਰ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ ਤੇ ਹੋਰ ਮੌਜੂਦ ਸਨ।

ਚੋਰੀ ਦੀ ਐਕਟਿਵਾ ਤੇ ਤਿੰਨ ਮੋਟਰਸਾਈਲਾਂ ਸਮੇਤ ਵਿਅਕਤੀ ਕਾਬੂ

ਮਜੀਠਾ (ਸੋਇਮ ਆਨੰਦ)- ਪੁਲਸ ਥਾਣਾ ਮਜੀਠਾ ਪੁਲਸ ਨੇ ਚੋਰੀ ਦੀ ਇੱਕ ਐਕਟਿਵਾ ਤੇ ਤਿੰਨ ਸਪਲੈਂਡਰ ਮੋਟਰਸਾਈਕਲਾਂ ਸਮੇਤ ਇੱਕ ਵਿਅਕਤੀ ਨੂੰ ਹਿਰਾਸਤ 'ਚ ਲੈਣ ਦਾ ਸਮਾਚਾਰ ਹੈ। ਪੁਲਸ ਥਾਣਾ ਮਜੀਠਾ ਦੇ ਐੱਸਐੱਚਓ ਇੰਸਪੈਕਟਰ ਬਲਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਤਿੰਦਰ ਸਿੰਘ ਐੱਸਐੱਸਪੀ ਅਮ੍ਰਿਤਸਰ ਦਿਹਾਤੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਕਵਲਪ੍ਰੀਤ ਸਿੰਘ ਡੀਐੱਸਪੀ ਮਜੀਠਾ ਦੀ ਅਗਵਾਈ 'ਚ ਥਾਣਾ ਪੁਲਸ ਥਾਣਾਂ ਮਜੀਠਾ ਦੀ ਪੁਲਸ ਨੇ ਪਿੰਡ ਵਡਾਲਾ ਦੇ ਵਸਨੀਕ ਜਸਪ੍ਰੀਤ ਸਿੰਘ ਉਰਫ ਹੈਪੀ ਪੁੱਤਰ ਚਮਨ ਸਿੰਘ ਉਰਫ ਚੀਮਾ ਨੂੰ ਚੋਰੀ ਦੀ ਇੱਕ ਐਕਟਿਵਾ ਤੇ ਤਿੰਨ ਸਪਲੈਂਡਰ ਮੋਟਰਸਾਈਕਲਾਂ ਸਮੇਤ ਹਿਰਾਸਤ 'ਚ ਲਿਆ ਹੈ ਜਦੋਂਕਿ ਚੋਰੀ ਦੀਆਂ ਵਾਰਦਾਤਾ 'ਚ ਸ਼ਾਮਲ ਇਸ ਦਾ ਇੱਕ ਸਾਥੀ ਬਾਬਾ ਕਰਨਲ ਉਰਫ ਕਰਨੈਲ ਪੁੱਤਰ ਬਲਦੇਵ ਸਿੰਘ ਵਾਸੀ ਵਡਾਲਾ ਜੋ ਪਹਿਲਾਂ ਹੀ ਜੇਲ 'ਚ ਹੈ ਅਤੇ ਦੂਜਾ ਚੋਰੀ ਦੇ ਮੋਟਰਸਾਈਕਲ ਦੀ ਖ਼ੀਦ ਕਰਨ ਵਾਲਾ ਸ਼ਾਲੂ ਪੁੱਤਰ ਬਾਲਾ ਵਾਸੀ ਗੋਸਲ ਅਫਗਾਨਾ ਅਜੇ ਤੱਕ ਪੁਲਸ ਦੀ ਗ੍ਰਿਫਤ 'ਚੋਂ ਬਾਹਰ ਹੈ। ਐੱਸਐੱਚਓ ਨੇ ਦੱਸਿਆ ਕਿ ਬੀਤੇ ਦਿਨੀਂ ਨੂੰ ਪਿੰਡ ਜੇਠੂਨੰਗਲ ਦੇ ਵਸਨੀਕ ਅਰਸ਼ਦੀਪ ਸਿੰਘ ਪੁੱਤਰ ਸ਼ਰਮਾ ਸਿੰਘ ਨੇ ਬਿਆਨ ਦਰਜ ਕਰਾਉਂਦਿਆਂ ਦੱਸਿਆ ਸੀ ਕਿ ਉਹ ਪਿੰਡ ਨਾਗਕਲਾਂ ਕੁਆਲਿਟੀ ਫੈਕਟਰੀ ਦੇ ਬਾਹਰ ਆਪਣਾ ਮੋਟਰਸਾਇਕਲ ਨੰਬਰ ਪੀ ਬੀ 18,0731 ਲਗਾ ਕੇ ਅੰਦਰ ਗਿਆ ਤਾਂ ਜਦੋਂ ਉਸ ਨੇ ਬਾਹਰ ਆ ਕੇ ਵੇਖਿਆ ਤਾਂ ਉਸ ਦਾ ਮੋਟਰਸਾਈਕਲ ਚੋਰੀ ਹੋ ਚੁੱਕਾ ਸੀ। ਮੋਟਰਸਾਈਕਲ ਦੀ ਭਾਲ ਲਈ ਪੁਲਸ ਵਲੋਂ ਜਸਪ੍ਰੀਤ ਸਿੰਘ ਹੈਪੀ ਨੂੰ ਹਿਰਾਸਤ 'ਚ ਲੈ ਕੇ ਉਸ ਕੋਲੋਂ ਸਪਲੈਂਡਰ ਪੀਬੀ 81, 0731 ਸਮੇਤ ਇੱਕ ਐਕਟਿਵਾ ਨੰਬਰ ਪੀਬੀ 02 ਸੀਸੀ ਜੇਡ 8270 ਤੇ ਦੋ ਹੋਰ ਸਪਲੈਂਡਰ ਮੋਟਰਸਾਈਕਲ ਇੱਕ ਬਿਨਾਂ ਨੰਬਰੀ ਤੇ ਇੱਕ ਪੀਬੀ 02, ਡੀ.ਸੀ. 8591 ਚੋਰੀ ਕੀਤੇ ਵਾਹਨ ਬਰਾਮਦ ਕੀਤੇ ਗਏ ਹਨ।

ਧੁੱਸੀ ਬੰਨ੍ਹ 'ਤੇ ਫ੍ਰੀ ਦਵਾਈਆਂ ਦਾ ਕੈਂਪ ਨਿਰੰਤਰ ਜਾਰੀ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਬੀਤੇ ਦਿਨੀਂ ਪਿੰਡ ਘੜੂੰਮ ਤੇ ਬਸਤੀ ਲਾਲ ਲਾਗਿਓਂ ਧੁੱਸੀ ਬੰਨ੍ਹ 'ਚ ਪਾੜ ਪੈਣ ਕਾਰਨ ਬੰਨ੍ਹ ਟੁੱਟ ਗਿਆ ਸੀ। ਬੰਨ੍ਹ ਬੰਨ੍ਹਣ ਦੀ ਸੇਵਾ ਆਮ ਲੋਕਾਂ ਦੇ ਸਹਿਯੋਗ ਨਾਲ ਬਾਬਾ ਸੁੱਖਾ ਸਿੰਘ ਸਰਹਾਲੀ ਸਾਹਿਬ ਵਾਲਿਆਂ ਸਮੇਤ ਦੂਰੋਂ ਨੇੜਿਓਂ ਸੰਗਤਾਂ ਵੱਲੋਂ ਆਪਣੀ ਹੈਸੀਅਤ ਮੁਤਾਬਕ ਯੋਗਦਾਨ ਪਾਇਆ ਜਾ ਰਿਹਾ ਹੈ। ਉਥੇ ਹੜ੍ਹਾਂ ਦੇ ਪਾਣੀ ਤੇਜ਼ ਗਰਮੀ ਕਾਰਨ ਬਿਮਾਰੀਆਂ ਤੋਂ ਬਚਾਉਣ ਲਈ ਮੈਡੀਕਲ ਪ੍ਰੈਕਟੀਸ਼ਨਰ ਐਸੋਈਸੇਸ਼ਨ ਪੰਜਾਬ ਬਲਾਕ ਪੱਟੀ ਅਤੇ ਬਲਾਕ ਵਲਟੋਹਾ ਵੱਲੋਂ ਲੋਕਾਂ ਦੀ ਸਹੂਲਤ ਲਈ ਫ੍ਰੀ ਮੈਡੀਕਲ ਕੈਂਪ ਚੱਲ ਰਿਹਾ। ਕੈਂਪ ਤੋਂ ਲੋਕ ਪੂਰਾ ਲਾਭ ਲੈ ਰਹੇ। ਮੈਡੀਕਲ ਕੈਂਪ ਡਾ. ਸੁਖਚੈਨ ਸਿੰਘ ਬੋਪਾ

28-Aug-PAGE-4.qxd 8/27/2023 11:00 PM Page 1

ਨਵਾਂ ਜ਼ਮਾਨਾ
ਸੋਮਵਾਰ, 28 ਅਗਸਤ 2023

ਨਵੇਂ ਯੁੱਗ ਦੀ ਸ਼ੁਰੂਆਤ

22 ਤੋਂ 24 ਅਗਸਤ ਤੱਕ ਦੱਖਣੀ ਅਫ਼ਰੀਕਾ ਦੇ ਜੌਹਨਸਬਰਗ ਵਿੱਚ ਬਰਿਕਸ ਦੇਸ਼ਾਂ ਦੇ ਕੌਮੀ ਸੰਮੇਲਨ ਨੇ ਇੱਕ ਨਵੀਂ ਵਿਸ਼ਵ ਵਿਵਸਥਾ ਦਾ ਮੁੱਢ ਬੰਨ੍ਹ ਦਿੱਤਾ ਹੈ। ਬਰਿੱਕ ਦੀ ਸ਼ੁਰੂਆਤ 16 ਜੂਨ 2009 ਨੂੰ ਰੂਸ ਵਿੱਚ ਚਾਰ ਦੇਸ਼ਾਂ ਬ੍ਰਾਜ਼ੀਲ, ਇੰਡੀਆ, ਰੂਸ ਤੇ ਚੀਨ ਦੀ ਮੀਟਿੰਗ ਵਿੱਚ ਹੋਈ ਸੀ। ਅਗਲੇ ਸਾਲ ਇਸ ਸੰਗਠਨ ਵਿੱਚ ਦੱਖਣੀ ਅਫ਼ਰੀਕਾ ਦੇ ਸ਼ਾਮਲ ਹੋਣ ਤੋਂ ਬਾਅਦ ਇਹ ਬਰਿੱਕ ਤੋਂ ਬਰਿਕਸ ਬਣ ਗਿਆ ਸੀ। ਹੁਣ ਹੋਏ ਸੰਮੇਲਨ ਵਿੱਚ ਇਸ ਦਾ ਵਿਸਥਾਰ ਕਰਕੇ 6 ਹੋਰ ਮੈਂਬਰ ਸ਼ਾਮਲ ਕੀਤੇ ਗਏ ਹਨ। ਇਹ ਹਨ: ਈਰਾਨ, ਸਾਊਦੀ ਅਰਬ, ਯੂ ਏ ਈ, ਮਿਸਰ, ਇਥੋਪੀਆ ਤੇ ਅਰਜਨਟਾਈਨਾ। ਅਗਲੇ ਸਾਲ ਰੂਸ ਵਿੱਚ ਹੋਣ ਵਾਲੇ ਮਹਾਂ ਸੰਮੇਲਨ ਵਿੱਚ ਹੋਰ ਦਸ ਦੇਸ਼ਾਂ ਨੂੰ ਮੈਂਬਰ ਲਏ ਜਾਣ ਦੀ ਚੀਨੀ ਮੀਡੀਏ ਨੇ ਪੁਸ਼ਟੀ ਕੀਤੀ ਹੈ। ਦੇਸ਼ਾਂ ਦੀ ਗਿਣਤੀ ਪੱਖੋਂ 11 ਮੈਂਬਰਾਂ ਦਾ ਇਹ ਸੰਗਠਨ ਭਾਵੇਂ ਛੋਟਾ ਲਗਦਾ ਹੋਵੇ, ਪਰ ਸਿਫ਼ਤੀ ਤੌਰ 'ਤੇ ਇਹ ਬਹੁਤ ਵੱਡਾ ਹੈ। ਇਨ੍ਹਾਂ ਦੇਸ਼ਾਂ ਅਧੀਨ ਦੁਨੀਆ ਦੀ 46 ਫ਼ੀਸਦੀ ਅਬਾਦੀ ਤੇ 36 ਫ਼ੀਸਦੀ ਜੀ ਡੀ ਪੀ ਆਉਂਦੀ ਹੈ। ਹੋਰ ਦੇਸ਼ਾਂ ਦੇ ਜੁੜਨ ਨਾਲ ਇਨ੍ਹਾਂ ਅੰਕੜਿਆਂ ਵਿੱਚ ਹੋਰ ਵਾਧਾ ਹੋ ਜਾਵੇਗਾ। ਇਸ ਸਮੇਂ ਇਸ ਸੰਗਠਨ ਦੇ ਮੈਂਬਰ ਬਣਨ ਲਈ 40 ਦੇਸ਼ ਚਾਹਵਾਨ ਹਨ।

ਇਹ ਉਹੋ ਵਿਕਾਸਸ਼ੀਲ ਦੇਸ਼ ਹਨ, ਜਿਹੜੇ ਪੱਛਮੀ ਦੇਸ਼ਾਂ ਦੇ ਪਹਿਲਾਂ ਗੁਲਾਮ ਰਹੇ ਤੇ ਫਿਰ ਸਾਮਰਾਜੀ ਲੁੱਟ ਦਾ ਸ਼ਿਕਾਰ ਬਣਦੇ ਆ ਰਹੇ ਹਨ। ਸੋਵੀਅਤ ਯੂਨੀਅਨ ਦੇ 1990 ਵਿੱਚ ਟੁੱਟ ਜਾਣ ਬਾਅਦ ਤਾਂ ਅਮਰੀਕੀ ਸਾਮਰਾਜੀਆਂ ਨੇ ਖੁੱਲ੍ਹ ਕੇ ਖੇਡਣਾ ਸ਼ੁਰੂ ਕਰ ਦਿੱਤਾ ਸੀ। ਆਪਣੇ ਬਗਲ ਬੱਚੇ ਸਾਊਦੀ ਅਰਬ ਰਾਹੀਂ 1973 ਵਿੱਚ ਇਹ ਐਲਾਨ ਕਰਾ ਕੇ ਕਿ ਅੱਗੇ ਤੋਂ ਉਹ ਆਪਣਾ ਤੇਲ ਤੇ ਗੈਸ ਅਮਰੀਕੀ ਡਾਲਰ ਵਿੱਚ ਹੀ ਵੇਚੇਗਾ, ਦੁਨੀਆ ਭਰ ਨੂੰ ਲੁੱਟਣ ਦਾ ਡਾਲਰ ਜ਼ਰੀਆ ਬਣ ਗਿਆ ਸੀ। ਹੁਣ ਇਹੋ ਸਾਊਦੀ ਅਰਬ ਬਰਿਕਸ ਦਾ ਮੈਂਬਰ ਬਣ ਚੁੱਕਾ ਹੈ। ਦੁਨੀਆ ਦੇ ਸਭ ਤੋਂ ਵੱਡੇ 9 ਤੇਲ ਉਤਪਾਦਕ ਦੇਸ਼ਾਂ ਵਿੱਚੋਂ 6 ਦੇਸ਼ ਅਗਲੇ ਸਾਲ 1 ਜਨਵਰੀ ਤੋਂ ਬਰਿਕਸ ਦਾ ਹਿੱਸਾ ਹੋਣਗੇ। ਈਰਾਨ ਨੂੰ ਬਰਿਕਸ ਦਾ ਮੈਂਬਰ ਲੈ ਕੇ ਤਾਂ ਇਨ੍ਹਾਂ ਦੇਸ਼ਾਂ ਨੇ ਅਮਰੀਕਾ ਦੀ ਪੂਛ ਉੱਤੇ ਪੈਰ ਰੱਖਣ ਵਾਲਾ ਕੰਮ ਕੀਤਾ ਹੈ। ਈਰਾਨ ਉੱਤੇ ਅਮਰੀਕਾ ਤੇ ਉਸ ਦੇ ਸਾਥੀ ਦੇਸ਼ਾਂ ਨੇ ਸਖ਼ਤ ਆਰਥਕ ਪਾਬੰਦੀਆਂ ਲਾਈਆਂ ਹੋਈਆਂ ਹਨ। ਬਰਿਕਸ ਮੈਂਬਰੀ ਮਿਲਣ ਤੋਂ ਬਾਅਦ ਈਰਾਨ ਹੁਣ ਦੁਨੀਆ ਦੀ ਉਭਰ ਰਹੀ ਅਰਥ-ਵਿਵਸਥਾ ਦਾ ਹਿੱਸਾ ਬਣ ਜਾਵੇਗਾ।

ਬਰਿਕਸ ਨੇਤਾਵਾਂ ਨੇ ਆਪਣੇ ਵਿੱਤ ਮੰਤਰੀਆਂ ਤੇ ਸੈਂਟਰਲ ਬੈਂਕ ਗਵਰਨਰਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਮੈਂਬਰ ਦੇਸ਼ਾਂ ਦੀਆਂ ਕਰੰਸੀਆਂ ਵਿੱਚ ਆਪਸੀ ਲੈਣ-ਦੇਣ ਦੀਆਂ ਸੰਭਾਵਨਾਵਾਂ ਦਾ ਪਤਾ ਲਾਉਣ ਤੇ ਅਗਲੇ ਸੰਮੇਲਨ ਵਿੱਚ ਇਸ ਦੀ ਰਿਪੋਰਟ ਪੇਸ਼ ਕਰਨ। ਇਸ ਵਿਵਸਥਾ ਨੂੰ 'ਪੇਮੈਂਟ ਟਾਸਕ ਫੋਰਸ' ਦਾ ਨਾਂਅ ਦਿੱਤਾ ਗਿਆ ਹੈ। ਇਸ ਤਰ੍ਹਾਂ ਇਸ ਸੰਗਠਨ ਨੇ ਡਾਲਰ ਦੀ ਗੁਲਾਮੀ ਤੋਂ ਖਹਿੜਾ ਛੁਡਾਉਣ ਲਈ ਪਹਿਲਾ ਕਦਮ ਪੁੱਟ ਲਿਆ ਹੈ।

ਸਿਖ਼ਰ ਸੰਮੇਲਨ ਦੌਰਾਨ ਸਭ ਬੁਲਾਰਿਆਂ ਨੇ ਵਾਰ-ਵਾਰ ਜ਼ੋਰ ਦਿੱਤਾ ਕਿ ਸੰਯੁਕਤ ਰਾਸ਼ਟਰ ਤੇ ਇਸ ਨਾਲ ਜੁੜੀਆਂ ਸੁਰੱਖਿਆ ਕੌਂਸਲ, ਵਿਸ਼ਵ ਵਪਾਰ ਸੰਸਥਾ ਆਦਿ ਵਿਸ਼ਵੀ ਸੰਸਥਾਵਾਂ ਆਪਣੇ ਪ੍ਰਭਾਵ ਗੁਆ ਚੁੱਕੀਆਂ ਹਨ। ਇਸ ਲਈ ਬਰਿਕਸ ਨੇ ਆਪਣੇ ਐਲਾਨਨਾਮੇ ਵਿੱਚ ਕਿਹਾ ਕਿ ਉਹ ਸੰਯੁਕਤ ਰਾਸ਼ਟਰ ਦੇ ਸਮੁੱਚੇ ਢਾਂਚੇ ਵਿੱਚ ਸੁਧਾਰ ਦਾ ਜ਼ੋਰਦਾਰ ਸਮਰਥਨ ਕਰਦਾ ਹੈ। ਇਸ ਦੇ ਨਾਲ ਹੀ ਸੁਰੱਖਿਆ ਪ੍ਰੀਸ਼ਦ ਵਿੱਚ ਵਿਕਾਸਸ਼ੀਲ ਦੇਸਾਂ ਨੂੰ ਠੀਕ ਪ੍ਰਤੀਨਿਧਤਾ ਦੇਣ ਦੀ ਮੰਗ ਕਰਦਾ ਹੈ। ਭਾਰਤ ਨੇ ਸੰਮੇਲਨ ਵਿੱਚ ਬਰਿਕਸ ਦੇਸ਼ਾਂ ਦਾ ਪੁਲਾੜ ਖੋਜ ਕੰਪਨੀ ਸਮੂਹ ਬਣਾਉਣ ਦਾ ਮਤਾ ਰੱਖਿਆ। ਚੀਨ ਨੇ ਆਰਟੀਫੀਸ਼ੀਅਲ ਇੰਟੈਲੀਜੈਂਸੀ ਵਿੱਚ ਖੋਜ ਤੇ ਵਿਸ਼ੇਸ਼ਤਾ ਨੂੰ ਬਰਿਕਸ ਦੇਸ਼ਾਂ ਨਾਲ ਸਾਂਝਾ ਕਰਨ ਦੀ ਪੇਸ਼ਕਸ਼ ਕੀਤੀ।

ਅਸਲ ਵਿੱਚ ਜਦੋਂ ਬਰਿਕਸ ਦੀ ਸਥਾਪਨਾ ਹੋਈ ਤਾਂ ਆਪਣੇ ਆਪ ਸੰਸਾਰ ਚੌਧਰੀ ਬਣੇ ਅਮਰੀਕਾ ਦਾ ਦਿਮਾਗ ਸੱਤਵੇਂ ਅਸਮਾਨ ਉਤੇ ਸੀ। ਉਸ ਨੂੰ ਪੂਰਾ ਭਰੋਸਾ ਸੀ ਕਿ ਇਹ ਸੰਗਠਨ ਵੀ ਉਸ ਵੱਲੋਂ ਤੈਅ ਕੀਤੀਆਂ ਨਵੀਂਆਂ ਆਰਥਕ ਨੀਤੀਆਂ ਦਾ ਹੀ ਹਿੱਸਾ ਬਣੇਗਾ। ਘੁਮੰਡ ਦੇ ਘੋੜੇ 'ਤੇ ਚੜ੍ਹੇ ਅਮਰੀਕੀ ਹਾਕਮਾਂ ਨੇ ਡਾਲਰ ਨੂੰ ਹਥਿਆਰ ਵਜੋਂ ਵਰਤਣ ਦੀ ਪ੍ਰਵਿਰਤੀ ਨੂੰ ਹੋਰ ਤੇਜ਼ ਕਰ ਦਿੱਤਾ। ਵਿਕਾਸਸ਼ੀਲ ਦੇਸ਼ਾਂ ਦੀਆਂ ਅੰਦਰੂਨੀ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕਰਦਿਆਂ ਸਮੁੱਚੀ ਦੁਨੀਆ ਨੂੰ ਆਪਣੇ ਇਕਤਰਫ਼ਾ ਫੈਸਲਿਆਂ ਰਾਹੀਂ ਚਲਾਉਣ ਲੱਗ ਪਿਆ।

ਇਸ ਦੀ ਪ੍ਰਤੀਕਿਰਿਆ ਹੋਣੀ ਹੀ ਸੀ। ਯੂਕਰੇਨ ਯੁੱਧ ਨੇ ਇਸ ਨੂੰ ਹੋਰ ਤੇਜ਼ ਕਰ ਦਿੱਤਾ। ਰੂਸ ਉੱਤੇ ਲਾਈਆਂ ਪਾਬੰਦੀਆਂ ਨੇ ਵਿਕਾਸਸ਼ੀਲ ਦੇਸ਼ਾਂ ਨੂੰ ਇਹ ਸੋਚਣ ਲਈ ਮਜਬੂਰ ਕਰ ਦਿੱਤਾ ਕਿ ਕੱਲ੍ਹ ਨੂੰ ਇਹ ਉਨ੍ਹਾਂ ਨਾਲ ਵੀ ਵਾਪਰ ਸਕਦਾ ਹੈ। ਇਸ ਕਾਰਨ ਵੱਖ-ਵੱਖ ਵਿਕਾਸਸ਼ੀਲ ਦੇਸ਼ਾਂ ਅੰਦਰ ਬਰਿਕਸ ਤੇ ਸ਼ੰਘਾਈ ਸਹਿਯੋਗ ਸੰਗਠਨ ਵਰਗੇ ਸਮੂਹਾਂ ਨਾਲ ਜੁੜਨ ਦੀ ਦੌੜ ਲੱਗ ਗਈ ਹੈ, ਜਿਹੜੇ ਸਮਾਨਅੰਤਰ ਵਿਸ਼ਵ ਵਿਵਸਥਾ ਉਸਾਰਨ ਵੱਲ ਵਧ ਰਹੇ ਹਨ।

ਬਰਿਕਸ ਦੀ ਮੈਂਬਰੀ ਮਿਲਣ ਤੋਂ ਬਾਅਦ ਬੀਜਿੰਗ ਵਿੱਚ ਅਰਜਨਟਾਈਨਾ ਦੇ ਰਾਜਦੂਤ ਵਾਕਾ ਨੋਵਾਵਜਾ ਨੇ ਉਤਸ਼ਾਹਤ ਹੋ ਕੇ ਕਿਹਾ, 'ਅਸੀਂ ਹੁਣ ਮਿਲ ਕੇ ਉੱਭਰਦੇ ਦੇਸ਼ਾਂ ਦੀ ਉਸ ਅਵਾਜ਼ ਦੀ ਨੁਮਾਇੰਦਗੀ ਕਰਨ ਜਾ ਰਹੇ ਹਾਂ, ਜਿਸ ਦੀ ਕੌਮਾਂਤਰੀ ਸੰਗਠਨਾਂ ਨੇ ਹਮੇਸ਼ਾ ਅਣਦੇਖੀ ਕੀਤੀ। ਵਿਕਾਸਸ਼ੀਲ ਦੇਸ਼ਾਂ ਦੇ ਵਿਕਾਸ ਲਈ ਬਰਿਕਸ ਦੀ ਮਜ਼ਬੂਤੀ ਜ਼ਰੂਰੀ ਹੈ। ਇਸ ਦਾ ਵਿਸਤਾਰ ਇੱਕ ਅਜਿਹੀ ਸਦਭਾਵਨਾ ਵਾਲੀ ਵਿਸ਼ਵ ਵਿਵਸਥਾ ਨੂੰ ਕਾਇਮ ਕਰਨ ਲਈ ਜ਼ਰੂਰੀ ਹੈ, ਜਿੱਥੇ ਟਕਰਾਅ ਦੀ ਥਾਂ ਸਹਿਯੋਗ ਤੇ ਵਿੱਤੀ ਵਾਅਦਾ ਕਾਰੋਬਾਰ ਦੀ ਥਾਂ ਉਤਪਾਦਕ ਵਿਕਾਸ ਲੈ ਸਕੇ। ਜਿੱਥੇ ਇਕਤਰਫ਼ਾ ਦਖ਼ਲ-ਅੰਦਾਜ਼ੀ ਦੀ ਥਾਂ ਆਪਸੀ ਸਨਮਾਨ, ਪਾਬੰਦੀਆਂ ਦੀ ਪੁਰਾਣੀ ਚਾਲ ਦੀ ਥਾਂ ਆਰਥਕ ਏਕੀਕਰਨ ਤੇ ਤਕਨੀਕ ਉੱਤੇ ਰੋਕਾਂ ਦੀ ਥਾਂ ਤਕਨੀਕ ਦੇ ਤਬਾਦਲੇ ਦੀ ਪਰੰਪਰਾ ਕਾਇਮ ਹੋ ਸਕੇ।' ਅਰਜਨਟਾਈਨਾ ਰਾਜਦੂਤ ਦੇ ਇਹ ਸ਼ਬਦ ਨਵੀਂ ਵਿਸ਼ਵ ਵਿਵਸਥਾ ਦੀ ਲਿਖੀ ਜਾ ਰਹੀ ਇਬਾਰਤ ਤੋਂ ਪਰਦਾ ਚੁੱਕ ਦਿੰਦੇ ਹਨ।

-ਚੰਦ ਫਤਿਹਪੁਰੀ

ਸਿੱਖ ਫ਼ਲਸਫ਼ੇ ਦੇ ਮਾਨਵੀ ਸਰੋਕਾਰਾਂ ਤੋਂ ਸੇਧ ਲੈ ਕੇ ਲੁੱਟ-ਚੱਘ ਵਿਰੁੱਧ ਘੋਲ ਪ੍ਰਚੰਡ ਕਰੋ



ਮੰਗਤ ਰਾਮ ਪਾਸਲਾ

ਅੱਜ ਜਦੋਂ ਦੇਸ਼ ਦੇ ਰਾਜਨੀਤਕ ਤੇ ਸਮਾਜਿਕ ਖੇਤਰਾਂ 'ਚ ਸੰਕੀਰਨਤਾਵਾਦੀ ਤੇ ਫਿਰਕੂ ਵਿਚਾਰਧਾਰਾ ਦਾ ਵੱਡਾ ਖ਼ਤਰਾ ਮੰਡਰਾ ਰਿਹਾ ਹੈ ਤਾਂ ਉਸ ਸਮੇਂ ਪੰਜਾਬ ਦੀ ਧਰਤੀ ਤੋਂ ਫਿਰਕੂ ਸਦਭਾਵਨਾ, ਸਾਂਝੀਵਾਲਤਾ, ਇਕਜੁੱਟਤਾ ਤੇ ਮੁਹੱਬਤ ਦਾ ਪੈਗ਼ਾਮ ਉਸ ਮਿਕਦਾਰ 'ਚ ਤੇ ਉਤਨੀ ਸ਼ਿੱਦਤ ਨਾਲ ਨਹੀਂ ਫੈਲ ਰਿਹਾ, ਜਿੰਨੀ ਵਡੇਰੀ ਅਜੋਕੇ ਦੌਰ ਦੀ ਜ਼ਰੂਰਤ ਬਣ ਚੁੱਕੀ ਹੈ। 'ਨਾਨਕ ਨਾਮ ਲੇਵਾ ਸੰਗਤ' ਲਈ ਇਹ ਨਿਹੋਰਾ ਵੀ ਹੈ ਤੇ ਉਲ੍ਹਾਮਾ ਵੀ। ਉਲ੍ਹਾਮਾ ਵੀ ਤਾਂ ਉਸੇ ਨੂੰ ਹੀ ਦਿੱਤਾ ਜਾਂਦਾ ਹੈ, ਜੋ ਇਸ ਨੂੰ ਖੁੱਲ੍ਹਦਿਲੀ ਨਾਲ ਸੁਣ ਸਕਦਾ ਹੋਵੇ ਤੇ ਆਪਣੀ ਕਮਜ਼ੋਰੀ 'ਤੇ ਦਲੇਰੀ ਨਾਲ ਆਬੂਰ ਹਾਸਲ ਕਰਨ ਦੇ ਸਮਰੱਥ ਹੋਵੇ। ਦਿੱਲੀ ਦੇ ਤਖ਼ਤ 'ਤੇ ਬੈਠੀ ਪਿਛਾਖੜੀ ਹਕੂਮਤ ਵੱਲੋਂ ਲੋਕਾਂ ਖਿਲਾਫ਼ ਵਿਛਾਈ ਗਈ ਫਿਰਕੂ ਸ਼ਤਰੰਜ ਦੀ ਬਿਸਾਤ 'ਤੇ ਚੱਲੀ ਗਈ ਵੰਡਵਾਦੀ ਕੁਚਾਲ ਦਾ ਢੁਕਵਾਂ ਜਵਾਬ ਦੇਣ ਵਾਲਾ ਪੰਜਾਬੀ ਸੁਭਾਅ ਜਾਂ ਤਾਂ ਉਪਰੋਕਤ ਦੱਸੇ ਖ਼ਤਰੇ ਤੋਂ ਅਜੇ ਅਣਜਾਣ ਹੈ ਜਾਂ ਫਿਰ ਇਸ ਅਗਨ ਦੇ ਸੇਕ ਦਾ ਅਹਿਸਾਸ ਹਾਲੇ ਪੰਜਾਬ ਵਾਸੀਆਂ ਨੂੰ ਆਪਣੀਆਂ ਬਰੂਹਾਂ ਤੀਕ ਪੁੱਜਾ ਹੋਇਆ ਨਹੀਂ ਜਾਪਦਾ।

ਸਾਡੇ ਇਤਿਹਾਸ ਅੰਦਰ ਯੋਗੀਆਂ, ਨਾਥਾਂ, ਬੋਧੀਆਂ, ਸੂਫ਼ੀਆਂ ਤੇ ਭਗਤੀ ਲਹਿਰ ਦੇ ਅਨੇਕਾਂ ਮਹਾਂਪੁਰਸ਼ਾਂ ਤੇ ਚਿੰਤਕਾਂ ਨੇ ਹਮੇਸ਼ਾ ਹੀ ਆਪਣੀਆਂ ਰਚਨਾਵਾਂ ਤੇ ਅਮਲਾਂ 'ਚ ਮਾਨਵਤਾ ਵਿਰੋਧੀ ਸ਼ਕਤੀਆਂ, ਵੇਲਾ ਵਿਹਾ ਚੁੱਕੇ ਰੀਤੀ-ਰਿਵਾਜਾਂ, ਬੇਲੋੜੇ ਸਮਾਜਿਕ ਬੰਧਨਾਂ ਤੇ ਪਿਛਾਖੜੀ ਵਿਚਾਰਾਂ ਦਾ ਜ਼ੋਰਦਾਰ ਢੰਗ ਨਾਲ ਖੰਡਨ ਕੀਤਾ ਹੈ ਤੇ ਲੋਕ ਚੇਤਨਾ 'ਚ ਨਵੀਆਂ ਰੌਸ਼ਨੀਆਂ ਖਿੰਡਾਈਆਂ ਹਨ। ਸਿੱਖ ਗੁਰੂ ਸਾਹਿਬਾਨਾਂ ਵੱਲੋਂ ਰਚੀ ਬਾਣੀ ਜਨਤਕ ਹਿੱਤਾਂ ਦੇ ਉਲਟ ਵਹਿ ਰਹੀ ਹਰ ਧਾਰਾ ਦੇ ਪਰਖਚੇ ਉਡਾ ਕੇ ਡਿੱਗੇ ਮਨਾਂ ਨੂੰ ਧਰਵਾਸਾ ਹੀ ਨਹੀਂ ਦਿੰਦੀ, ਬਲਕਿ ਲੁੱਟੇ-ਲਿਤਾੜੇ ਮਨੁੱਖ ਨੂੰ ਹਰ ਜ਼ੁਲਮ ਦਾ ਟਾਕਰਾ ਬਹਾਦਰੀ ਤੇ ਸਿਦਕ ਦਿਲੀ ਨਾਲ ਕਰਨ ਦੇ ਸਮਰੱਥ ਵੀ ਬਣਾਉਂਦੀ ਹੈ। ਦੀਨ ਦੁਨੀਆ ਦੀ ਰੱਖਿਆ ਲਈ ਲੜ ਮਰਨ ਦਾ ਅਕੀਦਾ ਤੇ ਕਿਸੇ ਵੀ ਵੱਡੀ ਤੋਂ ਵੱਡੀ ਔਕੜ ਦੇ ਸਾਹਮਣੇ ਚਟਾਨ ਵਾਂਗ ਅੜ ਕੇ ਖੜ੍ਹੇ ਹੋਣ ਦੀ ਦੀਦਾ ਦਿਲੇਰੀ ਤੋਂ ਇਲਾਵਾ ਹਰ ਦੁੱਖ-ਤਕਲੀਫ਼ ਨੂੰ ਖਿੜੇ ਮੱਥੇ 'ਭਾਣਾ ਮੰਨ ਕੇ ਬਰਦਾਸ਼ਤ ਕਰਨ' ਦੀ ਰੀਤ ਸਾਡੇ ਮਹਾਨ ਗੁਰੂ ਸਾਹਿਬਾਨਾਂ ਦੀ ਅਦੁੱਤੀ ਦੇਣ ਹੈ। ਪੱਛਮ ਦੀ ਤਰਫ਼ੋਂ ਆਏ ਹਮਲਾਵਰਾਂ ਨੂੰ ਜੇਕਰ ਕਿਸੇ ਨੇ ਸਭ ਤੋਂ ਅੱਗੇ ਹੋ ਕੇ ਠੱਲ੍ਹ ਪਾਈ ਹੈ, ਤਾਂ ਇਸ ਕਾਰਜ ਦਾ ਸਿਹਰਾ ਵੀ ਪੰਜਾਬ ਦੀ ਧਰਤੀ ਦੇ ਜੰਮੇ ਸੂਰਮਿਆਂ ਸਿਰ ਹੀ ਬੱਝਦਾ ਹੈ। ਪਿਛਲੇ ਦਿਨੀਂ ਅਤੀਤ ਦੀਆਂ ਅਨੇਕਾਂ ਹੋਰ ਜੰਗਾਂ 'ਚ ਫਤਿਹ ਹਾਸਲ ਕਰਨ ਵਾਲੇ ਇਨ੍ਹਾਂ ਹੀ ਪੰਜਾਬੀ ਪੁੱਤਰਾਂ ਨੇ ਦੂਸਰੇ ਪ੍ਰਾਂਤਾਂ ਤੇ ਵਿਦੇਸ਼ੀਂ ਵੱਸਦੇ ਲੋਕਾਂ ਨੂੰ ਨਾਲ ਲੈਂਦਿਆਂ ਹੋਇਆਂ ਦਿੱਲੀ ਦੀਆਂ ਬਰੂਹਾਂ 'ਤੇ ਬੈਠ ਕੇ ਇਕ ਸਾਲ ਤੋਂ ਜ਼ਿਆਦਾ ਸਮਾਂ ਤੀਕ ਲੜੇ 'ਤਪੱਸਿਆ' ਰੂਪੀ ਇਤਿਹਾਸਕ ਕਿਸਾਨੀ ਸੰਘਰਸ਼ ਦੀ ਜਿੱਤ ਦੇ ਰੂਪ 'ਚ ਘੁੰਡ ਚੁਕਾਈ ਕੀਤੀ ਹੈ। ਨਾਲ ਹੀ ਉਸ ਤਾਨਾਸ਼ਾਹ ਹਾਕਮ ਨੂੰ ਵੀ ਲੋਕ ਕਚਹਿਰੀ'ਚ ਖੜ੍ਹੇ ਹੋ ਕੇ ਆਪਣੀ ਹਾਰ ਨੂੰ ਸਵੀਕਾਰ ਕਰਦਿਆਂ ਪੁਰਅਮਨ ਤੇ ਬਾਜ਼ਾਬਤਾ ਕਿਸਾਨੀ ਘੋਲ ਅੱਗੇ ਗੋਡੇ ਟੇਕਣ ਲਈ ਮਜਬੂਰ ਕੀਤਾ ਹੈ, ਜੋ ਸਿਰੇ ਦਾ 'ਹੰਕਾਰੀ' ਹੈ ਤੇ 'ਤਾਨਾਸ਼ਾਹ' ਰੁਝਾਨਾਂ ਦਾ ਮਾਲਕ ਅੱਤ ਦਾ ਸ਼ਾਵਨਵਾਦੀ ਵੀ ਹੈ।

ਆਰ.ਐੱਸ.ਐੱਸ. ਤੇ ਇਸ ਨਾਲ ਜੁੜੇ ਹੋਏ ਸੰਗਠਨ ਹਰ ਪ੍ਰਕਾਰ ਦਾ ਝੂਠਾ ਤੇ ਮਨਘੜਤ ਬ੍ਰਿਤਾਂਤ ਸਿਰਜ ਕੇ ਪੰਜਾਬ ਦੇ ਲੋਕਾਂ ਦੇ ਮਨਾਂ ਅੰਦਰ ਆਪਣੀਆਂ ਜੜ੍ਹਾਂ ਲਾਉਣ ਦਾ ਯਤਨ ਕਰ ਰਹੇ ਹਨ। ਦੂਸਰੀਆਂ ਗੈਰ-ਭਾਜਪਾ ਰਾਜਨੀਤਕ ਪਾਰਟੀਆਂ ਦੇ ਆਗੂਆਂ, ਜਿਨ੍ਹਾਂ ਆਪਣੇ ਰਾਜਸੀ ਜੀਵਨ 'ਚ ਲੋਕਾਂ ਨਾਲ ਵੱਡੀਆਂ ਠੱਗੀਆਂ ਮਾਰੀਆਂ ਹਨ ਤੇ ਆਪਣੇ ਭ੍ਰਿਸ਼ਟ ਕਾਰਿਆਂ ਨਾਲ ਬੇਓੜਕ ਧਨ ਇਕੱਠਾ ਕੀਤਾ ਹੈ ਅਤੇ ਜੋ ਆਪਣੀਆਂ ਕਾਲੀਆਂ ਕਮਾਈਆਂ ਦੀ ਰਾਖੀ ਲਈ ਹਰ ਜਾਇਜ਼-ਨਾਜਾਇਜ਼ ਤਰੀਕਾ ਵਰਤ ਕੇ ਸੱਤਾ 'ਤੇ ਹਰ ਹੀਲੇ ਬਿਰਾਜਮਾਨ ਹੋਣ ਲਈ ਤਰਲੋ-ਮੱਛੀ ਹੋ ਰਹੇ ਹਨ, ਨੇ ਬੇਗ਼ੈਰਤ ਹੋ ਕੇ ਆਪਣੀਆਂ ਸੇਵਾਵਾਂ 'ਨਾਗਪੁਰੀ ਸੰਘ ਦਰਬਾਰ' ਅੱਗੇ ਪੇਸ਼ ਕਰ ਦਿੱਤੀਆਂ ਹਨ ਤੇ ਉਸੇ ਕਿਰਦਾਰ ਦੇ ਮਾਲਕ ਭਾਜਪਾਈਆਂ ਨਾਲ ਸੱਤਾ ਦੀ ਖੇਡ 'ਚ ਸ਼ਾਮਲ ਹੋ ਕੇ ਦੇਸ਼ ਦੀ ਮਹਾਨ ਵਿਰਾਸਤ, ਜੋ ਆਜ਼ਾਦੀ ਸੰਗਰਾਮ ਦੇ ਸੂਰਮਿਆਂ ਨੇ ਆਪਣੀਆਂ ਜਾਨਾਂ ਵਾਰ ਕੇ, ਜੇਲ੍ਹਾਂ ਅੰਦਰ ਬਾਮੁਸ਼ੱਕਤ ਉਮਰ ਕੈਦਾਂ ਕੱਟ ਕੇ ਜ਼ਮੀਨਾਂ-ਜਾਇਦਾਦਾਂ ਕੁਰਕ ਕਰਵਾ ਕੇ ਅਤੇ ਸਾਮਰਾਜੀਆਂ ਦੇ ਅਕਹਿ ਜ਼ੁਲਮਾਂ ਨੂੰ ਆਪਣੇ ਪਿੰਡਿਆਂ 'ਤੇ ਹੰਢਾ ਕੇ ਸਿਰਜੀ ਹੈ, ਨੂੰ ਮਿੱਟੀ 'ਚ ਮਿਲਾਉਣ ਦੇ ਕੁਰਾਹੇ ਪੈ ਗਏ ਹਨ। ਦਿੱਲੀ ਦੇ ਹਾਕਮਾਂ ਕੋਲ 'ਸਾਮ, ਦਾਮ, ਦੰਡ, ਭੇਦ' ਦੇ ਹਥਿਆਰਾਂ ਦਾ ਵੱਡਾ ਭੰਡਾਰ ਹੈ। ਮੁਸਲਮਾਨਾਂ, ਈਸਾਈਆਂ, ਦਲਿਤਾਂ, ਔਰਤਾਂ ਤੇ ਅਗਾਂਹਵਧੂ ਲੋਕਾਂ ਉਪਰ ਸੰਘੀ ਖ਼ਰੂਦੀ ਟੋਲਿਆਂ ਵੱਲੋਂ ਕੀਤੇ ਜਾ ਰਹੇ ਹਮਲਿਆਂ ਦੀ ਮਾਰ ਆਉਣ ਵਾਲੇ ਦਿਨਾਂ ਅੰਦਰ ਸਿੱਖ ਭਾਈਚਾਰੇ ਨੂੰ ਵੀ ਆਪਣੀ ਲਪੇਟ 'ਚ ਲੈਣ ਵਾਲੀ ਹੈ। ਆਰ.ਐੱਸ.ਐੱਸ. ਅਜੇ ਸਿੱਖਾਂ ਨੂੰ ਹਿੰਦੂ ਧਰਮ ਦਾ ਅੰਗ ਦੱਸ ਕੇ ਕੁਫ਼ਰ ਤੋਲਣ ਲਈ ਕੁੱਝ ਹੋਰ ਸਮਾਂ ਲੰਘਾਉਣ ਦੀ ਯੋਜਨਾਬੰਦੀ ਕਰੀ ਬੈਠੀ ਹੈ। ਰਾਸ਼ਟਰੀ ਸੋਇਮ ਸੇਵਕ ਸੰਘ (ਆਰ.ਐੱਸ.ਐੱਸ.), ਜੋ ਇਕ ਦੇਸ਼, ਇਕ ਧਰਮ, ਇਕ ਭਾਸ਼ਾ ਵਾਲੀ ਤਬਾਹਕੁੰਨ ਸੋਚ ਦਾ ਜਨਮ ਦਾਤਾ ਤੇ ਪਹਿਰਾ ਬਰਦਾਰ ਹੈ, ਸਿੱਖਾਂ ਦੇ ਧਾਰਮਿਕ ਮਾਮਲਿਆਂ ਤੇ ਸਿੱਖ ਸੰਸਥਾਵਾਂ 'ਚ ਖੁੱਲ੍ਹੀ ਦਖਲ-ਅੰਦਾਜ਼ੀ ਕਰਕੇ ਉਨ੍ਹਾਂ ਨੂੰ ਆਪਣੀ ਤਾਕਤ ਦਾ ਅਹਿਸਾਸ ਹੀ ਨਹੀਂ ਕਰਵਾ ਰਿਹਾ, ਬਲਕਿ ਸਿੱਖਾਂ ਦੀ ਮਾਨਵੀ ਸਰੋਕਾਰਾਂ ਨਾਲ ਸੰਜੋਈ 'ਬਾਣੀ' ਨੂੰ ਸਨਾਤਨੀ ਵਿਚਾਰਧਾਰਾ ਦੇ ਰੰਗ 'ਚ ਰੰਗਣ ਦੀ ਕੋਈ ਕਸਰ ਬਾਕੀ ਨਹੀਂ ਛੱਡ ਰਿਹਾ। ਇਸੇ ਮਨਸ਼ਾ ਤਹਿਤ ਹੀ ਸੰਘ ਪਰਚਾਰਕਾਂ ਵੱਲੋਂ ਸਿੱਖ ਧਰਮ ਨੂੰ ਹਿੰਦੂ ਧਰਮ ਦਾ ਅੰਗ ਦੱਸ

28-AUG-PAGE-5.qxd 8/27/2023 10:35 PM Page 1

ਰੁਜ਼ਗਾਰ ਪ੍ਰਾਪਤੀ ਮੁਹਿੰਮ ਵੱਲੋਂ 'ਕੌਮੀ ਸਿੱਖਿਆ ਨੀਤੀ ਦੇ ਪ੍ਰਭਾਵ ਤੇ ਰੁਜ਼ਗਾਰ' ਵਿਸ਼ੇ 'ਤੇ ਸੈਮੀਨਾਰ

- ਕੌਮੀ ਸਿੱਖਿਆ ਨੀਤੀ ਗਰੀਬ ਤੇ ਆਮ ਲੋਕਾਂ ਤੋਂ ਮੌਜੂਦਾ ਸਿੱਖਿਆ ਖੋਹਣ ਦੀ ਨੀਤੀ : ਵਲਟੋਹਾ
- ਸਿੱਖਿਆ ਤੇ ਰੁਜ਼ਗਾਰ ਪ੍ਰਾਪਤੀ ਲਈ ਸੰਘਰਸ਼ ਸਮੇਂ ਦੀ ਅਣਸਰਦੀ ਲੋੜ : ਢਾਬਾਂ, ਧਰਮੂ ਵਾਲਾ

ਜਲਾਲਾਬਾਦ (ਜੀਤ ਕੁਮਾਰ, ਰਣਬੀਰ ਕੌਰ ਢਾਬਾਂ)-ਸਥਾਨਕ ਕੰਬੋਜ ਪੈਲੇਸ ਵਿਖੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਤੇ ਸਰਬ ਭਾਰਤ ਨੌਜਵਾਨ ਸਭਾ ਵੱਲੋਂ ਰੁਜ਼ਗਾਰ ਪ੍ਰਾਪਤੀ ਮੁਹਿੰਮ ਤਹਿਤ ਸ਼ਹੀਦ ਊਧਮ ਸਿੰਘ ਸੁਨਾਮ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ 'ਕੌਮੀ ਸਿੱਖਿਆ ਨੀਤੀ ਤੇ ਰੁਜ਼ਗਾਰ ਪ੍ਰਾਪਤੀ ਲਈ ਬਨੇਗਾ ਦੀ ਪ੍ਰਸੰਗਿਕਤਾ' ਵਿਸ਼ੇ 'ਤੇ ਇਕ ਵਿਸ਼ੇਸ਼ ਸੈਮੀਨਰ ਕੀਤਾ ਗਿਆ, ਜਿਸ ਵਿੱਚ ਇਲਾਕੇ ਭਰ ਦੇ ਵੱਖ ਵੱਖ ਵਿੱਦਿਅਕ ਅਦਾਰਿਆਂ ਵਿੱਚੋਂ ਵਿਦਿਆਰਥੀਆਂ, ਅਧਿਆਪਕਾਂ, ਪੰਚ, ਸਰਪੰਚਾਂ ਤੇ ਸਮਾਜਕ ਸ਼ਖਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਸੈਮੀਨਰ ਦੀ ਪ੍ਰਧਾਨਗੀ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਮਨ ਧਰਮੂ ਵਾਲਾ, ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਹਰਭਜਨ ਛੱਪੜੀ ਵਾਲਾ ਤੇ ਬਲਾਕ ਆਗੂ ਬਲਜੀਤ ਸਿੰਘ ਮਾਹੂਆਣਾ ਨੇ ਕੀਤੀ।

ਇਸ ਮੌਕੇ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਸੂਬਾ ਸਕੱਤਰ ਤੇ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦੇ ਸਰਪ੍ਰਸਤ ਸਾਥੀ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਕੌਮੀ ਸਿੱਖਿਆ ਨੀਤੀ, ਜਿਸ ਨੂੰ ਨਵੀਂ ਸਿੱਖਿਆ ਨੀਤੀ ਕਿ ਕੇ ਵੀ ਪ੍ਰਚਾਰਿਆ ਜਾ ਰਿਹਾ ਹੈ, ਵਿੱਚ ਕੁਝ ਵੀ ਨਵਾਂ ਨਹੀਂ ਬਲਕਿ ਆਮ ਲੋਕਾਂ ਤੋਂ ਸਿੱਖਿਆ ਖੋਹਣ ਦੀ ਯੋਜਨਾ ਹੈ। ਇਸ ਨੀਤੀ ਰਾਹੀਂ ਸਰਕਾਰ ਆਮ ਲੋਕਾਂ ਤੋਂ ਵਿਗਿਆਨਕ ਤੇ ਧਰਮ ਨਿਰਪੱਖ ਸਿੱਖਿਆ ਖੋਹਣਾ ਚਾਹੁੰਦੀ ਹੈ ਤਾਂ ਕਿ ਸਰਕਾਰ ਤੇ ਕਾਰਪਰੇਟ ਜਗਤ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਵਿਰੋਧ ਕਰਨ ਵਾਲਾ ਕੋਈ ਵਿਦਵਾਨ ਜਾਂ ਇਨਕਲਾਬੀ ਨਾ ਪੈਦਾ ਹੋ ਸਕੇ। ਉਨ੍ਹਾਂ ਕਿਹਾ ਕਿ ਕੌਮੀ ਸਿੱਖਿਆ ਨੀਤੀ ਜ਼ਰੀਏ ਸਾਡੇ ਮਹਾਨ ਇਨਕਲਾਬੀ, ਇਤਿਹਾਸਕ ਸਿਲੇਬਸ ਨੂੰ ਤੋੜ ਮਰੋੜ ਕੇ ਪੜ੍ਹਾਉਣ ਦੀਆਂ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ, ਜੋ ਸਾਡੀ ਆਉਣ ਵਾਲੀ ਪੀੜ੍ਹੀ ਨੂੰ ਸਾਡੇ ਮਹਾਨ ਇਤਿਹਾਸਕ ਵਿਰਸੇ ਨਾਲੋਂ ਦੂਰ ਕਰ ਦੇਣਗੀਆਂ। ਇਸ ਨੀਤੀ ਨਾਲ ਜਨਤਕ ਵਿੱਦਿਅਕ ਅਦਾਰਿਆਂ ਨੂੰ ਬਦਨਾਮ ਕਰਕੇ ਬੰਦ ਕਰਨ ਤੇ ਸਿੱਖਿਆ ਦਾ ਨਿੱਜੀਕਰਨ ਨੂੰ ਬੜ੍ਹਾਵਾ ਦਿੱਤਾ ਗਿਆ ਹੈ। ਮੁੱਖ ਬੁਲਾਰੇ ਨੇ ਸੱਦਾ ਦਿੰਦਿਆਂ ਕਿਹਾ ਕਿ ਆਮ ਲੋਕਾਂ ਲਈ ਮੌਜਦਾ ਸਿੱਖਿਆ ਪ੍ਰਬੰਧ ਨੂੰ ਬਚਾਉਣ ਲੀ ਸਾਨੂੰ ਮਿਲ ਕੇ ਹੰਭਲਾ ਮਾਰਨਾ ਚਾਹੀਦਾ ਤੇ ਦੇਸ਼ ਵਿੱਚ ਕਾਮਨ ਸਿੱਖਿਆ ਪ੍ਰਣਾਲੀ ਨੂੰ ਪ੍ਰਫੁਲਤ ਕਰਨ ਲਈ ਲਾਮਬੰਦੀ ਕਰਨੀ ਚਾਹੀਦੀ ਹੈ।

ਇਸ ਮੌਕੇ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਢਾਬਾਂ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਮਨ ਧਰਮੂ ਵਾਲਾ ਨੇ ਕਿਹਾ ਕਿ ਕੌਮੀ ਸਿੱਖਿਆ ਨੀਤੀ ਜਿੱਥੇ ਸਿੱਖਿਆ ਦਾ ਘਾਣ ਕਰਨ ਦੀ ਵਕਾਲਤ ਕਰਦੀ ਹੈ, ਉਥੇ ਇਹ ਸਿੱਖਿਆ ਨੀਤੀ ਰੁਜ਼ਗਾਰ ਵਿਹੂਣੀ ਹੈ। ਇਸ ਨੀਤੀ ਅਨੁਸਾਰ ਦਿੱਤੀ ਜਾਣ ਵਾਲੀ ਸਿੱਖਿਆ ਨਾਲ ਨਾ ਤਾਂ ਕੋਈ ਹੁਨਰਮੰਦ ਵਿਅਕਤੀ ਪੈਦਾ ਹੋਣਗੇ ਤੇ ਨਾ ਹੀ ਇਹ ਸਿੱਖਿਆ ਨੀਤੀ ਸਿਖਿਆਰਥੀ ਦੇ ਰੁਜ਼ਗਾਰ ਦੀ ਗਰੰਟੀ ਕਰਦੀ ਹੈ। ਨੌਜਵਾਨਾਂ ਤੇ ਵਿਦਿਆਰਥੀਆਂ ਦੇ ਸੂਬਾਈ ਆਗੂਆਂ ਨੇ ਕਿਹਾ ਕਿ ਰੁਜ਼ਗਾਰ ਪ੍ਰਾਪਤੀ ਮੁਹਿੰਮ ਵੱਲੋਂ ਜਿੱਥੇ ਹਰ ਇਕ ਲਈ ਮੁਫਤ ਤੇ ਲਾਜ਼ਮੀ ਸਿੱਖਿਆ ਦੀ ਪ੍ਰਾਪਤੀ ਲਈ ਸੰਘਰਸ਼ ਕੇ ਰਹੀ ਹੈ, ਉਥੇ ਹਰ ਇਕ ਲਈ ਰੁਜ਼ਗਾਰ ਦੀ ਗਰੰਟੀ ਕਰਦੇ ਕਾਨੂੰਨ ਬਨੇਗਾ ਨੂੰ ਦੇਸ਼ ਦੀ ਪਾਰਲੀਮੈਂਟ ਵਿੱਚੋਂ ਪਾਸ ਕਰਵਾਉਣ ਲਈ ਵੀ ਸੰਘਰਸ਼ੀਲ ਹੈ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੰਦਿਆ ਕਿਹਾ ਕਿ ਉਨ੍ਹਾਂ ਨੂੰ ਰੁਜ਼ਗਾਰ ਪ੍ਰਾਪਤੀ ਮੁਹਿੰਮ ਨਾਲ ਜੁੜ ਕੇ ਸੰਘਰਸ਼ ਦੇ ਰਾਹ ਪੈਣਾ ਚਾਹੀਦਾ ਹੈ। ਇਹ ਅੱਜ ਸਮੇਂ ਦੀ ਅਣਸਰਦੀ ਲੋੜ ਹੈ।

ਇਸ ਸੈਮੀਨਰ ਨੂੰ ਹੋਰਨਾਂ ਤੋਂ ਇਲਾਵਾ ਪੰਜਾਬ ਗੌਰਮਿੰਟ ਸਕੂਲ ਟੀਚਰ ਯੂਨੀਅਨ ਪੰਜਾਬ ਦੇ ਸਰਪ੍ਰਸਤ ਬਲਕਾਰ ਵਲਟੋਹਾ, ਮੁਲਾਜ਼ਮਾਂ ਦੇ ਸੂਬਾਈ ਆਗੂ ਹਰਭਜਨ ਖੁੰਗਰ, ਸਰਬ ਭਾਰਤ ਨੌਜਵਾਨ ਸਭਾ ਪੰਜਾਬ ਦੇ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ, ਗੌਰਮਿੰਟ ਸਕੂਲ ਟੀਚਰ ਯੂਨੀਅਨ ਦੇ ਸੂਬਾ ਆਗੂ ਮੇਜਰ ਸਿੰਘ, ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ, ਆਲ ਇੰਡੀਆ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਿੰਦਰ ਢੰਡੀਆਂ, ਤਰਕਸ਼ੀਲ ਆਗੂ ਸੁਰਿੰਦਰ ਗੰਜੂਆਣਾ, ਆਂਗਨਵਾੜੀ ਵਰਕਰ ਹੈਲਪਰ ਯੂਨੀਅਨ ਪੰਜਾਬ ਦੇ ਪ੍ਰਧਾਨ ਸਰੋਜ ਛੱਪੜੀ ਵਾਲਾ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਕੁਲਵਿੰਦਰ ਕੌਰ ਮੁਹੰਮਦੇ ਵਾਲਾ, ਸਾਬਕਾ ਬੀ.ਪੀ.ਓ. ਹੰਸ ਰਾਜ, ਪ੍ਰਿੰਸੀਪਲ ਮਨਦੀਪ ਬਿੰਦ, ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਹਰਭਜਨ ਛੱਪੜੀ ਵਾਲਾ, ਜ਼ਿਲ੍ਹਾ ਸਕੱਤਰ ਸੁਬੇਗ ਝੰਗੜ ਭੈਣੀ, ਬਲਾਕ ਅਰਨੀਵਾਲਾ ਦੇ ਪ੍ਰਧਾਨ ਬਲਜੀਤ ਬੱਬੂ ਮਾਹੂਆਣਾ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਮਨ ਧਰਮੂ ਵਾਲਾ, ਜ਼ਿਲ੍ਹਾ ਸਕੱਤਰ ਸਟਾਲਿਨ ਲਮੋਚੜ, ਨਰਿੰਦਰ ਢਾਬਾਂ, ਕੁਲਦੀਪ ਬੱਬੂ ਸਮਾਹ, ਕਿਸਾਨ ਆਗੂ ਕ੍ਰਿਸ਼ਨ ਧਰਮੂ ਵਾਲਾ, ਜੰਮੂ ਰਾਮ ਬੰਨ੍ਹ ਵਾਲਾ, ਅਧਿਆਪਕਾਂ ਦੇ ਆਗੂ ਜਿੰਦਰ ਪਾਇਲਟ, ਮਾਸਟਰ ਸੁਖਵਿੰਦਰ ਸਿੰਘ ਅਰਨੀ ਵਾਲਾ, ਮਾਸਟਰ ਸੁਮਿਤ ਮੂਲਿਆਂ ਵਾਲਾ, ਡਾਕਟਰ ਓਮ ਪ੍ਰਕਾਸ਼ ਝੋਟਿਆਂ ਵਾਲਾ, ਬਲਵੰਤ ਚੌਹਾਣਾ, ਖਰੈਤ ਬੱਘੇਕੇ, ਸਤੀਸ਼ ਛੱਪੜੀ ਵਾਲਾ, ਗੁਰਦਿਆਲ ਤੇ ਆਕਾਸ਼ ਅਰਨੀਵਾਲਾ ਹਾਜ਼ਰ ਸਨ।

ਚੇਅਰਮੈਨ ਮੇਜਰ ਸਿੰਘ ਨੂੰ ਸਦਮਾ, ਪਤਨੀ ਦਾ ਦੇਹਾਂਤ

ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸੈਂਕੀ ਸ਼ਰਮਾ)-ਆਮ ਆਦਮੀ ਪਾਰਟੀ ਸਮਰਾਲਾ ਦੇ ਮਾਰਕੀਟ ਕਮੇਟੀ ਦੇ ਚੇਅਰਮੈਨ ਮੇਜਰ ਸਿੰਘ ਨੂੰ ਸਦਮਾ ਪਤਨੀ ਦਾ ਦੇਹਾਂਤ। ਉਨ੍ਹਾਂ ਦੀ ਧਰਮ ਪਤਨੀ ਸੁਰਿੰਦਰ ਕੌਰ ਦਾ ਕਿਡਨੀਆਂ ਦੀ ਬਿਮਾਰੀ ਨਾਲ ਜੂਝਦੇ ਹੋਏ ਦੇਹਾਂਤ ਹੋ ਗਿਆ। ਆਪਣੇ ਪਿੱਛੇ ਦੋ ਬੇਟੇ ਅਵਤਾਰ ਸਿੰਘ, ਹਰਜੀਤ ਸਿੰਘ ਤੇ ਬੇਟੀ ਸੁਖਵੀਰ ਕੌਰ ਨੂੰ ਰੋਂਦਿਆ ਬਿਲਕਦਿਆਂ ਛੱਡ ਗਏ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਦਾ ਭੋਗ ਤੇ ਅੰਤਿਮ ਅਰਦਾਸ 29 ਅਗਸਤ ਮੰਗਲਵਾਰ ਨੂੰ ਗੁਰਦੁਆਰਾ ਸਿੰਘ ਸਭਾ ਸਾਹਿਬ ਪਿੰਡ ਬਲਿਓਂ ਵਿਖੇ 1 ਤੋਂ 2 ਵਜੇ ਤੱਕ ਪਾਇਆ ਜਾਵੇਗਾ।

ਇਸ ਮੌਕੇ ਹਲਕਾ ਸਮਰਾਲਾ ਦੇ ਐੱਮ ਐੱਲ ਏ ਜਗਤਾਰ ਸਿੰਘ ਦਿਆਲਪੁਰਾ, ਬਲਾਕ ਪ੍ਰਧਾਨ ਸੁਖਵਿੰਦਰ ਸਿੰਘ ਗਿੱਲ, ਸੀ ਪੀ ਆਈ ਦੇ ਸਕੱਤਰ ਕਾਮਰੇਡ ਜਗਦੀਸ਼ ਰਾਏ ਬੌਬੀ, ਲਵਦੀਪ ਲਵੀ, ਰੰਗਕਰਮੀ ਸਦਬਲਿਹਾਰ ਕੰਗ, ਨਰਿੰਦਰਪਾਲ ਸਿੰਘ ਨਿੰਦੀ, ਬਲਵਿੰਦਰ ਸਿੰਘ ਬਿੰਦਰ, ਰਘਬੀਰ ਸਿੰਘ ਸੈਣੀ ਤੇ ਹੋਰ ਵੱਖ-ਵੱਖ ਪਾਰਟੀ ਦੇ ਅਹੁਦੇਦਾਰਾਂ ਵੱਲੋਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

ਭਾਕਿਯੂ ਡਕੌਂਦਾ ਨੇ ਕੇਂਦਰ ਤੇ ਪੰਜਾਬ ਸਰਕਾਰ ਦੀ ਅਰਥੀ ਫੂਕੀ

ਅੱਜ ਬਰਨਾਲਾ ਪਹੁੰਚਣ ਦਾ ਦਿੱਤਾ ਸੱਦਾ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਪਿੰਡ-ਪਿੰਡ ਕੇਂਦਰ ਤੇ ਪੰਜਾਬ ਦੀਆਂ ਆਰਥੀਆਂ ਸਾੜੇ ਜਾਣ ਦੀ ਮੁਹਿੰਮ ਤਹਿਤ ਅੱਜ ਮਹਿਲ ਕਲਾਂ ਵਿਖੇ ਮੁੱਖ ਮਾਰਗ ਉੱਪਰ ਕਿਸਾਨਾਂ ਵੱਲੋਂ ਰੋਸ ਮਾਰਚ ਉਪਰੰਤ ਕੇਂਦਰ ਤੇ ਸੂਬਾ ਸਰਕਾਰ ਦੀ ਅਰਥੀ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਬੋਲਦਿਆਂ ਜ਼ਿਲ੍ਹਾ ਮੀਤ ਪ੍ਰਧਾਨ ਜੁਗਰਾਜ ਸਿੰਘ ਹਰਦਾਸਪੁਰਾ, ਬਲਾਕ ਪ੍ਰਧਾਨ ਨਾਨਕ ਸਿੰਘ, ਅਮਰਜੀਤ ਸਿੰਘ ਠੁੱਲੀਵਾਲ ਨੇ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਅੱਜ ਤੱਕ ਹੜ੍ਹ ਪੀੜਤਾਂ ਨੂੰ ਮੁਆਵਜ਼ਾ ਨਹੀਂ ਦਿੱਤਾ ਗਿਆ। ਮੁਰਗੀ ਮਰੀ ਤੱਕ ਮੁਆਵਜ਼ੇ ਦੇ ਬਿਆਨ ਦੇਣ ਵਾਲਾ ਮੁੱਖ ਮੰਤਰੀ ਹੁਣ ਚੁੱਪ ਵੱਟੀ ਬੈਠਾ ਹੈ। ਕੇਂਦਰ ਤੇ ਪੰਜਾਬ ਸਰਕਾਰ ਕਿਸਾਨਾਂ ਦੀਆਂ ਮੁਸ਼ਕਲਾਂ ਪ੍ਰਤੀ ਸੁਹਿਰਦ ਨਹੀਂ। ਆਗੂਆਂ ਨੇ ਕਿਹਾ ਕਿ ਕੁੱਲਰੀਆਂ ਅਬਾਦਕਾਰ ਕਿਸਾਨਾਂ ਨਾਲ ਕਿਸੇ ਪ੍ਰਕਾਰ ਦੀ ਧੱਕੇਸ਼ਾਹੀ ਨੂੰ ਸਹਿਣ ਨਹੀਂ ਕੀਤਾ ਜਾਵੇਗਾ। ਕਿਸਾਨ ਆਗੂਆਂ ਨੇ ਜਥੇਬੰਦੀ ਵੱਲੋਂ 28 ਅਗਸਤ ਨੂੰ ਐੱਸ ਐੱਸ ਪੀ ਦਫਤਰ ਬਰਨਾਲਾ ਵਿਖੇ ਦਿੱਤੇ ਜਾ ਰਹੇ ਰੋਸ ਧਰਨੇ 'ਚ ਵੱਡੀ ਗਿਣਤੀ ਨਾਲ ਪਹੁੰਚਣ ਦਾ ਸੱਦਾ ਦਿੱਤਾ।

ਇਸ ਮੌਕੇ ਅਮਨਦੀਪ ਸਿੰਘ ਰਾਏਸਰ, ਜੱਗਾ ਸਿੰਘ ਮਹਿਲ ਕਲਾਂ, ਸੁਖਮਿੰਦਰ ਸਿੰਘ ਕਲਾਲ ਮਾਜਰਾ, ਮੰਗਤ ਸਿੰਘ ਸਿੱਧੂ, ਹਰਪ੍ਰੀਤ ਸਿੰਘ, ਸੁਖਦੇਵ ਸਿੰਘ ਕੁਰੜ, ਨਰਿੰਦਰ ਸਿੰਘ ਕਲਾਲ ਮਾਜਰਾ ਆਦਿ ਹਾਜ਼ਰ ਸਨ।

ਕਾਤਰਾਂ

ਸਿਵਲ ਸਰਜਨ ਵੱਲੋਂ ਆਮ ਆਦਮੀ ਕਲੀਨਿਕ ਨੌਗਾਵਾਂ ਦੀ ਚੈਕਿੰਗ

ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਵੱਲੋਂ ਆਮ ਆਦਮੀ ਕਲੀਨਿਕ ਨੌਗਾਵਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਉਨ੍ਹਾਂ ਸਟਾਫ ਦੀ ਹਾਜ਼ਰੀ ਚੈੱਕ ਕੀਤੀ ਤੇ ਆਮ ਆਦਮੀ ਕਲੀਨਿਕ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ ਅਤੇ ਕਲੀਨਿਕ ਵਿੱਚ ਆਏ ਮਰੀਜ਼ਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕ ਸ਼ੁਰੂ ਹੋਣ ਨਾਲ ਮਰੀਜ਼ਾਂ ਨੂੰ ਬਹੁਤ ਫਾਇਦਾ ਹੋ ਰਿਹਾ ਹੈ ਤੇ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਘਰਾਂ ਦੇ ਨੇੜੇ ਮਿਲ ਰਹੀਆਂ ਹਨ, ਜਿਸ ਨਾਲ ਮਰੀਜ਼ਾਂ ਦਾ ਸਮਾਂ ਤੇ ਪੈਸੇ ਦੀ ਬਚਤ ਹੋ ਰਹੀ ਹੈ ਤੇ ਬਿਹਤਰ ਸਿਹਤ ਸਹੂਲਤਾਂ ਮਿਲ ਰਹੀਆਂ ਹਨ, ਉਨ੍ਹਾਂ ਨੇ ਆਮ ਆਦਮੀ ਕਲੀਨਿਕ ਦੇ ਕੰਮਕਾਰ 'ਤੇ ਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਸਮੂਹ ਸਟਾਫ ਨੂੰ ਆਪੋ ਆਪਣੀ ਡਿਊਟੀ ਸਮੇਂ ਸਿਰ ਤੇ ਤਨਦੇਹੀ ਨਾਲ ਨਿਭਾਉਣ ਦੀ ਹਦਾਇਤ ਕੀਤੀ ਤੇ ਮਰੀਜ਼ਾਂ ਨੂੰ ਦਵਾਈਆਂ ਕਲੀਨਿਕ ਵਿੱਚੋਂ ਹੀ ਦੇਣ ਲਈ ਕਿਹਾ। ਇਸ ਮੌਕੇ ਡਾ. ਨਵਦੀਪ ਸਿਆਲ, ਡਾਕਟਰ ਅਸ਼ਵਿਨ ਤਿਆਗੀ ਤੇ ਸਮੂਹ ਸਟਾਫ ਹਾਜ਼ਰ ਸੀ।

ਨਸ਼ੀਲੀਆ ਗੋਲੀਆਂ ਸਣੇ ਕਾਬੂ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਦਰ ਦੀ ਪੁਲਸ ਵੱਲੋਂ 500 ਨਸ਼ੀਲੀਆਂ ਗੋਲੀਆਂ ਤੇ 200 ਰੁਪਏ ਭਾਰਤੀ ਕਰੰਸੀ ਨੋਟ ਸਣੇ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਸਦਰ ਦੇ ਐੱਸ.ਐੱਚ.ਓ. ਗੁਰਵਿੰਦਰ ਕੁਮਾਰ ਪੁਲਸ ਪਾਰਟੀ ਸਮੇਤ ਟੀ. ਪੁਆਇਟ ਬੱਸ ਅੱਡਾ ਧਰਮੂਵਾਲਾ ਵਿਖੇ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਮਹਿੰਦਰ ਸਿੰਘ ਨਸ਼ੀਲੀਆਂ ਗੋਲੀਆਂ ਵੇਚਣ ਦਾ ਆਦੀ ਹੈ, ਜੋ ਹੁਣ ਵੀ ਨਸ਼ੀਲੀਆਂ ਗੋਲੀਆਂ ਲੈ ਕੇ ਆਪਣੇ ਘਰ ਦੇ ਬਾਹਰ ਛੋਟੀ ਗਲੀ ਵਿੱਚ ਗਾਹਕਾਂ ਨੂੰ ਵੇਚ ਰਿਹਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ 500 ਨਸ਼ੀਲੀਆਂ ਗੋਲੀਆਂ ਤੇ 200 ਰੁਪਏ ਕਰੰਸੀ ਨੋਟ ਸਮੇਤ ਮਹਿੰਦਰ ਸਿੰਘ ਨੂੰ ਕਾਬੂ ਕੀਤਾ ਗਿਆ ਹੈ। ਥਾਣਾ ਸਦਰ ਵਿਖੇ ਮਹਿੰਦਰ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਮੋਹਰ ਸਿੰਘ ਵਾਲਾ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਮੁਫਤ ਵਿਕਲਾਂਗ ਸਹਾਇਤਾ ਕੈਂਪ

ਮੁਕਤਸਰ (ਸ਼ਮਿੰਦਰਪਾਲ/ਪੂਜਾ)-ਸਥਾਨਕ ਕੋਟਕਪੂਰਾ ਰੋਡ ਗਲੀ ਨੰਬਰ 7 ਸਥਿਤ ਸ੍ਰੀ ਬਾਲਾ ਜੀ ਧਾਮ ਵਿਖੇ ਐਤਵਾਰ ਨੂੰ ਭਾਰਤ ਵਿਕਾਸ ਪ੍ਰੀਸ਼ਦ ਮੁਕਤਸਰ ਵੱਲੋਂ ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਲੁਧਿਆਣਾ ਤੇ ਅਧਿਕਾਰਤਾ ਮੰਤਰਾਲਿਆ ਦੇ ਸਹਿਯੋਗ ਨਾਲ ਮੁਫਤ ਵਿਕਲਾਂਗ ਸਹਾਇਤਾ ਕੈਂਪ ਲਾਇਆ ਗਿਆ, ਜਿਸ 'ਚ ਜ਼ਰੂਰਤਮੰਦ ਵਿਅਕਤੀਆਂ ਨੂੰ ਮੁਫਤ ਬਨਾਉਟੀ ਅੰਗ, ਕੈਲੀਪਰ, ਉੱਚਾ ਸੁਣਨ ਵਾਲੀਆਂ ਮਸ਼ੀਨਾਂ ਆਦਿ ਉਪਕਰਨ ਵੰਡਣ ਵਾਸਤੇ ਨਾਪ ਲਏ ਗਏ। ਕੈਂਪ 'ਚ ਮਰੀਜ਼ਾਂ ਦੇ ਨਾਪ ਤੇ ਜਾਂਚ ਡਾ. ਪੂਰਨ ਚੰਦ ਲੁਧਿਆਣਾ, ਡਾ. ਜਗਦੀਸ਼ ਬਾਂਸਲ ਕੋਟਕਪੂਰਾ ਤੇ ਡਾ. ਸਤੀਸ਼ ਗਲਹੋਤਰਾ ਵਾਲੇ ਨੇ ਕੀਤੀ। ਜਨਰਲ ਸਕੱਤਰ ਪ੍ਰੋ. ਬ੍ਰਹਮ ਵੇਦ ਸ਼ਰਮਾ ਨੇ ਦੱਸਿਆ ਕਿ 29 ਅਗਸਤ ਨੂੰ ਬਾਲਾ ਜੀ ਧਾਮ ਵਿਖੇ ਦੁਬਾਰਾ ਕੈਂਪ ਲਾ ਕੇ ਜ਼ਰੂਰਤਮੰਦ ਲੋਕਾਂ ਨੂੰ ਇਹ ਉਪਕਰਨ ਵੰਡੇ ਜਾਣਗੇ। ਕੈਂਪ 'ਚ ਭਾਜਪਾ ਹਲਕਾ ਇੰਚਾਰਜ ਪੁਸ਼ਪਿੰਦਰ ਭੰਡਾਰੀ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ, ਜਦਕਿ ਸਕਾਈ

page-6-28-(AUG)-2023-G-(BV).qxd 8/27/2023 10:38 PM Page 1

ਵਿਆਹ ਪੁਰਬ 22 ਸਤੰਬਰ ਨੂੰ, ਸੰਗਤਾਂ ਨੇ ਤਿਆਰੀਆਂ ਆਰੰਭੀਆਂ

ਬਟਾਲਾ (ਡਾ. ਮਲਵਿੰਦਰ ਸਿੰਘ)-ਜਗਤ ਗੁਰੂ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਵਿਆਹ ਪੁਰਬ ਸਾਲਾਨਾ ਜੋੜ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਕੰਧ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ ਅਤੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ 22 ਸਤੰਬਰ ਦਿਨ ਸ਼ੁੱਕਰਵਾਰ ਨੂੰ ਬਹੁਤ ਸ਼ਰਧਾ ਸਤਿਕਾਰ ਤੇ ਖਾਲਸਾਈ ਜਾਹੋ ਜਲਾਲ ਨਾਲ ਮਨਾਇਆ ਜਾਵੇਗਾ। ਉਕਤ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਤੋਂ ਧਾਰਮਿਕ ਨੁਮਾਇੰਦਗੀ ਕਰ ਰਹੇ ਧਾਰਮਿਕ ਆਗੂ ਤੇ ਵਿਆਹ ਪੁਰਬ ਦੇ ਮੁੱਖ ਪ੍ਰਬੰਧਕ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੌਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਸਾਹਿਬਾਨ ਤੇ ਸੰਗਤਾਂ ਦੇ ਨਾਲ ਵਿਆਹ ਪੁਰਬ ਸਬੰਧੀ ਵਿਚਾਰਾਂ ਕਰਨ ਉਪਰੰਤ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਸਾਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਗੁਰਦੁਆਰਾ ਸਾਹਿਬਾਨ ਵਿਖੇ ਸੇਵਾਵਾਂ ਨਿਭਾ ਰਹੀਆਂ ਸੇਵਾ ਸਭਾ ਸੁਸਾਇਟੀਆਂ ਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਤਿਆਰੀਆਂ ਜ਼ਰਾਂ-ਸ਼ੋਰਾਂ ਨਾਲ ਆਰੰਭ ਕਰ ਦਿੱਤੀਆਂ ਗਈਆਂ ਹਨ। ਜਥੇਦਾਰ ਗੋਰਾ ਨੇ ਦੱਸਿਆ ਕਿ ਵਿਆਹ ਪੁਰਬ ਨੂੰ ਸੁਚੱਜੇ ਢੰਗ ਨਾਲ ਮਨਾਉਣ ਲਈ ਇਲਾਕੇ ਦੀਆਂ ਸਮੂਹ ਧਾਰਮਿਕ , ਰਾਜਨੀਤਕ, ਸਮਾਜਿਕ ਜਥੇਬੰਦੀਆਂ, ਸੇਵਾ ਸਭਾ ਸੁਸਾਇਟੀਆ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸੰਗਤਾਂ ਦੀ ਇਤਿਹਾਸਕ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਮੀਟਿੰਗ ਕਰਕੇ ਸਮੁੱਚੇ ਪ੍ਰੋਗਰਾਮ ਉਲੀਕੇ ਜਾਣਗੇ। ਇਸ ਮੌਕੇ

ਬਾਬਾ ਅਮੋਲਕ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲੇ, ਮਨਜੀਤ ਸਿੰਘ ਜਫਰਵਾਲ ਮੈਨੇਜਰ ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆਂ ਸਾਹਿਬ, ਪਲਵਿੰਦਰ ਸਿੰਘ ਲੰਬੜਦਾਰ, ਗੁਰਵਿੰਦਰ ਸਿੰਘ ਤਲਵੰਡੀ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ, ਦਵਿੰਦਰ ਸਿੰਘ ਲਾਲੀ ਬਾਜਵਾ ਮੈਨੇਜਰ ਗੁਰਦੁਆਰਾ ਓਠੀਆਂ ਸਾਹਿਬ, ਸਿਮਰਨਜੀਤ ਸਿੰਘ ਕੋਟ ਟੋਡਰ ਮੱਲ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਮਨਜੀਤ ਸਿੰਘ ਕਾਦੀਆਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ ਬਲਬੀਰ ਸਿੰਘ ਸੇਖਵਾਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਕੁਲਵੰਤ ਸਿੰਘ ਐੱਮ. ਸੀ., ਗਿਆਨੀ ਹਰਬੰਸ ਸਿੰਘ ਹੰਸਪਾਲ, ਕਰਤਾਰ ਸਿੰਘ ਸ਼ਾਸਤਰੀ ਨਗਰ, ਮਾਸਟਰ ਪ੍ਰਵੀਨ ਸਿੰਘ, ਬਾਬਾ ਗੁਰਮੀਤ ਸਿੰਘ ਉਗਰੇਵਾਲ, ਮਾਸਟਰ ਜੋਗਿੰਦਰ ਸਿੰਘ ਅੱਚਲੀ ਗੇਟ, ਗੁਰਮੁੱਖ ਸਿੰਘ ਬਸਰਾਵਾਂ, ਸਿਮਰਤਪਾਲ ਸਿੰਘ ਭਾਟੀਆ, ਹਰਪਿੰਦਰ ਸਿੰਘ ਭਿੰਦਾ, ਗੁਰਦੀਪ ਸਿੰਘ ਪੰਜਗਰਾਈਂ, ਕੁਲਦੀਪ ਸਿੰਘ ਸੰਗਰਾਵਾਂ, ਅਮਨਦੀਪ ਸਿੰਘ ਕਾਦੀਆਂ ਅਤੇ ਕਸ਼ਮੀਰ ਸਿੰਘ ਆਦਿ ਸੰਗਤਾਂ ਹਾਜ਼ਰ ਸਨ।

ਸਾਬਕਾ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨਹੀਂ ਰਹੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਪੰਥਕ ਹਲਕਿਆਂ ਵਿੱਚ ਇਹ ਖਬਰ ਬੜੇ ਹੀ ਦੁੱਖ ਨਾਲ ਪੜ੍ਹੀ ਜਾਵੇਗੀ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਭਿੱਖੀਵਿੰਡ ਵਾਲੇ ਦਿਲ ਦਾ ਦੌਰਾ ਪੈਣ ਕਾਰਨ ਇਸ ਫਾਨੀ ਸੰਸਾਰ ਤੋਂ ਕੂਚ ਕਰ ਗਏ। ਇਹ ਜਾਣਕਾਰੀ ਉਨ੍ਹਾਂ ਦੇ ਬੇਟੇ ਨਰੈਣ ਸਿੰਘ ਨੇ ਦਿੱਤੀ। ਗਿਆਨੀ ਜਗਤਾਰ ਸਿੰਘ ਨੇ ਸ਼੍ਰੋਮਣੀ ਕਮੇਟੀ ਵਿੱਚ ਆਪਣੀ ਸੇਵਾ ਇਤਿਹਾਸਕ ਗੁਰਦੁਆਰਾ ਪਿੱਪਲੀ ਸਾਹਿਬ ਪੁਤਲੀਘਰ ਅੰਮ੍ਰਿਤਸਰ ਤੋਂ ਗ੍ਰੰਥੀ ਦੇ ਰੂਪ ਵਿੱਚ ਸ਼ੁਰੂ ਕੀਤੀ ਤੇ ਬਾਅਦ ਵਿੱਚ ਉਹ ਉਥੇ ਹੈੱਡ ਗ੍ਰੰਥੀ ਵੀ ਰਹੇ। ਇਸ ਤੋਂ ਬਾਅਦ ਉਹ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਬੁਲਾਰੇ ਡਾ. ਦਲਜੀਤ ਸਿੰਘ ਦੀ ਸਿਫਾਰਸ਼ 'ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਬਣੇ ਤੇ ਲੰਮਾ ਸਮਾਂ ਗ੍ਰੰਥੀ ਤੋਂ ਬਾਅਦ ਗਿਆਨੀ ਗੁਰਬਚਨ ਸਿੰਘ ਦੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਬਣਨ ਉਪਰੰਤ ਉਨ੍ਹਾਂ ਨੂੰ ਹੈੱਡ ਗ੍ਰੰਥੀ ਦੀ ਜ਼ਿੰਮੇਵਾਰੀ ਸੌਂਪੀ ਗਈ।

ਸੇਵਾਮੁਕਤੀ ਦੇ ਬਾਅਦ ਵੀ ਉਹ ਕਈ ਸਾਲ ਹੈੱਡ ਗ੍ਰੰਥੀ ਦੇ ਅਹੁਦੇ 'ਤੇ ਬਿਰਾਜਮਾਨ ਰਹੇ। ਗਿਆਨੀ ਜਗਤਾਰ ਸਿੰਘ ਸਿੱਖ ਵਿਦਵਾਨ ਸਨ ਤੇ ਗੁਰੂ ਗ੍ਰੰਥ ਸਾਹਿਬ ਤੇ ਗੁਰੂ ਪੰਥ ਨੂੰ ਸਮਰਪਿਤ ਸਨ। ਗਿਆਨੀ ਜੀ ਦੇ ਇਸ ਸੰਸਾਰ ਤੋਂ ਚਲੇ ਜਾਣ ਨਾਲ ਪੰਥ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

ਗਿਆਨੀ ਜੀ ਦਾ ਅਕਾਲ ਚਲਾਣਾ ਦੁਖਦਾਈ: ਧਾਮੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗਹਿਰਾ ਦੁੱਖ ਪ੍ਰਗਟ ਕੀਤਾ ਹੈ। ਉਨ੍ਹਾਂ ਕਿਹਾ ਕਿ ਗਿਆਨੀ ਜਗਤਾਰ ਸਿੰਘ ਨੇ ਜਿਥੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਕਥਾਵਾਚਕ ਦੀਆਂ ਸੇਵਾਵਾਂ ਨਿਭਾਈਆਂ ਉਥੇ ਲੰਬਾ ਸਮਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੁੱਖ ਗ੍ਰੰਥੀ ਦੀ ਸੇਵਾ ਨਿਭਾਉਂਦਿਆਂ ਸੰਗਤਾਂ ਨੂੰ ਬਾਣੀ ਤੇ ਬਾਣੇ ਨਾਲ ਜੋੜਿਆ ਅਤੇ ਗੁਰੂ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਕੀਤੀ। ਗਿਆਨੀ ਜਗਤਾਰ ਸਿੰਘ ਸਿਧਾਂਤਕ ਪੁਰਸ਼ ਸਨ ਜਿਨ੍ਹਾਂ ਨੇ ਸਿੱਖੀ ਦੀਆਂ ਕਦਰਾਂ-ਕੀਮਤਾਂ ਨੂੰ ਦੁਨੀਆ ਵਿਚ ਫੈਲਾਉਣ ਲਈ ਹਮੇਸ਼ਾ ਸੰਜੀਦਾ ਪਹੁੰਚ ਅਪਨਾਈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅਜਿਹੀ ਸਖ਼ਸ਼ੀਅਤ ਦਾ ਚਲਾਣਾ ਪੂਰੇ ਵਿਸ਼ਵ ਦੀਆਂ ਸੰਗਤਾਂ ਲਈ ਵੱਡਾ ਘਾਟਾ ਹੈ ਜਿਸ ਦੀ ਪੂਰਤੀ ਨਹੀਂ ਹੋ ਸਕਦੀ। ਐਡਵੋਕੇਟ ਧਾਮੀ ਨੇ ਦਰਵੇਸ਼ ਪੁਰਸ਼ ਗਿਆਨੀ ਜਗਤਾਰ ਸਿੰਘ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ। ਗਿਆਨੀ ਜੀ ਦੇ ਚਲਾਣੇ 'ਤੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਾਇਮਪੁਰ, ਜੂਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਰੀਆ, ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ ਸਮੇਤ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਮੈਂਬਰਾਂ ਅਤੇ ਅਧਿਕਾਰੀਆਂ ਨੇ ਵੀ ਗਹਿਰਾ ਅਫਸੋਸ ਪ੍ਰਗਟ ਕੀਤਾ।

ਰਾਜਪਾਲ ਤੇ ਮੁੱਖ ਮੰਤਰੀ ਦਰਮਿਆਨ ਟਕਰਾਅ ਸੂਬੇ ਦੇ ਹਿਤ 'ਚ ਨਹੀਂ : ਸੇਖੋਂ

ਚੰਡੀਗੜ੍ਹ : ਪੰਜਾਬ ਦੇ ਰਾਜਪਾਲ ਤੇ ਮੁੱਖ ਮੰਤਰੀ ਦਰਮਿਆਨ ਚੱਲ ਰਿਹਾ ਟਕਰਾਅ ਸੂਬੇ ਦੇ ਹਿਤ 'ਚ ਨਹੀਂ ਹੈ, ਸਗੋਂ ਇਸ ਨਾਲ ਜਮਹੂਰੀਅਤ ਨੂੰ ਵੀ ਢਾਅ ਲੱਗ ਰਹੀ ਹੈ। ਇਹ ਵਿਚਾਰ ਪ੍ਰਗਟ ਕਰਦਿਆਂ ਸੀ ਪੀ ਆਈ (ਐਮ) ਪੰਜਾਬ ਦੇ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਦੋਵਾਂ ਨੂੰ ਸੁਝਾਅ ਦਿੱਤਾ ਕਿ ਟਕਰਾਅ ਦੀ ਨੀਤੀ ਛੱਡ ਕੇ ਰਾਜ ਦੀ ਭਲਾਈ ਲਈ ਕੰਮ ਕਰਨ। ਕਾਮਰੇਡ ਸੇਖੋਂ ਨੇ ਕਿਹਾ ਕਿ ਰਾਜਪਾਲ ਦਾ ਫ਼ਰਜ਼ ਸੂਬਾ ਸਰਕਾਰ ਤੇ ਕੇਂਦਰ ਸਰਕਾਰ ਦਰਮਿਆਨ ਕੜੀ ਵਜੋਂ ਕੰਮ ਕਰਨ ਦਾ ਹੈ। ਜੇਕਰ ਦੋਵੇਂ ਧਿਰਾਂ ਮਿਲ ਕੇ ਚੱਲਣ ਤਾਂ ਰਾਜ ਦਾ ਚੰਗਾ ਵਿਕਾਸ ਕੀਤਾ ਜਾ ਸਕਦਾ ਹੈ। ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪਰੋਹਿਤ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਰਮਿਆਨ ਪੈਦਾ ਹੋਏ ਟਕਰਾਅ ਕਾਰਨ ਸੂਬੇ ਦੇ ਵਿਕਾਸ ਕਾਰਜਾਂ ਵਿੱਚ ਖੜੋਤ ਆ ਰਹੀ ਹੈ।

ਪੰਜਾਬ ਦੇ ਲੋਕ ਇਸ ਝਗੜੇ ਕਾਰਨ ਚਿੰਤਾ ਵਿੱਚ ਹਨ। ਇਸ ਝਗੜੇ ਕਾਰਨ ਭਾਰਤੀ ਸੰਵਿਧਾਨ ਅਨੁਸਾਰ ਮਿਲੇ ਜਮਹੂਰੀ ਹੱਕਾਂ ਨੂੰ ਵੀ ਢਾਅ ਲਗਦੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਦੀ ਇੱਛਾ ਅਨੁਸਾਰ ਰਾਜਪਾਲ ਪੰਜਾਬ ਸਰਕਾਰ ਦੇ ਹਰ ਕੰਮ ਵਿੱਚ ਦਖ਼ਲ ਅੰਦਾਜ਼ੀ ਕਰ ਰਹੇ ਹਨ ਅਤੇ ਹੁਣ ਰਾਸ਼ਟਰਪਤੀ ਰਾਜ ਲਾਗੂ ਕਰਨ ਦੀਆਂ ਧਮਕੀਆਂ ਦੇਣ 'ਤੇ ਉਤਰ ਆਏ ਹਨ। ਕਮਿਊਨਿਸਟ ਆਗੂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਕਈ ਵਾਰ ਰਾਸ਼ਟਰਪਤੀ ਰਾਜ ਹੰਢਾਇਆ ਹੈ, ਉਹ ਡਰਨ ਵਾਲੇ ਨਹੀਂ ਹਨ ਅਤੇ ਨਾ ਹੀ ਪੰਜਾਬੀ ਧਮਕੀਆਂ ਦੀ ਪਰਵਾਹ ਕਰਦੇ ਹਨ। ਰਾਜਪਾਲ ਨੂੰ ਧਮਕੀਆਂ ਦੇਣ ਦੀ ਥਾਂ ਆਪਣਾ ਬਣਦਾ ਫ਼ਰਜ਼ ਨਿਭਾਉਣਾ ਚਾਹੀਦਾ ਹੈ ਅਤੇ ਸੂਬੇ ਦੀਆਂ ਸਮੱਸਿਆਵਾਂ ਤੇ ਵਿਕਾਸ ਕਾਰਜਾਂ ਆਦਿ ਲਈ ਕੇਂਦਰ ਸਰਕਾਰ ਨਾਲ ਰਾਬਤਾ ਕਰਕੇ ਰਾਜ ਦੇ ਹਿਤ ਲਈ ਕੰਮ ਕਰਨਾ ਚਾਹੀਦਾ ਹੈ। ਕਾਮਰੇਡ ਸੇਖੋਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਕਿਹਾ ਕਿ ਰਾਜਪਾਲ ਨੂੰ ਮੰਗੀ ਜਾਣਕਾਰੀ ਮੁਹੱਈਆ ਕਰਵਾਉਣੀ ਸੰਵਿਧਾਨਕ ਫ਼ਰਜ਼ ਹੈ, ਜਿਸ ਦੀ ਪੂਰਤੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਇਸ ਟਕਰਾਅ ਨੂੰ ਪ੍ਰਚਾਰ ਕਰਕੇ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਲਾਂਭੇ ਕਰਨ ਦਾ ਸਾਧਨ ਬਣਾ ਰਹੇ ਹਨ। ਪੰਜਾਬ ਦੇ ਲੋਕ ਹੁਣ ਜਾਗਰੂਕ ਹੋ ਚੁੱਕੇ ਹਨ, ਉਹ ਗੁੰਮਰਾਹ ਹੋਣ ਵਾਲੇ ਨਹੀਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਸੂਬੇ ਦੇ ਹਿਤ ਵੇਖਦੇ ਹੋਏ ਮੰਗੀ ਹੋਈ ਜਾਣਕਾਰੀ ਰਾਜਪਾਲ ਨੂੰ ਮੁਹੱਈਆ ਕਰਵਾਉਣ ਅਤੇ ਇਸ ਸਰਹੱਦੀ ਸੂਬੇ ਵਿੱਚ ਨਸ਼ੇ ਤੇ ਅਪਰਾਧਕ ਮਾਮਲੇ ਰੋਕਣ ਲਈ ਕੇਂਦਰ 'ਤੇ ਦਬਾਅ ਬਣਾਉਣ।

ਸੂਬਾ ਸਕੱਤਰ ਨੇ ਪੰਜਾਬ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਮਾਨ ਸਰਕਾਰ ਨਸ਼ੇ ਅਤੇ ਗੌਂਗਵਾਰ ਆਦਿ ਰੋਕਣ ਵਿੱਚ ਨਾਕਾਮ ਰਹੀ ਹੈ। ਨਸ਼ੇ ਦੇ ਸਮਗਲਰਾਂ, ਗੌਂਗਸਟਰਾਂ ਤੇ ਪੁਲਸ ਦੀ ਮਿਲੀਭੁਗਤ ਜੱਗ ਜ਼ਾਹਰ ਹੋ ਚੁੱਕੀ ਹੈ, ਪਰ ਪੰਜਾਬ ਸਰਕਾਰ ਇਸ ਗੱਠਜੋੜ ਨੂੰ ਤੋੜਨ ਵਿੱਚ ਨਾਕਾਮ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਝੂਠਾ ਤੇ ਗੁੰਮਰਾਹਕੁਨ ਪ੍ਰਚਾਰ ਬੰਦ ਕਰਕੇ ਚੋਣਾਂ ਸਮੇਂ ਕੀਤੇ ਵਾਅਦੇ ਪੂਰੇ ਕਰਨ ।

ਜ਼ਮੀਨ ਦੇ ਕਬਜ਼ੇ ਦੌਰਾਨ ਜ਼ਬਤ ਸਮਾਨ ਕੀਤਾ ਵਾਪਸ

ਨਾਭਾ ਜੇਲ੍ਹ 'ਚ ਬੰਦ ਮਜ਼ਦੂਰ ਆਗੂਆਂ ਦੀ ਭਲਕੇ ਹੋਵੇਗੀ ਰਿਹਾਈ

ਨਾਭਾ (ਵਰਿੰਦਰ ਵਰਮਾ)-ਪਿੰਡ ਮੰਡੌਰ ਵਿੱਚ ਪੰਚਾਇਤੀ ਜ਼ਮੀਨ ਦੇ ਕਬਜ਼ੇ ਸਮੇਂ ਸੰਘਰਸ਼ ਕਰ ਰਹੇ ਮਜ਼ਦੂਰਾਂ ਦਾ ਹਿਰਾਸਤ ਵਿੱਚ ਲਿਆ ਸਾਮਾਨ ਪੁਲਸ ਵੱਲੋਂ ਵਾਪਸ ਕਰ ਦਿੱਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ੋਨਲ ਆਗੂ ਧਰਮਵੀਰ ਹਰੀਗੜ੍ਹ ਨੇ ਦੱਸਿਆ ਕਿ ਪਿੰਡ ਮੰਡੌਰ ਦੇ ਮਜ਼ਦੂਰਾਂ ਵੱਲੋਂ ਰਿਜ਼ਰਵ ਕੋਟੇ ਦੀ ਜ਼ਮੀਨ ਲਈ ਸ਼ੁਰੂ ਕੀਤਾ ਸੰਘਰਸ਼ ਤੇਜ਼ ਰਫਤਾਰ ਨਾਲ ਜਿੱਤ ਵੱਲ ਵਧ ਰਿਹਾ ਹੈ।

ਦੱਸਣਯੋਗ ਹੈ ਕਿ ਪਿੰਡ ਮੰਡੌਰ ਦੇ ਮਜ਼ਦੂਰਾਂ ਨੂੰ ਜ਼ਮੀਨ ਦਾ ਹੱਕ ਦਿਵਾਉਣ ਤੇ ਝੂਠਾ ਪਰਚਾ ਪਾ ਕੇ ਜੇਲ੍ਹੀਂ ਡੱਕੇ ਆਗੂਆਂ ਦੀ ਰਿਹਾਈ ਲਈ 25 ਅਗਸਤ ਨੂੰ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਮਜ਼ਦੂਰ ਡਾਕਟਰ ਬਲਵੀਰ ਦੀ ਕੋਠੀ ਦਾ ਘਿਰਾਓ ਕਰਨ ਪਟਿਆਲਾ ਦੇ ਪੁੱਡਾ ਗਰਾਊਂਡ ਵਿੱਚ ਇੱਕਠੇ ਹੋਏ। ਸਿਹਤ ਮੰਤਰੀ ਡਾਕਟਰ ਬਲਬੀਰ ਦੀ ਕੋਠੀ ਵੱਲ ਕੂਚ ਕਰਨ ਤੋਂ ਪਹਿਲਾਂ ਹੀ ਐੱਸ.ਐੱਸ.ਪੀ. (ਪਟਿਆਲਾ) ਵਰੁਣ ਸ਼ਰਮਾ ਵੱਲੋਂ ਮਜ਼ਦੂਰ ਆਗੂਆਂ ਨੂੰ ਬੁਲਾ ਕੇ ਮੀਟਿੰਗ ਕੀਤੀ ਗਈ। ਐੱਸ.ਐੱਸ.ਪੀ. ਪਟਿਆਲਾ ਨੇ ਭਰੋਸਾ ਦਿੱਤਾ ਕਿ ਜੇਲ੍ਹ ਡੱਕੇ ਮਜ਼ਦੂਰ ਆਗੂਆਂ ਨੂੰ 29 ਅਗਸਤ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇਗਾ ਤੇ ਵਿੱਤ

ਮੰਤਰੀ ਹਰਪਾਲ ਚੀਮਾ ਨਾਲ ਮੀਟਿੰਗ ਕਰਵਾ ਕੇ ਪਿੰਡ ਮੰਡੌਰ ਸਮੇਤ ਸਾਰੇ ਪਿੰਡ ਦੀ ਕੀਤੀਆਂ ਗਲਤ ਬੋਲੀਆਂ ਰੱਦ ਕੀਤੀਆਂ ਜਾਣਗੀਆਂ। ਐੱਸ.ਐੱਸ.ਪੀ. ਦੇ ਹੁਕਮਾਂ 'ਤੇ ਪੁਲਸ ਚੌਕੀ ਰੋਹਟੀ ਪੁਲ ਦੇ ਅਧਿਕਾਰੀਆਂ ਵੱਲੋਂ ਕਬਜ਼ੇ ਸਮੇਂ ਮਜ਼ਦੂਰਾਂ ਦੇ ਮੋਰਚੇ ਵਿੱਚੋਂ ਹਿਰਾਸਤ ਵਿੱਚ ਲਿਆ ਸਾਮਾਨ ਲੋਕਾਂ ਨੂੰ ਸੌਂਪ ਦਿੱਤਾ ਗਿਆ ਹੈ। ਇਸ ਮੌਕੇ ਜਗਸੀਰ ਸਿੰਘ, ਸਨੀ ਤੇ ਸਤਪਾਲ ਸਿੰਘ ਆਦਿ ਹਾਜ਼ਰ ਸਨ।

ਮਾਮਲਾ ਪਾਵਰਕੌਮ ਦਫਤਰ ਅੱਡਾ ਦਾਖਾ ਵਿਖੇ ਮਹਿਲਾ ਕਰਮਚਾਰੀ ਨਾਲ ਬਦਸਲੂਕੀ ਦਾ

ਅਧਿਕਾਰੀਆਂ ਦੀ ਢਿੱਲੀ ਕਾਰਗੁਜ਼ਾਰੀ ਤੇ ਪੁਲਸ ਪ੍ਰਸ਼ਾਸਨ ਦੀ ਕਾਰਵਾਈ 'ਚ ਦੇਰੀ ਵਿਰੁੱਧ ਰੋਸ ਪ੍ਰਦਰਸ਼ਨ ਅੱਜ

ਲੁਧਿਆਣਾ (ਐੱਮ. ਐੱਸ. ਭਾਟੀਆ/ਰੈਕਟਰ ਕਥੂਰੀਆ)-10 ਜੁਲਾਈ ਨੂੰ ਪਾਵਰਕੌਮ ਦਫਤਰ ਅੱਡਾ ਦਾਖਾ (ਲੁਧਿਆਣਾ) ਵਿਖੇ ਇੱਕ ਮਹਿਲਾ ਕਰਮਚਾਰੀ ਨਾਲ ਪਿੰਡ ਕੈਲਪੁਰ ਦੇ ਇੱਕ ਸ਼ਰਾਰਤੀ ਅਨਸਰ ਦੁਆਰਾ ਦਫਤਰੀ ਕੰਪਲੈਕਸ ਅੰਦਰ ਦਾਖਿਲ ਹੋ ਕੇ ਮਹਿਲਾ ਕਰਮਚਾਰੀ ਨਾਲ ਹੁੱਲੜਬਾਜ਼ੀ ਕਰਦਿਆਂ ਬਦਸਲੂਕੀ ਕੀਤੀ ਗਈ ਸੀ, ਜਿਸ ਸਬੰਧੀ ਪਾਵਰਕੌਮ ਦੇ ਅਧਿਕਾਰੀ ਦੁਆਰਾ ਪੁਲਸ ਪ੍ਰਸ਼ਾਸਨ ਨੂੰ ਲਿਖਤੀ ਸੂਚਨਾ ਦੇ ਕੇ ਸਖਤ ਕਾਨੂੰਨੀ ਕਾਰਵਾਈ ਕਰਨ ਲਈ ਬੇਨਤੀ ਕ

28-AUG-PAGE-7.qxd 8/27/2023 10:34 PM Page 1

ਰੇਲਵੇ ਸਟੇਸ਼ਨ 'ਤੇ ਮੇਲ ਗੱਡੀਆਂ ਦੇ ਠਹਿਰਾਓ ਸੰਬੰਧੀ ਮੈਂਬਰ ਪਾਰਲੀਮੈਂਟ ਨੂੰ ਲਿਖਿਆ ਪੱਤਰ

ਮੇਲ ਗੱਡੀਆਂ ਦੇ ਸਟਾਪੇਜ ਸੰਬੰਧੀ ਮੰਗ ਪੱਤਰ ਦੀ ਕਾਪੀ ਦਿਖਾਉਂਦੇ ਹੋਏ ਪਤਵੰਤੇ।

ਤਪਾ ਮੰਡੀ (ਅਰੁਣ ਗੋਇਲ)

ਸਥਾਨਕ ਰੇਲਵੇ ਸਟੇਸ਼ਨ 'ਤੇ ਰੇਲਵੇ ਵਿਭਾਗ ਵੱਲੋਂ ਬੰਦ ਕੀਤੇ ਮੇਲ ਗੱਡੀਆਂ ਦੇ ਸਟਾਪੇਜ ਨੂੰ ਬਹਾਲ ਕਰਵਾਉਣ ਲਈ ਸੰਗਰੂਰ ਲੋਕ ਸਭਾ ਦੇ ਮੈਂਬਰ ਪਾਰਲੀਮੈਂਟ ਨੂੰ ਸਿਟੀ ਵੈੱਲਫੇਅਰ ਸੁਸਾਇਟੀ ਤਪਾ ਨੇ ਖੁੱਲ੍ਹਾ ਪੱਤਰ ਲਿਖ ਕੇ ਚਾਲੂ ਕਰਵਾਉਣ ਦੀ ਮੰਗ ਕੀਤੀ ਹੈ।

ਸਿਟੀ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਸੱਤ ਪਾਲ ਗੋਇਲ ਨੇ ਦੱਸਿਆ ਕਿ ਇਥੋਂ ਦੇ ਜੰਮਪਲ ਪਵਨ ਕੁਮਾਰ ਬਾਂਸਲ ਨੇ ਅਪਣੇ ਰੇਲ ਮੰਤਰੀ ਕਾਰਜਕਾਲ ਦੌਰਾਨ ਅਪਣੀ ਮਾਤ ਭੂਮੀ ਦੇ ਲੋਕਾਂ ਦੀ ਮੰਗ ਨੂੰ ਪੂਰੀ ਕਰਨ ਲਈ ਤਪਾ ਸਟੇਸ਼ਨ 'ਤੇ ਲਗਭਗ ਸਾਰੀਆਂ ਗੱਡੀਆਂ ਦੇ ਸਟਾਪੇਜ ਕਰ ਦਿੱਤੇ ਸਨ, ਜੋ ਲਗਾਤਾਰ 10 ਸਾਲ ਤੱਕ ਜਾਰੀ ਰਹੇ, ਪਰ ਅਚਾਨਕ ਕੋਰੋਨਾ ਕਾਲ ਤੋਂ ਬਾਅਦ 1-10-2021 ਨੂੰ ਬਗੈਰ ਕਿਸੇ ਕਾਰਨ ਰੇਲਵੇ ਵਿਭਾਗ ਨੇ ਇਹ ਠਹਿਰਾਓ ਬੰਦ ਕਰ ਦਿੱਤੇ। ਇਸ ਦੇ ਨਾਲ ਹੀ ਮੈਡਮ ਸਿਮਰਨਜੀਤ ਕੌਰ ਬਾਦਲ ਦੀ ਸਿਫਾਰਿਸ਼ ਤੇ ਭੂਚੋ ਰੇਲਵੇ ਸਟੇਸ਼ਨ 'ਤੇ ਤਪਾ ਮੰਡੀ ਨਾਲੋਂ 40 ਪ੍ਰਤੀਸ਼ਤ ਆਮਦਨ ਹੋਣ ਦੇ ਬਾਵਜੂਦ ਉਸੇ ਮਿਤੀ ਨੂੰ ਹੀ ਠਹਿਰਾਉ ਕਰ ਦਿੱਤੇ ਜੋ ਪਹਿਲਾਂ ਨਹੀਂ ਸਨ। ਉਨ੍ਹਾਂ ਦੱਸਿਆ ਕਿ ਲੋਕ ਸਭਾ ਜ਼ਿਮਨੀ ਚੋਣ 2022 'ਚ ਆਪ ਵੱਲੋਂ ਤਪਾ ਮੰਡੀ ਦੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਜੇਕਰ ਮੈਂ ਜ਼ਿਮਨੀ ਚੋਣ ਜਿੱਤ ਗਿਆ ਤਾਂ ਮੈਂ ਇੱਕ ਮਹੀਨੇ ਦੇ ਅੰਦਰ ਰੇਲਵੇ ਵੱਲੋਂ ਬੰਦ ਕੀਤੇ ਠਹਿਰਾਓ ਮੁੜ ਚਾਲੂ ਕਰਵਾ ਦੇਵਾਂਗਾ, ਪਰ 15 ਮਹੀਨੇ ਬੀਤ ਜਾਣ 'ਤੇ ਵੀ ਕੋਈ ਗੱਡੀ ਦਾ ਠਹਿਰਾਉ ਨਹੀਂ ਹੋਇਆ। ਸੰਸਥਾ ਨੇ ਕਈ ਵਾਰ ਸਮੇਂ-ਸਮੇਂ 'ਤੇ ਮੰਗ ਪੱਤਰ ਵੀ ਦਿੱਤੇ, ਪਰ ਪਰਨਾਲਾ ਉਥੇ ਦਾ ਉਥੇ ਹੀ ਹੈ। ਉਨ੍ਹਾਂ ਮੰਗ ਕੀਤੀ ਕਿ ਇਹ ਮੁੱਦਾ ਰੇਲਵੇ ਮੰਤਰੀ ਪਾਸ ਲੋਕ ਸਭਾ 'ਚ ਉਠਾਇਆ ਜਾਵੇ ਤਾਂ ਕਿ ਲੋਕਾਂ ਨਾਲ ਕੀਤਾ ਵਾਅਦਾ ਵਫਾ ਹੋ ਸਕੇ।

ਇਲੈਕਟ੍ਰੋਨਿਕ ਸ਼ੋਅ ਰੂਮ 'ਚੋਂ ਲੱਖਾਂ ਦਾ ਸਾਮਾਨ ਚੋਰੀ

ਸਾਮਾਨ ਲੱਦਣ ਸਮੇਂ ਚੋਰ ਸੀਸੀਟੀਵੀ ਕੈਮਰੇ 'ਚ ਹੋਏ ਕੈਦ

ਸ਼ੋਅ ਰੂਮ 'ਚੋਂ ਹੋਈ ਚੋਰੀ ਦੀ ਘਟਨਾ ਸਬੰਧੀ ਜਾਣਕਾਰੀ ਦਿੰਦਾ ਹੋਇਆ ਮਾਲਕ ਗੁਰਜਿੰਦਰ ਸਿੰਘ।

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ-ਰਾਹੋਂ ਰੋਡ 'ਤੇ ਸਥਿਤ ਮਾਡਰਨ ਇਲੈਕਟ੍ਰੋਨਿਕ ਸ਼ੋ-ਰੂਮ ਵਿੱਚੋਂ ਸ਼ਨੀਵਾਰ ਤੜਕੇ ਚੋਰ 4 ਲੱਖ ਰੁਪਏ ਤੋਂ ਵੱਧ ਦਾ ਸਾਮਾਨ ਚੋਰੀ ਕਰਕੇ ਫ਼ਰਾਰ ਹੋ ਗਏ। ਇਸ ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਸ਼ੋ-ਰੂਮ ਦੇ ਮਾਲਕ ਗੁਰਜਿੰਦਰ ਸਿੰਘ ਤਨੇਜਾ ਨੇ ਦੱਸਿਆ ਕਿ ਉਹ ਹਰ ਰੋਜ਼ ਦੀ ਤਰ੍ਹਾਂ ਰਾਤ ਸਮੇਂ ਆਪਣੀ ਦੁਕਾਨ ਨੂੰ ਤਾਲਾ ਲਗਾ ਕੇ ਗਏ ਸਨ ਤੇ ਅੱਜ ਜਦੋਂ ਉਨ੍ਹਾਂ ਸਵੇਰੇ ਆ ਕੇ ਦੇਖਿਆ ਤਾਂ ਸ਼ਟਰ ਨੂੰ ਲੱਗੇ ਤਾਲੇ ਟੁੱਟੇ ਹੋਏ ਸਨ। ਉਨ੍ਹਾ ਦੱਸਿਆ ਕਿ ਦੁਕਾਨ ਅੰਦਰੋਂ ਕਰੀਬ 15 ਬੈਟਰੀਆਂ, ਇਨਵਰਟਰ ਤੇ ਕੁਝ ਪੁਰਾਣੇ ਮੋਬਾਇਲ ਚੋਰੀ ਹੋ ਚੁੱਕੇ ਸਨ ਅਤੇ ਉਸ ਦੇ ਗੱਲੇ 'ਚ ਪਈ ਕਰੀਬ 5 ਤੋਂ 7 ਹਜ਼ਾਰ ਨਕਦੀ ਵੀ ਚੋਰ ਉਡਾ ਕੇ ਲੈ ਗਏ। ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਦੋਂ ਜਾਂਚ ਕੀਤੀ ਗਈ ਤਾਂ ਚੋਰ ਤੜਕੇ ਕਰੀਬ ਸਾਢੇ 3 ਵਜੇ ਪਿਕਅੱਪ ਜੀਪ 'ਤੇ ਆਏ ਜੋ ਕਿ ਕਰੀਬ 1 ਘੰਟਾ ਸ਼ੋ-ਰੂਮ ਦੇ ਬਾਹਰ ਖੜੀ ਰਹੀ ਤੇ ਉਸ ਵਿੱਚ ਉਹ ਸਾਮਾਨ ਲੱਦ ਕੇ ਮੇਨ ਚੌਕ ਵੱਲ ਨੂੰ ਫ਼ਰਾਰ ਹੋ ਗਏ। ਘਟਨਾ ਦੀ ਸੂਚਨਾ ਮਿਲਦੇ ਹੀ ਮਾਛੀਵਾੜਾ ਪੁਲਸ ਅਧਿਕਾਰੀ ਵੀ ਮੌਕੇ 'ਤੇ ਪੁੱਜੇ, ਜਿਨ੍ਹਾਂ ਨੇ ਦੁਕਾਨ ਦਾ ਜਾਇਜ਼ਾ ਲਿਆ।

ਪੁਲਸ ਵੱਲੋਂ ਸੜਕਾਂ 'ਤੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਚੋਰੀ ਲਈ ਵਰਤੀ ਗਈ ਪਿਕਅੱਪ ਜੀਪ ਜਾਂ ਚੋਰਾਂ ਬਾਰੇ ਕੋਈ ਸੁਰਾਗ ਮਿਲ ਸਕੇ।

ਦੜੇ-ਸੱਟੇ, ਨਸ਼ਿਆਂ ਤੇ ਬੁੱਕੀ ਦਾ ਕਾਰੋਬਾਰ ਸ਼ਹਿਰ 'ਚ ਜ਼ੋਰਾਂ 'ਤੇ : ਰੂਬੀ ਗਿੱਲ

ਪੁਲਸ ਦੀ ਕਾਰਗੁਜ਼ਾਰੀ ਤੋਂ ਲੋਕ ਨਾਖੁਸ਼

ਜਲਾਲਾਬਾਦ (ਜੀਤ ਕੁਮਾਰ)-ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਿੱਥੇ ਇੱਕ ਪਾਸੇ ਪੰਜਾਬ ਵਿੱਚ ਨਸ਼ਿਆਂ 'ਤੇ ਮੁਕੰਮਲ ਠੱਲ੍ਹ ਪਾਉਣ ਲਈ ਜੀ ਤੋੜ ਉਪਰਾਲੇ ਕਰਨ ਦੇ ਦਾਅਵੇ ਕੀਤੇ ਜਾ ਰਹੇ ਹਨ, ਦੂਜੇ ਪਾਸੇ ਜਲਾਲਾਬਾਦ ਸ਼ਹਿਰ ਵਿੱਚ ਤੇ ਸਿਟੀ ਦੇ ਆਉਂਦੇ ਪਿੰਡਾਂ ਵਿੱਚ ਨਸ਼ਿਆਂ ਤੇ ਦੜੇ ਸੱਟੇ ਦਾ ਕਾਰੋਬਾਰ ਸਰੇਆਮ ਥਾਣਾ ਸਿਟੀ ਦੇ ਮੌਜੂਦਾ ਐੱਸ.ਐੱਚ.ਓ. ਦੀ ਕਥਿਤ ਸ਼ਹਿ 'ਤੇ ਚੱਲ ਰਿਹਾ ਹੈ, ਉਥੇ ਹੀ ਸ਼ਹਿਰ ਦੇ ਕੁਝ ਹੋਟਲਾਂ ਵਿੱਚ ਦੇਹ ਵਪਾਰ ਦਾ ਕਾਰੋਬਾਰ ਵੀ ਸਰੇਆਮ ਚਲਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਯੂਥ ਕਾਂਗਰਸ ਆਗੂ ਰੂਬੀ ਗਿੱਲ ਨੇ ਦੱਸਿਆ ਕਿ ਜਲਾਲਾਬਾਦ ਥਾਣਾ ਸਿਟੀ ਵਿੱਚ ਜਦੋਂ ਤੋਂ ਮੌਜੂਦਾ ਐੱਸ.ਐੱਚ.ਓ. ਨੇ ਚਾਰਜ ਸੰਭਾਲਿਆ ਹੈ, ਉਦੋਂ ਤੋਂ ਨਸ਼ਿਆਂ ਤੇ ਦੜੇ ਸੱਟੇ ਦਾ ਕਾਰੋਬਾਰ ਪੂਰੇ ਜ਼ੋਰਾਂ ਨਾਲ ਸ਼ਹਿਰ ਵਿੱਚ ਚੱਲ ਰਿਹਾ ਹੈ ਅਤੇ ਮੌਜੂਦਾ ਸਰਕਾਰ ਵੱਲੋਂ ਕੀਤੇ ਦਾਅਵਿਆਂ ਦੀ ਪੋਲ ਖੋਲ੍ਹ ਰਿਹਾ ਹੈ। ਉਨ੍ਹਾ ਦੱਸਿਆ ਕਿ ਦੜੇ ਸੱਟੇ ਤੇ ਬੁੱਕੀ, ਚੱਕਰੀ ਜੂਏ ਦਾ ਕਾਰੋਬਾਰ ਸੱਤਾਧਾਰੀ ਪਾਰਟੀ ਦੀ ਸ਼ਹਿ ਤੋਂ ਬਿਨਾਂ ਨਹੀਂ ਹੋ ਸਕਦਾ, ਇਸ ਲਈ ਮੌਜੂਦਾ ਐੱਸ.ਐੱਚ.ਓ. ਵੱਲੋਂ ਕਿਸੇ ਵੀ ਅਜਿਹੇ ਵਿਅਕਤੀ 'ਤੇ ਕੋਈ ਵੱਡੀ ਕਾਰਵਾਈ ਨਹੀਂ ਕੀਤੀ ਗਈ, ਤਾਂ ਹੀ ਅਜਿਹਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਵੱਲੋਂ ਇਹ ਕੰਮ ਬਿਨਾਂ ਕਿਸੇ ਡਰ ਦੇ ਚਲਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ ਲੜਕੀਆਂ ਦੇ ਸਰਕਾਰੀ ਸਕੂਲ ਦੇ ਬਾਹਰ ਸਰੇਆਮ ਭੂੰਡ ਆਸ਼ਕਾਂ ਦੀ ਭਰਮਾਰ ਰਹਿੰਦੀ ਹੈ, ਜੋ ਸਕੂਲ ਆਉਣ ਤੇ ਛੁੱਟੀ ਵੇਲੇ ਲੜਕੀਆਂ ਨੂੰ ਪ੍ਰੇਸ਼ਾਨ ਕਰਦੇ ਰਹਿੰਦੇ ਹਨ, ਥਾਣਾ ਸਿਟੀ ਦੀ ਪੁਲਸ ਵੱਲੋਂ ਇਥੇ ਨਾਕਾਬੰਦੀ ਕਰਕੇ ਸਿਰਫ ਖਾਨਾਪੂਰਤੀ ਹੀ ਕੀਤੀ ਜਾਂਦੀ ਹੈ ਤੇ ਇਥੇ ਸਿਰਫ ਆਮ ਲੋਕਾਂ ਦੇ ਵਹੀਕਲਾਂ ਦੇ ਚਲਾਣ ਕੱਟੇ ਜਾਂਦੇ ਹਨ। ਇਸ ਨਾਲਾਇਕੀ ਤੋਂ ਤੰਗ ਆ ਕੇ ਸ਼ਹਿਰ ਵਾਸੀਆਂ ਵੱਲੋਂ ਬੀਤੇ ਦਿਨੀਂ ਗੁੰਡਾਗਰਦੀ ਤੇ ਭੂੰਡ ਆਸ਼ਕਾਂ ਵਿਰੁੱਧ ਆਪਣੇ ਤੌਰ 'ਤੇ ਸਕੂਲ ਸਾਹਮਣੇ ਮੋਰਚਾ ਸੰਭਾਲਿਆ ਤੇ ਮਾੜੇ ਅਨਸਰਾਂ ਨੂੰ ਭਾਜੜਾਂ ਪਾਈਆਂ। ਸ਼ਹਿਰ ਵਾਸੀਆਂ ਦੀ ਮੰਗ ਹੈ ਕਿ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ ਹਲਕੇ ਵੱਲ ਧਿਆਨ ਦੇਣ ਤੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਦੇ ਰਾਜ ਦੌਰਾਨ ਜੋ ਨਸ਼ਿਆਂ, ਜੂਆਂ, ਸੱਟੇ ਆਦਿ ਕੰਮ ਚੱਲ ਰਹੇ ਹਨ, ਉਸ ਦੀ ਜਾਣਕਾਰੀ ਸਰਕਾਰ ਨੂੰ ਪਹੁੰਚਾਈ ਜਾਵੇ ਤੇ ਇਨ੍ਹਾਂ ਸਮਾਜ ਵਿਰੋਧੀ ਕੰਮਾਂ ਨੂੰ ਚਲਾਉਣ ਵਾਲੇ ਲੋਕਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ। ਜਦੋਂ ਇਸ ਦੇ ਸਬੰਧ ਵਿੱਚ ਡੀ ਐੱਸ ਪੀ ਏ ਆਰ ਸ਼ਰਮਾ ਨਾਲ ਗੱਲ ਕਰਨੀ ਚਾਹੀ ਤਾਂ ਉਨ੍ਹਾਂ ਨੇ ਫੋਨ ਚੁੱਕਣਾ ਮੁਨਾਸਿਬ ਨਹੀਂ ਸਮਝਿਆ।

ਕਾਤਰਾਂ

ਕਾਰ ਤੇ ਟਰੱਕ ਦੀ ਟੱਕਰ 'ਚ ਮਾਂ-ਪੁੱਤ ਦੀ ਮੌਤ

ਬਰੇਟਾ (ਗੀਤਵਾਲ)-ਕਾਰ ਤੇ ਟਰੱਕ ਦੀ ਟੱਕਰ ਵਿੱਚ ਕਾਰ ਸਵਾਰ ਚਾਰ ਵਿਅਕਤੀਆਂ ਵਿੱਚਾਂ ਦੋ ਦੀ ਮੌਤ ਹੋ ਜਾਣ ਦਾ ਦੁੱਖਦਾਈ ਸਮਾਚਾਰ ਹੈ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਪਿੰਡ ਕਾਹਨਗੜ੍ਹ ਦੇ ਬੱਸ ਅੱਡੇ ਨਜ਼ਦੀਕ ਮੂਨਕ ਤੋਂ ਬਰੇਟਾ ਵੱਲ ਆ ਰਹੀ ਇੱਕ ਸਵਿਫਟ ਕਾਰ ਦੀ ਸਾਇਡ 'ਤੇ ਖੇੜ ਇੱਕ ਟਰੱਕ ਨਾਲ ਟੱਕਰ ਹੋ ਗਈ, ਜਿਸ 'ਚ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਕਾਰ ਸਵਾਰ ਮਾਂ-ਪੁੱਤ ਜਸਪ੍ਰੀਤ ਕੌਰ (42) ਤੇ ਸਰਤਾਜ਼ ਸਿੰਘ (14) ਦੀ ਮੌਤ ਹੋ ਗਈ ਅਤੇ ਪਿਓ, ਧੀ ਗਰੁਜੀਤ ਸਿੰਘ ਤੇ ਕੋਮਲਪ੍ਰੀਤ ਕੌਰ ਜ਼ਖਮੀ ਹੋ ਗਏ। ਮ੍ਰਿਤਕ ਤੇ ਜ਼ਖਮੀ ਵਿਅਕਤੀ ਨਜ਼ਦੀਕੀ ਪਿੰਡ ਡਸਕੇ ਦੇ ਦੱਸੇ ਜਾ ਰਹੇ ਹਨ।

ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਸੰਬੰਧੀ ਪ੍ਰਭਾਤ ਫੇਰੀਆਂ ਸ਼ੁਰੂ

ਬਾਘਾ ਪੁਰਾਣਾ (ਮਨੀ ਸਿੰਗਲਾ)-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਸ੍ਰੀ ਸ਼ਿਵ ਮੰਦਿਰ ਪ੍ਰਬੰਧਕ ਕਮੇਟੀ ਮੋਗਾ ਰੋਡ ਵੱਲੋਂ ਸ਼ਹਿਰ ਵਾਸੀਆਂ ਦੇ ਸਹਿਯੋਗ ਦੇ ਨਾਲ 7 ਸਤੰਬਰ ਨੂੰ ਬੜੀ ਸ਼ਰਧਾ ਤੇ ਧੂਮ-ਧਾਮ ਦੇ ਨਾਲ ਮਨਾਇਆ ਜਾ ਰਿਹਾ ਹੈ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਵਿੰਦਰ ਗਰਗ, ਕ੍ਰਿਸ਼ਨ ਗਰਗ, ਰੋਸ਼ਨ ਲਾਲ ਰੋਸ਼ੀ, ਅਸ਼ਵਨੀ ਸ਼ਰਮਾ, ਸੰਦੀਪ ਠੰਡੂ ਨੇ ਦੱਸਿਆ ਕਿ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਨੂੰ ਲੈ ਕੇ ਤਿਆਰੀਆਂ ਜ਼ੋਰਾਂ-ਸ਼ੋਰਾਂ ਦੇ ਨਾਲ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਨਮ ਅਸ਼ਟਮੀ ਦੇ ਸਬੰਧ 'ਚ ਸ਼ਹਿਰ ਅੰਦਰ ਪ੍ਰਭਾਤ ਫੇਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ 5 ਸਤੰਬਰ ਨੂੰ ਸ੍ਰੀ ਸ਼ਿਵ ਮੰਦਿਰ ਤੋਂ ਸ਼ੋਭਾ ਯਾਤਰਾ ਕੱਢੀ ਜਾਵੇਗੀ। ਇਸ ਮੌਕੇ ਬਿਮਲ ਗੋਇਲ, ਕੇਵਲ ਕ੍ਰਿਸ਼ਨ, ਸੁਰੇਸ਼ ਗੋਇਲ, ਪਵਨ ਗੁਪਤਾ, ਬੌਬੀ ਗਰਗ, ਚਤੁਰਭੁਜ ਜਿੰਦਲ, ਅਸ਼ੋਕ ਗੋਇਲ, ਰਕੇਸ਼ ਤੋਤਾ, ਅਜੇ ਪੂਰੀ, ਮਨੋਜ ਗੋਇਲ, ਲਲਿਤ ਗਰਗ, ਦਵਿੰਦਰ ਚੀਕਾ, ਅਸ਼ੋਕ ਸੈਕਟਰੀ, ਨਰੋਤਮ ਕੰਬੋਜ ਤੇ ਹੋਰ ਹਾਜ਼ਰ ਸਨ।

ਪੁਲਸ ਵੱਲੋਂ ਸਰਚ ਅਭਿਆਨ

ਮਲੋਟ (ਗੁਰਮੀਤ ਸਿੰਘ ਮੱਕੜ)-ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਵਿਖੇ ਨਸ਼ਿਆਂ ਤੇ ਸ਼ਰਾਰਤੀ ਅਨਸਰਾਂ ਖਿਲਾਫ ਮੁਹਿੰਮ ਵਿੱਢੀ ਗਈ ਹੈ, ਜਿਸ ਤਹਿਤ ਪੁਲਸ ਦੀਆਂ ਵੱਖ-ਵੱਖ ਟੁੱਕੜੀਆਂ ਬਣਾ ਕੇ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਚੜ੍ਹਦੀ ਸਵੇਰ ਸਵੇਰੇ 5:00 ਤੋਂ ਜਸਪਾਲ ਸਿੰਘ ਧਾਲੀਵਾਲ ਡੀ.ਐੱਸ.ਪੀ (ਡੀ) ਤੇ ਕਰਮਜੀਤ ਸਿੰਘ ਮੁੱਖ ਅਫਸਰ ਥਾਣਾ ਕਿੱਲਿਆਂਵਾਲੀ ਸਮੇਤ 70 ਪੁਲਸ ਮੁਲਾਜ਼ਮਾਂ ਵੱਲੋਂ ਕਿੱਲਿਆਂਵਾਲੀ ਮੰਡੀ ਵਿਖੇ ਕਾਸੋ ਓਪਰੇਸ਼ਨ ਤਹਿਤ ਤਲਾਸ਼ੀ ਮੁਹਿੰਮ ਚਲਾਈ ਗਈ।

ਏਕਤਾ ਉਗਰਾਹਾਂ ਨੇ ਚੁੱਕਿਆ ਨਸ਼ੇ ਨੂੰ ਖਤਮ ਕਰਨ ਦਾ ਬੀੜਾ

ਚੀਮਾ ਮੰਡੀ (ਰਵਿੰਦਰ ਚੀਮਾ)-ਨੇੜਲੇ ਪਿੰਡ ਕਣਕਵਾਲ ਭੰਗੂਆਂ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਪਿੰਡ ਵਾਸੀਆਂ ਦਾ ਭਰਵਾਂ ਇਕੱਠ ਕੀਤਾ। ਇਸ ਮੌਕੇ ਉਨ੍ਹਾਂ ਲੋਕਾਂ ਨੂੰ ਨਸ਼ੇ ਖਿਲਾਫ ਲਾਮ ਬੰਦ ਹੋਣ ਦਾ ਹੋਕਾ ਦਿੱਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਨੇ ਕਿਹਾ ਕਿ ਪਿੰਡਾਂ ਵਿੱਚ ਨਸ਼ਿਆਂ ਖਿਲਾਫ ਕਮੇਟੀਆਂ ਬਣਾ ਕੇ ਲੋਕਾਂ ਨੂੰ ਨਸ਼ਿਆਂ ਖਿਲਾਫ ਜਾਗਰੂਕ ਕਰਨਗੇ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਕਰਨ ਨਾਲ ਸਾਡੀ ਨੌਜਵਾਨੀ ਤਬਾਹ ਹੋਣ ਤੋਂ ਬਚ ਜਾਵੇਗੀ। ਨਸ਼ਾ ਵੇਚਣ ਵਾਲਿਆਂ 'ਤੇ ਨਕੇਲ ਕੱਸੀ ਜਾਵੇਗੀ, ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਮੁਹਿੰਮ ਵਿੱਚ ਵਧ ਚੜ੍ਹ ਕੇ ਹਿੱਸਾ ਲਿਆ ਜਾਵੇ ਤਾਂ ਕਿ ਹੱਸਦੇ ਵੱਸਦੇ ਪੰਜਾਬ ਨੂੰ ਤਬਾਹ ਹੋਣ ਤੋਂ ਬਚਾਇਆ ਜਾ ਸਕੇ। ਇਸ ਮੌਕੇ ਰਾਮਸ਼ਰਨ ਸਿੰਘ ਜਰਨਲ ਸਕੱਤਰ ਬਲਾਕ ਪ੍ਰਧਾਨ ਜਸਵੰਤ ਸਿੰਘ ਤੋਲਵਾਲ ਤੇ ਮਾਨਕ ਸਿੰਘ ਨੇ ਸੰਬੋਧਨ ਕੀਤਾ।

ਵਿਦਿਆਰਥੀ ਮਾਸਟਰ ਗੋਲੂ ਦਾ ਗੀਤ 'ਚਾਰ ਕਿਤਾਬਾਂ' ਰਿਲੀਜ਼

ਬਠਿੰਡਾ (ਪਰਵਿੰਦਰ ਜੀਤ ਸਿੰਘ)

ਬੀਤੇ ਦਿਨੀਂ ਜਗਮੇਲ ਕਲਿਆਣ ਦੇ ਸੰਗੀਤ ਨਾਲ ਸ਼ਿੰਗਾਰਿਆ ਹੋਇਆ ਕਲਿਆਣ ਰਿਕਾਰਡਜ਼ ਦੀ ਪੇਸ਼ਕਸ਼ ਮਾਸਟਰ ਗੋਲੂ ਦੀ ਦਿਲਕਸ਼ ਆਵਾਜ਼ ਵਿੱਚ ਗਾਇਆ ਗੀਤ 'ਚਾਰ ਕਿਤਾਬਾਂ' ਮੈਡਮ ਭੁਪਿੰਦਰ ਕੌਰ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿੱ.) ਤੇ ਸ੍ਰੀ ਮਹਿੰਦਰਪਾਲ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿੱ.) ਨੇ ਰਿਲੀਜ਼ ਕੀਤਾ। ਇਸ ਗੀਤ ਨੂੰ ਜਗਮੇਲ ਕਲਿਆਣ ਈ.ਟੀ.ਟੀ. ਅਧਿਆਪਕ ਨੇ ਸੰਗੀਤਬੱਧ ਕੀਤਾ ਹੈ। ਜ਼ਿਕਰਯੋਗ ਹੈ ਕਿ ਇਹ ਗੀਤ ਤੀਜੀ ਜਮਾਤ ਦੀ ਪਾਠ-ਪੁਸਤਕ 'ਸਵਾਗਤ ਜ਼ਿੰਦਗੀ' ਵਿੱਚੋਂ ਲਿਆ ਗਿਆ ਹੈ। ਇਸ ਮੌਕੇ ਮੈਡਮ ਭੁਪਿੰਦਰ ਕੌਰ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਪ੍ਰਤਿਭਾ ਦੀ ਕੋਈ ਘਾਟ ਨਹੀਂ ਹੈ, ਬਸ ਉਸ ਨੂੰ ਤਰਾਸ਼ਣ ਵਾਲੇ ਚਾਹੀਦੇ ਹਨ ਤੇ ਜਗਮੇਲ ਸਿੰਘ ਦੀ ਸਖਤ ਮਿਹਨਤ ਨੇ ਗੋਲੂ ਨੂੰ ਅੱਜ ਗਾਇਕ ਵਜੋਂ ਨਿਖਾਰ ਕੇ ਪੇਸ਼ ਕੀਤਾ ਹੈ। ਇਸ ਮੌਕੇ ਸੀ.ਐੱਚ.ਟੀ. ਮੈਡਮ ਬੇਅੰਤ ਕੌਰ ਨੇ ਕਿਹਾ ਕਿ ਗੋਲੂ ਮੇਰੇ ਸੈਂਟਰ ਦੀ ਸ਼ਾਨ ਹੈ। ਸਰਕਾਰੀ ਪ੍ਰਾਇਮਰੀ ਸਕੂਲ ਕੋਠੇ ਅਮਰਪੁਰਾ ਦੇ ਮੁਖੀ ਜਸਵਿੰਦਰ ਸਿੰਘ ਨੇ ਗੋਲੂ ਦੀ ਪ੍ਰਾਪਤੀ ਨੂੰ ਮਾਣਮੱਤੀ ਪ੍ਰਾਪਤੀ ਦੱਸਿਆ। ਜਗਮੇਲ ਕਲਿਆਣ ਨੇ ਦੱਸਿਆ ਕਿ ਗੋਲੂ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਕਰਵਾਏ ਵਿੱਦਿਅਕ ਮੁਕਾਬਲਿਆਂ ਵਿੱਚ ਗੀਤ ਗਾਇਨ ਮੁਕਾਬਲੇ 'ਚ ਜ਼ਿਲ੍ਹੇ ਦੀ ਨੁਮਾ

28-August-PAGE-8.qxd 8/27/2023 10:27 PM Page 1

ਕ੍ਰਿਪਾਲ ਰਾਮ ਪਾਲਾ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

ਮਾਹਿਲਪੁਰ (ਸਫਰੀ, ਨਿਰਮਲ ਸਿੰਘ ਮੁਗੋਵਾਲ)- ਗੜ੍ਹਸ਼ੰਕਰ ਦੀ ਰਾਜਨੀਤੀ 'ਚ ਉਸ ਸਮੇਂ ਵੱਡਾ ਭੁਚਾਲ ਆਇਆ ਜਦੋਂ ਹਲਕਾ ਵਿਧਾਇਕ ਗੜ੍ਹਸ਼ੰਕਰ ਤੇ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਰਹਿਨੁਮਾਈ ਹੇਠ ਹਲਕਾ ਗੜ੍ਹਸ਼ੰਕਰ ਤੇ ਪੂਰੇ ਪੰਜਾਬ 'ਚ ਚੱਲ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਤ ਹੋ ਕੇ ਮਿਊਂਸੀਪਲ ਕੌਂਸਲ ਗੜ੍ਹਸ਼ੰਕਰ ਦੇ ਐਮ ਸੀ ਵੱਲੋਂ ਦਿਨੋ ਦਿਨ ਮੁਰਝਾ ਰਹੇ ਭਾਜਪਾ ਦੇ ਫੁੱਲ ਨੂੰ ਛੱਡ ਕੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਦਾ ਝਾੜੂ ਫੜ ਲਿਆ। ਇਸ ਮੌਕੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਗੜ੍ਹਸ਼ੰਕਰ 'ਚ ਭਾਰੀ ਇਕੱਠ ਦੌਰਾਨ ਐਮ ਸੀ ਕ੍ਰਿਪਾਲ ਰਾਮ ਪਾਲਾ ਤੇ ਸਾਥੀਆਂ ਨੂੰ ਆਪ ਵਿੱਚ ਸ਼ਾਮਲ ਕਰਵਾਉਦਿਆਂ ਕਿਹਾ ਕਿ ਗੜ੍ਹਸ਼ੰਕਰ ਹੀ ਨਹੀਂ ਪੂਰੇ ਦੇਸ਼ 'ਚ ਭਾਜਪਾ ਦਾ ਫੁੱਲ ਮੁਰਝਾ ਰਿਹਾ ਹੈ। ਭਾਜਪਾ ਦੇ ਫੁੱਲ ਨੇ ਮਨੀਪੁਰ ਵਿੱਚ ਔਰਤਾਂ ਦੇ ਸਨਮਾਨ ਨੂੰ ਸੜਕਾਂ ਉਤੇ ਰੋਲ ਕੇ ਪੂਰੇ ਦੇਸ਼ ਹੀ ਨਹੀਂ ਦੁਨੀਆ ਭਰ ਦੀਆਂ ਔਰਤਾਂ ਨੂੰ ਸ਼ਰਮਸਾਰ ਕੀਤਾ ਹੈ। ਇਸ ਮੌਕੇ ਡਿਪਟੀ ਸਪੀਕਰ ਵੱਲੋਂ ਮੁੱਖ ਮੰਤਰੀ ਦਿੱਲੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਆਪਣੇ ਰਾਜਾਂ ਵਿੱਚ ਮੁਫਤ ਬਿਜਲੀ, ਪਾਣੀ, ਸਿੱਖਿਆ, ਸਿਹਤ ਸਹੂਲਤਾਂ ਅਤੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਕੀਤੇ ਵਾਅਦਿਆਂ ਨੂੰ ਇੰਨ ਬਿੰਨ ਪੂਰੇ ਕਰਨ ਦੀ ਗੱਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਲਦ ਹੀ ਗੜ੍ਹਸ਼ੰਕਰ ਬਾਈਪਾਸ ਬਣਾਉਣ ਦੇ ਵਾਅਦੇ ਨੂੰ ਵੀ ਪੂਰਾ ਕਰਨ ਜਾ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 600 ਯੂਨਿਟ ਮੁਫਤ ਬਿਜਲੀ ਦੇਣ ਦੇ ਬਾਵਜੂਦ ਬਿਜਲੀ ਬੋਰਡ ਦਾ ਸਾਰਾ ਘਾਟਾ ਪੂਰਾ ਕਰ ਦਿੱਤਾ ਗਿਆ। ਉਨ੍ਹਾ ਕਿਹਾ ਕਿ ਭਾਜਪਾ ਤੋਂ ਦੇਸ਼ ਦੀ ਜਨਤਾ ਹੀ ਨਹੀਂ ਸਗੋਂ ਉਸ ਦੇ ਆਗੂ ਵੀ ਦੁਖੀ ਹਨ। ਇਸੇ ਕਾਰਨ ਅਤੇ ਆਪ ਦੇ ਰਾਸ਼ਟਰੀ ਸੰਯੋਜਕ, ਦਿਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ ਪੱਖੀ ਨੀਤੀਆਂ ਤੇ ਕਾਰਜਾਂ ਤੋਂ ਪ੍ਰਭਾਵਤ ਹੋ ਕੇ ਵੱਖ ਵੱਖ ਪਾਰਟੀਆਂ ਦੇ ਰਾਜਨੀਤਕ ਆਗੂ ਆਮ ਆਦਮੀ ਪਾਰਟੀ ਵਿੱਚ ਆਏ ਦਿਨ ਸ਼ਾਮਲ ਹੋ ਰਹੇ ਹਨ। ਇਸ ਮੌਕੇ ਉਨਾਂ ਐਮ ਸੀ ਕ੍ਰਿਪਾਲ ਰਾਮ ਪਾਲਾ, ਨਾਨਕ ਚੰਦ ਸਾਬਕਾ ਐਮ ਸੀ, ਜੀਵਨ ਕੁਮਾਰ ਖੰਨਾ, ਚੌਧਰੀ ਮਹਿੰਦਰ ਪਾਲ, ਭਜਨ ਲਾਲ, ਤ੍ਰਿਪਤਾ ਦੇਵੀ, ਜਸਵੀਰ ਕੌਰ, ਦਰਸ਼ਨਾਂ ਦੇਵੀ ਸਮੇਤ ਅਨੇਕਾਂ ਸਾਥੀਆਂ ਦੇ ਆਪ 'ਚ ਸ਼ਾਮਲ ਹੋਣ ਲਈ ਜੀ ਆਇਆਂ ਨੂੰ ਆਖਿਆ ਤੇ ਉਨ੍ਹਾਂ ਨੂੰ ਪਾਰਟੀ 'ਚ ਬਣਦਾ ਮਾਨ ਸਨਮਾਨ ਦੇਣ ਦਾ ਵਾਅਦਾ ਕੀਤਾ। ਇਸ ਮੌਕੇ ਚਰਨਜੀਤ ਸਿੰਘ ਚੰਨੀ ਓ ਐੱਸ ਡੀ, ਸਰਪੰਚ ਬਲਦੀਪ ਸਿੰਘ ਇਬਰਾਹੀਮਪੁਰ, ਨੰਬਰਦਾਰ ਹਰਿੰਦਰ ਸਿੰਘ ਮਾਨ, ਕਿਸ਼ਨ ਚੰਦ, ਬਾਬਾ ਵਿਜੈ ਕੁਮਾਰ, ਚੌਧਰੀ ਰੋਸ਼ਨ ਲਾਲ, ਸਤਵੀਰ ਸਿੰਘ, ਧਰਮਪ੍ਰੀਤ ਸਿੰਘ ਪ੍ਰੀਤ ਤੋਂ ਇਲਾਵਾ ਆਪ ਦੇ ਸਥਾਨਕ ਆਗੂ ਹਾਜ਼ਰ ਸਨ।

ਖਾਨਪੁਰ ਵਿਖੇ 15 ਵਾਂ ਫਾਊਂਡੇਸ਼ਨ ਦਿਵਸ ਕੇਕ ਕੱਟ ਕੇ ਤੇ ਪੌਦੇ ਲਗਾ ਕੇ ਮਨਾਇਆ

ਭਲਾਣ (ਹਰਭਜਨ ਢਿੱਲੋਂ)- ਅੱਜ ਪਿੰਡ ਖਾਨਪੁਰ ਵਿਖੇ ਇਨਜੀਨ ਆਰਗੋਨਿਕਸ ਪ੍ਰਾਈਵੇਟ ਲਿਮਟਿਡ ਕੰਪਨੀ ਵੱਲੋਂ 15 ਵਾਂ ਫਾਊਂਡੇਸ਼ਨ ਦਿਵਸ ਕੇਕ ਕੱਟ ਕੇ ਅਤੇ ਪੌਦੇ ਲਗਾ ਕੇ ਮਨਾਇਆ ਗਿਆ। ਇਸ ਮੌਕੇ ਪਿੰਡ ਵਾਸੀਆਂ ਨੂੰ ਛਾਂਦਾਰ ਅਤੇ ਫਲਦਾਰ ਬੂਟੇ ਵੰਡੇ ਗਏ। ਕੰਪਨੀ ਦੇ ਏਰੀਏ ਮੈਨੇਜਰ ਵਿਕਾਸ ਕੁਮਾਰ ਅਤੇ ਜ਼ੋਨਲ ਮੈਨੇਜਰ ਪ੍ਰਹਿਲਾਦ ਮਲਿਕ ਨੇ ਲੋਕਾਂ ਨੂੰ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਬਾਰੇ ਅੱਜ ਤੋਂ ਹੀ ਸੋਚਣਾ ਚਾਹੀਦਾ ਹੈ ਅਤੇ ਘੱਟ ਤੋਂ ਘੱਟ ਸੌ ਪੌਦੇ ਲਗਾਉਣੇ ਚਾਹੀਦੇ ਹਨ। ਸਾਨੂੰ ਇਨ੍ਹਾਂ ਨਾਲ ਛਾਂ ਵੀ ਮਿਲਦੀ ਹੈ ਤੇ ਖਾਣ ਲਈ ਇਹ ਸਾਨੂੰ ਫਲ ਵੀ ਦਿੰਦੇ ਹਨ। ਇਨ੍ਹਾਂ ਪੌਦਿਆਂ ਰਾਹੀਂ ਸਾਨੂੰ ਜਿੱਥੇ ਆਕਸੀਜਨ ਮਿਲਦੀ ਹੈ, ਉਥੇ ਇਹ ਕਾਰਬਨ ਡਾਈਆਕਸਾਈਡ ਗੈਸ ਨੂੰ ਖਤਮ ਕਰਨ ਵਿੱਚ ਵੀ ਸਹਾਇਕ ਸਿੱਧ ਹੁੰਦੇ ਹਨ। ਇਹ ਸਾਨੂੰ ਸਾਫ ਸੁਥਰਾ ਵਾਤਾਵਰਣ ਦਿੰਦੇ ਅਤੇ ਗਰਮੀ ਨੂੰ ਘੱਟ ਕਰਨ ਲਈ ਵੀ ਮਦਦ ਕਰਦੇ ਹਨ। ਇਸ ਮੌਕੇ ਅਮਰੀਕ ਸਿੰਘ, ਸਾਬਕਾ ਸਰਪੰਚ ਸੁਖਦੇਵ ਸਿੰਘ, ਕੁਲਵੰਤ ਸਿੰਘ, ਰਜਿੰਦਰ ਸਿੰਘ, ਪਰਮਿੰਦਰ ਸਿੰਘ, ਬਲਜੀਤ ਸਿੰਘ, ਜਸਵੰਤ ਸਿੰਘ, ਗੁਰਪ੍ਰੀਤ ਸਿੰਘ, ਦਲਜੀਤ ਸਿੰਘ, ਹਰਮੀਤ ਸਿੰਘ, ਜਸਵਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਮਾਨ ਸਰਕਾਰ ਵੱਲੋਂ ਰੋਪੜ ਜ਼ਿਲ੍ਹੇ ਨਾਲ ਵੱਡਾ ਧੱਕਾ ਤੇ ਨਾਇਨਸਾਫੀ

ਰੋਪੜ (ਬਿੰਦਰਾ)- ਪੰਜਾਬ ਦੀ ਮਾਨ ਸਰਕਾਰ ਨੇ ਰੋਪੜ ਜ਼ਿਲ੍ਹੇ ਨਾਲ ਵੱਡਾ ਧੱਕਾ ਤੇ ਨਾਇਨਸਾਫੀ ਕੀਤੀ ਹੈ। ਸਭ ਤੋਂ ਵੱਧ ਹੜ੍ਹਾਂ ਦਾ ਨੁਕਸਾਨ ਝੱਲਣ ਵਾਲੇ ਜ਼ਿਲ੍ਹੇ ਨੂੰ ਕੇਵਲ 18 ਲੱਖ ਰੁਪਏ ਸਹਾਇਤਾ ਰਾਸ਼ੀ ਅਲਾਟ ਕੀਤੀ ਗਈ ਹੈ। ਕਿਰਤੀ ਕਿਸਾਨ ਮੋਰਚਾ ਦੇ ਪ੍ਰਧਾਨ ਵੀਰ ਸਿੰਘ ਬੜ੍ਹਵਾ ਨੇ ਇਥੇ ਪ੍ਰੈੱਸ ਕਾਨਫਰੰਸ 'ਚ ਕਿਹਾ ਕਿ ਪੰਜਾਬ ਸਰਕਾਰ ਨੇ ਹੜ੍ਹ ਪੀੜਤਾਂ ਤੇ ਫਸਲਾਂ ਦੇ ਮੁਆਵਜ਼ੇ ਲਈ 186 ਕਰੋੜ ਰੁਪਏ ਜਾਰੀ ਕੀਤੇ ਹਨ, ਜੋ ਕਿ ਬਹੁਤ ਹੀ ਘੱਟ ਹੈ ਪਰ ਰੋਪੜ ਜ਼ਿਲ੍ਹੇ ਨਾਲ ਪੰਜਾਬ ਸਰਕਾਰ ਵੱਲੋਂ ਵੀ ਵੱਡਾ ਵਿਤਕਰਾ ਤੇ ਨਾਇਨਸਾਫੀ ਕੀਤੀ ਗਈ ਹੈ। ਕਿਸਾਨ ਆਗੂ ਨੇ ਕਿਹਾ ਕਿ ਪੰਜਾਬ 'ਚ ਸਭ ਤੋਂ ਵੱਧ ਮਾਰ ਰੋਪੜ ਜ਼ਿਲ੍ਹੇ ਨੂੰ ਪਈ ਹੈ ਪਰ ਰੋਪੜ ਜ਼ਿਲ੍ਹੇ ਨੂੰ ਸਿਰਫ 18 ਲੱਖ 45520 ਦਾ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਗਿਆ ਹੈ ਜੋ ਕਿ ਇਕ ਮਜ਼ਾਕ ਹੈ। ਉਨ੍ਹਾ ਆਖਿਆ ਕਿ ਕਾਂਗਰਸ ਸਰਕਾਰ ਸਮੇਂ ਅਨੰਦਪੁਰ ਸਾਹਿਬ ਤਹਿਸੀਲ 'ਚ 2020 ਵਿਚ ਥੋੜ੍ਹੇ ਜਿਹੇ ਇਲਾਕੇ 'ਚ ਫਸਲ ਨੂੰ ਸੁੰਡੀ ਲੱਗੀ ਸੀ ਤਾਂ ਉਸ ਵੇਲੇ ਉਨ੍ਹਾਂ ਕਿਸਾਨਾਂ ਨੂੰ 3 ਕਰੋੜ 42 ਹਜ਼ਾਰ ਮੁਆਵਜ਼ਾ ਦਿੱਤਾ ਸੀ ਪਰ ਹੁਣ ਜਦ ਕਿ ਜ਼ਿਲ੍ਹੇ ਵਿੱਚ 100 ਕਰੋੜ ਤੋਂ ਵੱਧ ਦਾ ਨੁਕਸਾਨ ਹੋਇਆ ਹੈ ਤਾਂ 18 ਲੱਖ ਰੁਪਿਆ ਦੇਣਾ ਸਰਾਸਰ ਨਾਇਨਸਾਫੀ ਤੇ ਧੱਕਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਇਹ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾ ਜ਼ਿਲ੍ਹੇ ਦੀ ਨੁਮਾਇੰਦਗੀ ਕਰ ਰਹੇ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਵਿਧਾਇਕਾਂ ਚਰਨਜੀਤ ਸਿੰਘ ਚੰਨੀ ਚਮਕੌਰ ਸਾਹਿਬ, ਦਿਨੇਸਸ਼ ਚੱਢਾ ਰੋਪੜ ਨੂੰ ਕਿਹਾ ਹੈ ਕਿ ਉਹ ਆਪਣੀ ਸਥਿਤੀ ਸਪਸ਼ਟ ਕਰਨ ਕਿ ਉਨ੍ਹਾਂ ਨੇ ਇਸ ਵਿਰੁੱਧ ਕੈਬਨਿਟ 'ਚ ਅਤੇ ਮੁੱਖ ਮੰਤਰੀ ਨੂੰ ਇਸ ਨਾਇਨਸਾਫੀ ਤੇ ਧੱਕੇ ਬਾਰੇ ਕੀ ਰੋਸ ਕੀਤਾ। ਉਨ੍ਹਾਂ ਆਖਿਆ ਕਿ ਜੇ ਮੰਤਰੀ ਅਤੇ ਵਿਧਾਇਕਾ ਨੇ ਜ਼ਿਲ੍ਹੇ ਲਈ ਹੋਰ ਫੰਡ ਜਾਰੀ ਨਾ ਕਰਵਾਇਆ ਤਾਂ ਪਿੰਡ ਪਿੰਡ ਉਨ੍ਹਾਂ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਪੰਜਾਬ ਮੋਰਚਾ ਦੇ ਕਨਵੀਨਰ ਗੌਰਵ ਰਾਣਾ ਨੇ ਕਿਹਾ ਕਿ ਜ਼ਿਲ੍ਹਾ ਰੋਪੜ ਦੇ ਦਰਿਆ ਸਤਲੁਜ ਦੇ ਕੰਢੇ ਵਸੇ ਪਿੰਡ ਹਾਲਾਂ ਵੀ ਪਾਣੀ ਦੀ ਮਾਰ ਹੇਠ ਹਨ। ਇਨ੍ਹਾਂ ਦੀ ਨਾ ਕੇਵਲ ਫਸਲ ਬਰਬਾਦ ਹੋਈ ਹੈ ਬਲਕਿ ਲੋਕਾਂ ਦੇ ਘਰ ਘਾਟ ਉਜੜ ਗਏ ਹਨ। ਉਨ੍ਹਾਂ ਮੰਗ ਕੀਤੀ ਕਿ 14 ਅਗਸਤ ਨੂੰ ਆਏ ਹੜ੍ਹਾਂ ਦੀ ਇਨਕੁਆਰੀ ਕੀਤੀ ਜਾਵੇ। ਕਿਉਂਕਿ ਏਨਾ ਜ਼ਿਆਦਾ ਪਾਣੀ ਛੱਡਣ ਬਾਰੇ ਪਿੰਡਾਂ ਵਾਲਿਆਂ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਮੌਕੇ ਜਰਨੈਲ ਸਿੰਘ ਮਗਰੋੜ, ਮਨਜੋਤ ਲਾਡਲਾ, ਬਲਵੀਰ ਸਿੰਘ ਮੁੰਨੇ, ਪ੍ਰੀਤਮ ਸਿੰਘ ਰਾਏਪੁਰ, ਦਲਜੀਤ ਸਿੰਘ ਬੜਵਾ, ਯਾਦਵਿੰਦਰ ਸਿੰਘ, ਹਰਪ੍ਰੀਤ ਸਿੰਘ ਅਤੇ ਹੋਰ ਆਗੂ ਮੌਜੂਦ ਸਨ।

ਚੋਰੀ ਦੇ 2 ਮੋਟਰਸਾਈਕਲਾਂ ਸਮੇਤ ਕਾਬੂ

ਫਿਲੌਰ (ਨਿਰਮਲ)- ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਿਮਰਨਜੀਤ ਸਿੰਘ ਲੰਗ ਉਪ ਪੁਲਸ ਕਪਤਾਨ, ਸਬ ਡਵੀਜ਼ਨ ਫਿਲੌਰ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਮੁੱਖ ਅਫਸਰ ਥਾਣਾ ਫਿਲੌਰ ਨੂੰ ਦਿਸ਼ਾ ਨਿਰਦੇਸ਼ ਦੇ ਕੇ ਚੋਰੀ ਦੀਆਂ ਵਾਰਦਾਤਾਂ ਕਰਨ ਵਾਲੇ ਚੋਰਾਂ ਖਿਲਾਫ ਸਖਤ ਐਕਸ਼ਨ ਅਮਲ 'ਚ ਲਿਆਉਣ ਦੀ ਹਦਾਇਤ ਕੀਤੀ ਗਈ ਸੀ। ਜਿਸ 'ਤੇ ਇੰਸਪੈਕਟਰ ਹਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਫਿਲੌਰ ਦੀ ਟੀਮ ਦੇ ਸਹਾਇਕ ਸਬ ਇੰਸਪੈਕਟਰ ਜਸਵਿੰਦਰ ਸਿੰਘ ਥਾਣਾ ਫਿਲੌਰ ਵੱਲੋਂ ਸਪੈਸ਼ਲ ਆਪ੍ਰੇਸ਼ਨ ਦੌਰਾਨ ਅਮਨਦੀਪ ਸਿੰਘ ਉਰਫ ਮੰਨਾ ਪੁੱਤਰ ਕੁਲਵਿੰਦਰ ਸਿੰਘ ਵਾਸੀ ਪਿੰਡ ਫਲਪੋਤਾ ਥਾਣਾ ਗੁਰਾਇਆ ਜ਼ਿਲ੍ਹਾ ਜਲੰਧਰ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ ਮੋਟਰਸਾਈਕਲ ਨੰਬਰੀ ਪੀ ਬੀ-08-ਬੀ ਜੈਡ-7870 ਮਾਰਕਾ ਬਜਾਜ ਪਲੈਟੀਨਾ ਅਤੇ ਮੋਟਰਸਾਈਕਲ ਨੰਬਰੀ ਪੀ ਬੀ-37-ਈ-5671 ਮਾਰਕਾ ਬਜਾਜ ਪਲੈਟੀਨਾ ਬਰਾਮਦ ਕਰਕੇ ਦੋਸ਼ੀ ਖਿਲਾਫ ਮੁਕੱਦਮਾ ਥਾਣਾ ਫਿਲੌਰ ਦਰਜ ਕੀਤਾ ਗਿਆ। ਮੁਢਲੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਅਮਨਦੀਪ ਸਿੰਘ ਉਰਫ ਮੰਨਾ ਪੁੱਤਰ ਕੁਲਵਿੰਦਰ ਸਿੰਘ ਵਾਸੀ ਪਿੰਡ ਫਲਪੋਤਾ ਥਾਣਾ ਗੁਰਾਇਆ ਖਿਲਾਫ ਪਹਿਲਾਂ ਵੀ ਮੋਟਰਸਾਈਕਲ ਚੋਰੀ ਕਰਨ ਅਤੇ ਚੋਰੀ ਦੀਆਂ ਵਾਰਦਾਤਾਂ ਕਰਨ ਦੇ ਕਾਫੀ ਮੁਕੱਦਮੇ ਦਰਜ ਹਨ।

ਸੀਨੀਅਰ ਪੱਤਰਕਾਰ ਮਾਸਟਰ ਚਮਨ ਲਾਲ ਨੂੰ ਸ਼ਰਧਾਂਜਲੀਆਂ ਭੇਟ

ਬਹਿਰਾਮ (ਅਵਤਾਰ ਕਲੇਰ)- ਸੀਨੀਅਰ ਪੱਤਰਕਾਰ ਮਾਸਟਰ ਚਮਨ ਲਾਲ ਜੀ ਜੋ ਬੀਤੇ ਦਿਨੀ ਸਦੀਵੀ ਵਿਛੋੜਾ ਦੇ ਗਏ। ਉਨ੍ਹਾ ਦੀ ਅੰਤਿਮ ਅਰਦਾਸ ਬੰਗਾ ਵਿਖੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਵਿਖੇ ਧਾਰਮਕ, ਸਮਾਜਕ ਅਤੇ ਰਾਜਨੀਤਕ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ । ਜਥੇਦਾਰ ਸੁਖਦੇਵ ਸਿੰਘ ਭੌਰ, ਚੌਧਰੀ ਮੋਹਣ ਲਾਲ ਸਾਬਕਾ ਵਿਧਾਇਕ ਬੰਗਾ, ਆਪ ਆਗੂ ਅਤੇ ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ, ਆਪ ਆਗੂ ਹਰਜੋਤ ਕੌਰ ਲੋਹਟੀਆ, ਕਾਂਗਰਸੀ ਆਗੂ ਸਤਵੀਰ ਸਿੰਘ ਪੱਲੀਝਿੱਕੀ, ਪੱਤਰਕਾਰ ਜਸਵੀਰ ਸਿੰਘ ਨੂਰਪੁਰ, ਪੱਤਰਕਾਰ ਹਰਮੇਸ਼ ਵਿਰਦੀ ਆਦਿ ਨੇ ਮਾਸਟਰ ਚਮਨ ਲਾਲ ਨੂੰ ਸ਼ਰਧਾ ਸੁਮਨ ਭੇਟ ਕਰਦਿਆਂ ਕਿਹਾ ਕਿ ਮਾਸਟਰ ਚਮਨ ਲਾਲ ਇੱਕ ਕਰਮ ਯੋਗੀ ਸਨ। ਉਨ੍ਹਾਂ ਨੇ ਬੱਚਿਆਂ ਨੂੰ ਮੁਢਲੀ ਸਿੱਖਿਆ ਦੇ ਕੇ ਉੱਚ ਅਹੁਦਿਆਂ 'ਤੇ ਪਹੁੰਚਾਇਆ ਅਤੇ ਪੱਤਰਕਾਰੀ ਦੇ ਖੇਤਰ 'ਚ ਸਮਾਜਕ ਸਮੱਸਿਆਵਾਂ ਨੂੰ ਸਰਕਾਰ ਤੱਕ ਪਹੁੰਚਾਉਣ ਦਾ ਕੰਮ ਕਰਕੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਬਾਖੂਬੀ ਨਿਭਾਇਆ। ਰੋਟੇਰੀਅਨ ਦਿਲਬਾਗ ਸਿੰਘ ਬਾਗੀ, ਅਧਿਆਪਕ ਆਗੂ ਜਥੇਦਾਰ ਤਰਲੋਕ ਸਿੰਘ ਫਿਲੋਰਾ ਨੇ ਵੀ ਸ਼ਰਧਾਂਜਲੀਆਂ ਭੇਟ ਕੀਤੀਆਂ। ਸਟੇਜ ਦੀ ਕਾਰਵਾਈ ਪੱਤਰਕਾਰ ਸੁਰਜੀਤ ਮਜਾਰੀ ਨੇ ਨਿਭਾਈ।

ਇਸ ਸ਼ਰਧਾਂਜਲੀ ਸਮਾਗਮ 'ਚ ਮਾਸਟਰ ਚਮਨ ਲਾਲ ਦੇ ਵੱਡੇ ਸਪੁੱਤਰ ਕਮਲਜੀਤ ਸਿੰਘ ਅਰੋੜਾ ਲੈਕਚਰਾਰ, ਛੋਟੇ ਸਪੁੱਤਰ ਰਾਕੇਸ਼ ਕੁਮਾਰ ਅਰੋੜਾ, ਉਨ੍ਹਾਂ ਦੀਆਂ ਲੜਕੀਆਂ ਤੇ ਰਿਸ਼ਤੇਦਾਰਾਂ ਤੋਂ ਇਲਾਵਾ ਬਲਵੀਰ ਕਰਵਾਣਾ ਚੇਅਰਮੈਨ ਮਾਰਕੀਟ ਕਮੇਟੀ ਬੰਗਾ, ਕੁਲਜਿੰਦਰਜੀਤ ਸਿੰਘ ਸੋਢੀ, ਮਾਸਟਰ ਰਾਮ ਕ੍ਰਿਸ਼ਨ ਪੱਲੀਝਿੱਕੀ, ਪੱਤਰਕਾਰ ਚਮਨ ਲਾਲ ਬੰਗਾ, ਵਰੁਣ ਜੈਨ, ਨਰਿੰਦਰ ਮਾਹੀ, ਮਨਜਿੰਦਰ ਸਿੰਘ, ਸ਼ਿਵ ਕੌੜਾ, ਬ੍ਰਿਜ ਭੂਸ਼ਨ ਕੋਹਲੀ, ਪੱਤਰਕਾਰ ਰਾਜ ਮਜਾਰੀ, ਐਡਵੋਕੇਟ ਵੀ ਕੇ ਛਾਬੜਾ, ਡਾ. ਜੇ ਐਲ ਸੇਠ, ਮਾਸਟਰ ਬਲਦੇਵ ਸਿੰਘ ਸਿੱਧੂ , ਮੋਹਨ ਲਾਲ ਬੀਕਾ , ਇੰਦਰਜੀਤ ਸਿੰਘ ਮਾਨ , ਨਰਿੰਦਰ ਜੀਤ ਰੱਤੂ , ਰਾਮ ਗੋਪਾਲ ਕੋਹਲੀ , ਸਾਬਕਾ ਪ੍ਰਿੰਸੀਪਲ ਹਰਪ੍ਰੀਤ ਕੌਰ ਅਰੋੜਾ, ਡਾ. ਹਰਬਲਾਸ ਖਮਾਚੋਂ, ਗਿਆਨ ਚੰਦ, ਪੱਤਰਕਾਰ ਕੁਲਦੀਪ ਸਿੰਘ ਪਾਬਲਾ ਅਤੇ ਪੱਤਰਕਾਰ ਰਾਜ ਭਟੋਆ ਆਦਿ ਹਾਜ਼ਰ ਸਨ।

ਪਿੰਡਾਂ 'ਚ ਬਣਾਏ ਜਾ ਰਹੇ ਖੇਡ ਪਾਰਕ ਬਦਲ ਦੇਣਗੇ ਪਿੰਡਾਂ ਦੀ ਨੁਹਾਰ : ਜਿੰਪਾ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)-ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਸੂਬੇ ਦੇ ਪਿੰਡਾਂ ਦੀ ਨੁਹਾਰ ਬਦਲਣ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਐਕਸ਼ਨ ਮੋਡ 'ਤੇ ਕਾਰਜ ਕਰ ਰਹੀ ਹੈ। ਉਨ੍ਹਾ ਕਿਹਾ ਕਿ ਇਸੇ ਲੜੀ ਵਿਚ ਪਿੰਡਾਂ ਵਿਚ ਬਿਹਤਰੀਨ ਖੇਡ ਪਾਰਕ ਬਣਾਏ ਜਾ ਰਹੇ ਹਨ, ਜੋ ਕਿ ਪਿੰਡਾਂ ਦੀ ਨੁਹਾਰ ਬਦਲ ਦੇਣਗੇ। ਉਹ ਅੱਜ ਪਿੰਡ ਸਤਿਆਲ ਤੇ ਪਿੰਡ ਡਾਡਾ ਵਿਚ 37.49 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਜਾਣ ਵਾਲੇ ਖੇਡ ਪਾਰਕਾਂ ਦਾ ਨੀਂਹ ਪੱਥਰ ਰੱਖਣ ਦੌਰਾਨ ਪਿੰਡ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਪਿੰਡ ਸਤਿਆਲ ਵਿਚ 20.50 ਲੱਖ ਰੁਪਏ ਅਤੇ ਪਿੰਡ ਡਾਡਾ ਵਿਚ 16.99 ਲੱਖ ਰੁਪਏ ਦੀ ਲਾਗਤ ਨਾਲ ਬਣਨ ਜਾ ਰਹੇ ਇਨ੍ਹਾਂ ਖੇਡ ਪਾਰਕਾਂ ਵਿਚ ਜਿਥੇ ਵਧੀਆ ਸੈਰਗਾਹਾਂ ਬਣਾਈਆਂ ਜਾਣਗੀਆ

28-August-PAGE-9.qxd 8/27/2023 10:26 PM Page 1

ਬਸਪਾ ਵਰਕਰ ਹੋਏ ਇਕਜੁੱਟ, ਮੁਲਾਕਾਤ ਕਰਨਗੇ ਹਾਈ-ਕਮਾਂਡ ਨਾਲ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-ਬਹੁਜਨ ਸਮਾਜ ਪਾਰਟੀ ਹਲਕਾ ਚੱਬੇਵਾਲ ਦੇ ਸੰਗਠਨ 'ਚ ਫੇਰਬਦਲ ਨੂੰ ਲੈ ਕੇ ਬਸਪਾ ਹਲਕਾ ਚੱਬੇਵਾਲ ਦੇ ਵਰਕਰਾਂ ਨੇ ਹਲਕਾ ਚੱਬੇਵਾਲ 'ਚ ਭਾਰੀ ਇਕੱਠ ਕੀਤਾ। ਇਸ ਵੱਡੇ ਇਕੱਠ ਦੀ ਅਗਵਾਈ ਸਤਪਾਲ ਸਿੰਘ ਬਡਲਾ, ਲੈਂਬਰ ਰਾਮ ਝਮਟ ਅਤੇ ਹਲਕੇ ਦੇ ਸੀਨੀਅਰ ਵਰਕਰਾਂ ਨੇ ਕੀਤੀ। ਇਸ ਮੀਟਿੰਗ 'ਚ ਸੰਗਠਨ 'ਚ ਕੀਤੇ ਫੇਰਬਦਲ ਨੂੰ ਲੈ ਕੇ ਕਾਫੀ ਵੱਡੇ ਪੱਧਰ 'ਤੇ ਵਿਚਾਰ ਚਰਚਾ ਕੀਤੀ ਗਈ ਅਤੇ ਪਾਰਟੀ ਦੇ ਦੋ ਨਿੱਜੀ ਸਵਾਰਥ ਵਾਲੇ ਸੀਨੀਅਰ ਲੀਡਰਾਂ ਦੀ ਕਾਰਗੁਜ਼ਾਰੀ 'ਤੇ ਵਿਚਾਰ ਚਰਚਾ ਹੋਈ ਅਤੇ ਇਹ ਲੀਡਰ ਕਿਸ ਤਰ੍ਹਾਂ ਬਹੁਜਨ ਸਮਾਜ ਪਾਰਟੀ ਦੇ ਖਿਲਾਫ ਜਾ ਕੇ ਦੂਜੀਆਂ ਪਾਰਟੀਆਂ ਦੇ ਇਸ਼ਾਰੇ 'ਤੇ ਬਸਪਾ ਨੂੰ ਖਤਮ ਕਰਨ ਦੀਆ ਸਾਜਿਸ਼ਾਂ ਰਚ ਰਹੇ ਹਨ ਜਿਸ ਦੀ ਮਿਸਾਲ ਹਲਕਾ ਚੱਬੇਵਾਲ ਦੇ ਸੰਗਠਨ 'ਚ ਫੇਰਬਦਲ ਨੂੰ ਲੈ ਕੇ ਇੱਕ ਇਮਾਨਦਾਰ ਅਤੇ ਪਾਰਟੀ ਲਈ ਦਿਨ ਰਾਤ ਇੱਕ ਕਰਨ ਵਾਲੇ ਸਾਹਿਬ ਕਾਂਸ਼ੀ ਰਾਮ ਦੇ ਸੱਚੇ ਸਿਪਾਹੀ ਐਡਵੋਕੇਟ ਪਲਵਿੰਦਰ ਮਾਨਾ ਨੂੰ ਪ੍ਰਧਾਨਗੀ ਤੋਂ ਅਹੁਦਾ ਮੁਕਤ ਕਰਕੇ ਦਰਕਿਨਾਰ ਕੀਤਾ ਅਤੇ ਹਲਕਾ ਚੱਬੇਵਾਲ ਤੋਂ ਬਾਹਰ ਤੋਂ ਲਿਆ ਕੇ ਹਲਕਾ ਪ੍ਰਧਾਨ ਦੀ ਨਿਯੁਕਤੀ ਕੀਤੀ ਜੋ ਕਿ ਪਾਰਟੀ ਅਨੁਸ਼ਾਸਨ ਦੇ ਖਿਲਾਫ ਹੈ। ਇਹ ਦੋ ਲੀਡਰ ਬਸਪਾ ਲਈ ਦਿਨ ਰਾਤ ਕੰਮ ਕਰ ਰਹੇ ਹੋਰ ਵੀ ਇਮਾਨਦਾਰ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਦਰਕਿਨਾਰ ਕਰ ਰਹੇ ਹਨ। ਇਸ ਮੌਕੇ ਪਾਰਟੀ ਵਰਕਰ ਹਲਕਾ ਚੱਬੇਵਾਲ ਦੀਆਂ ਮੰਗਾਂ ਨੂੰ ਲੈ ਕੇ ਵਰਕਰਾਂ ਨੇ ਮੰਗ ਪੱਤਰ ਲਿਖ ਕੇ ਦਸਤਖਤ ਕੀਤੇ, ਇਸ ਦੌਰਾਨ ਚਲਦੀ ਮੀਟਿੰਗ ਵਿੱਚ ਸਹਿਮਤੀ ਅਤੇ ਸਲਾਹ ਦੇ ਨਾਲ ਇੱਕ ਕਮੇਟੀ ਬਣਾਈ ਹੈ ਜੋ ਕਿ ਪਾਰਟੀ ਹਾਈ ਕਮਾਂਡ ਦੇ ਅੱਗੇ ਸਾਰੇ ਹਲਕੇ ਦੀ ਮੰਗ ਰੱਖੇਗੀ। ਇਸ ਕਮੇਟੀ ਵਿਚ ਹਲਕੇ ਦੇ ਸੀਨੀਅਰ ਵਰਕਰਾਂ / ਆਗੂ ਸਾਹਿਬਾਨਾਂ ਵਿੱਚੋਂ ਹੀ ਨਾਮ ਸਾਰੇ ਹਲਕੇ ਦੇ ਵਰਕਰਾਂ ਨੇ ਚੁਣੇ ਹਨ। ਕਮੇਟੀ ਇਸ ਪ੍ਰਕਾਰ ਹੈ- ਸਤਪਾਲ ਸਿੰਘ ਬਡਲਾ, ਲੈਂਬਰ ਰਾਮ ਝਮਟ, ਰਾਮਸਰੂਪ ਸਿੰਘ ਬਿਲਾਸਪੁਰ, ਰਕੇਸ਼ ਕੀਟੀ, ਡਾਕਟਰ ਰਮੇਸ਼ ਕੁਮਾਰ, ਜਸਵਿੰਦਰ ਸਿੰਘ ਤਾਜੋਵਾਲ, ਸੰਦੇਸ਼ ਭੱਟੀ, ਪ੍ਰੇਮ ਸਿੰਘ ਖਾਲਸਾ, ਬਲਵੰਤ ਸਹਿਗਲ, ਮੇਹਰ ਚੰਦ ਸਿੱਧੂ, ਹਰਮੇਸ਼ ਰੱਤੂ ਫਗਲਾਣਾ। ਇਹ ਕਮੇਟੀ ਹਲਕਾ ਚੱਬੇਵਾਲ ਦੇ ਵਰਕਰਾਂ ਦੀ ਅਵਾਜ਼ ਬਣ ਕੇ ਪਾਰਟੀ ਹਾਈ ਕਮਾਂਡ ਦੇ ਨਾਲ ਜਲਦੀ ਬੈਠ ਕੇ ਗੱਲਬਾਤ ਕਰਕੇ ਮੰਗ ਪੱਤਰ ਦੇਵੇਗੀ ਅਤੇ ਇਸ ਮਸਲੇ ਨੂੰ ਹੱਲ ਕਰੇਗੀ। ਜੇਕਰ ਪਾਰਟੀ ਹਾਈ ਕਮਾਂਡ ਵੱਲੋਂ ਹਲਕੇ ਦੇ ਵਰਕਰਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਇਨ੍ਹਾਂ ਦੋ ਲੀਡਰਾਂ ਦਾ ਹਲਕੇ ਵਿੱਚੋਂ ਬਾਈਕਾਟ ਕੀਤਾ ਜਾਵੇਗਾ। ਇਸ ਮੌਕੇ ਸੰਦੇਸ਼ ਭੱਟੀ, ਮਿਹਰ ਚੰਦ ਸਿੱਧੂ, ਪ੍ਰੇਮ ਸਿੰਘ ਖਾਲਸਾ, ਮਾਸਟਰ ਜੈ ਰਾਮ, ਹਰਮੇਸ਼ ਫੁਗਲਾਣਾ, ਕੁਲਵਿੰਦਰ ਸਿੰਘ ਕੋਠੀ, ਬਲਵੰਤ, ਵਿੱਕੀ ਬੰਗਾ, ਰਾਜੇਸ਼ ਕੁਮਾਰ, ਰਾਮ ਸਰੂਪ ਰੂਪਾ, ਹਰਦੀਪ ਸਿੰਘ, ਤਰਲੋਚਨ ਸ਼ਰੀਫ, ਅਮਰੀਕ ਸਿੰਘ, ਰੌਸ਼ਨ ਲਾਲ, ਸੁਖਵਿੰਦਰ ਸਿੰਘ, ਸੋਹਣ ਸਿੰਘ, ਮਨਜੀਤ ਸਿੰਘ ਹੈਪੀ ਕੋਟ, ਬਲਜੀਤ ਸਿੰਘ, ਕਸ਼ਮੀਰ ਸਿੰਘ, ਜਸਵਿੰਦਰ ਸਿੰਘ, ਮੰਗਤ ਰਾਏ, ਜਸਬੀਰ ਸਿੰਘ, ਹਰਜੀਤ ਸਿੰਘ, ਹੈਪੀ, ਰਾਮ ਕ੍ਰਿਸ਼ਨ ਸਰਪੰਚ, ਜਸਵਿੰਦਰ ਸਿੰਘ, ਸਤਨਾਮ ਸਿੰਘ , ਰਵੀ ਬੰਬੇਲੀ, ਗੁਲਦੀਪ ਸਿੰਘ, ਕਰਮ ਚੰਦ ਸਾਹਰੀ, ਰਾਜਨ, ਗਗਨਦੀਪ, ਸੁਨੀਲ, ਕੇਵਲ, ਬੱਬੂ, ਸਤਿਆ ਦੇਵੀ, ਜਸਵਿੰਦਰ ਕੌਰ ਅਤੇ ਹੋਰ ਵੀ ਵੱਡੀ ਗਿਣਤੀ ਵਿੱਚ ਬਸਪਾ ਵਰਕਰ ਹਾਜ਼ਰ ਸਨ।

ਕੌਮੀ ਅੱਖਾਂ ਦਾਨ ਮੁਹਿੰਮ ਦੀ ਪੋਸੀ 'ਚ ਸ਼ੁਰੂਆਤ

ਮਾਹਿਲਪੁਰ (ਨਿਰਮਲ ਸਿੰਘ ਮੁੱਗੋਵਾਲ)- ਸਿਹਤ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 25 ਅਗਸਤ ਤੋਂ ਲੈ ਕੇ 8 ਸਤੰਬਰ ਤੱਕ ਮਨਾਏ ਜਾ ਰਹੇ 38 ਵੇਂ ਕੌਮੀ ਅੱਖਾਂ ਦਾਨ ਜਾਗਰੂਕਤਾ ਪੰਦਰਵਾੜੇ ਦੀ ਸ਼ੁਰੂਆਤ ਮੌਕੇ ਪ੍ਰਾਇਮਰੀ ਹੈਲਥ ਸੈਂਟਰ ਪੋਸੀ ਦੇ ਸੀਨੀਅਰ ਮੈਡੀਕਲ ਅਫਸਰ ਡਾ. ਰਘਬੀਰ ਸਿੰਘ ਦੀ ਅਗਵਾਈ ਹੇਠ 152 ਪਿੰਡਾਂ ਵਿੱਚ ਇਸ ਪ੍ਰਤੀ ਸਿਹਤ ਸਟਾਫ, ਹੈਲਥ ਇੰਸਪੈਕਟਰਾਂ, ਐਲ ਐਚ ਵੀਜ਼, ਐਨ ਏਮਜ਼, ਮੇਲ ਵਰਕਰਾਂ, ਅਪਥੇਲਮਿਕ ਅਫਸਰ ਨੀਲਮ ਰਾਣੀ ਅਤੇ ਪਿੰਡਾਂ ਦੀਆ ਆਸ਼ਾ ਵਰਕਰਾਂ ਵੱਲੋਂ ਲੋਕਾਂ ਨੂੰ ਘਰ ਘਰ ਜਾ ਕੇ ਇਸ ਪ੍ਰਤੀ ਜਾਗਰੂਕ ਕੀਤਾ ਗਿਆ। ਡਾ. ਰਘਬੀਰ ਸਿੰਘ ਨੇ ਦੱਸਿਆ ਕਿ ਇਸ ਦੌਰਾਨ ਆਮ ਜਨਤਾ ਨੂੰ ਅੱਖਾਂ ਦਾਨ ਕਰਨ ਸੰਬੰਧੀ ਜਾਣਕਾਰੀ ਦਿੱਤੀ ਜਾਵੇਗੀ ਅਤੇ ਲੋਕਾਂ ਵਿੱਚ ਪਾਏ ਜਾਂਦੇ ਕਈ ਤਰ੍ਹਾਂ ਦੇ ਭਰਮ ਭੁਲੇਖਿਆਂ ਨੂੰ ਦੂਰ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ ਤਾਂ ਜੋ ਅੱਖਾਂ ਦਾਨ ਕਰਨ ਵਾਲਿਆਂ ਅਤੇ ਅੱਖਾਂ ਲੈਣ ਵਾਲਿਆਂ ਵਿਚਲੇ ਅੰਤਰ ਨੂੰ ਘਟਾਇਆ ਜਾ ਸਕੇ। ਨੀਲਮ ਰਾਣੀ ਨੇ ਕਿਹਾ ਕਿ ਮਰਨ ਤੋਂ ਬਾਅਦ ਅੱਖਾਂ ਜਲ ਕੇ ਰਾਖ ਹੋ ਜਾਂਦੀਆਂ ਹਨ, ਪਰੰਤੂ ਸਮਝਦਾਰੀ ਨਾਲ ਅਸੀਂ ਇਨ੍ਹਾਂ ਜਿਊਂਦੀਆਂ ਅੱਖਾਂ ਨੂੰ ਰਾਖ ਕਰਨ ਦੀ ਬਜਾਏ ਕਿਸੇ ਲੋੜਵੰਦ ਨੂੰ ਦਾਨ ਕਰਕੇ ਨਵੀਂ ਜ਼ਿੰਦਗੀ ਦੇ ਸਕਦੇ ਹਾਂ। ਉਨਾਂ ਕਿਹਾ ਕਿ ਇੱਕ ਵਿਅਕਤੀ ਅੱਖਾਂ ਦਾਨ ਕਰਕੇ ਦੋ ਵਿਅਕਤੀਆਂ ਨੂੰ ਜਗਤ ਦਿਖਾ ਸਕਦਾ ਹੈ। ਇਸ ਮੌਕੇ ਡਾ. ਹਰਪੁਣੀਤ ਕੌਰ, ਡਾ. ਨਵਲਦੀਪ ਸਿੰਘ, ਜੋਗਿੰਦਰ ਕੌਰ, ਪਰਮਜੀਤ ਕੌਰ ਤੇ ਗੁਰਸੇਵਾ ਨਰਸਿੰਗ ਕਾਲਜ ਦੇ ਵਿਦਿਆਰਥੀ ਵੀ ਮੌਜੂਦ ਸਨ।

ਮੋਬਾਇਲ ਨੈੱਟਵਰਕਾਂ 'ਤੇ ਸਾਰੀਆਂ ਡੋਂਗਲ ਸੇਵਾਵਾਂ ਨੂੰ ਮੁਅੱਤਲ ਕਰਨ ਦੇ ਆਦੇਸ਼

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਦੇ ਵਧੀਕ ਮੁੱਖ ਸਕੱਤਰ ਟੀ.ਵੀ.ਐਸ.ਐਨ. ਪ੍ਰਸਾਦ, ਗ੍ਰਹਿ ਵਿਭਾਗ ਵੱਲੋਂ ਜ਼ਿਲ੍ਹਾ ਨੂਹ 'ਚ ਭਾਰਤੀ ਟੈਲੀਗ੍ਰਾਫ਼ ਐਕਟ, 1885 ਦੀ ਧਾਰਾ 5 ਦੇ ਨਾਲ ਟੈਲੀਕਮਿਊਨੀਕੇਸ਼ਨ ਸੇਵਾਵਾਂ ਦੇ ਆਰਜ਼ੀ ਮੁਅਤਲ (ਜਨਤਕ ਐਮਰਜੈਂਸੀ ਜਾਂ ਜਨਤਕ ਸੁਰੱਖਿਆ) ਨਿਯਮ, 2017 ਦੇ ਨਿਯਮ (2) ਦੇ ਤਹਿਤ ਮੋਬਾਈਲ ਇੰਟਰਨੈਟ ਸੇਵਾਵਾਂ 2ਜੀ, 3ਜੀ, 4ਜੀ, 5ਜੀ, ਸੀ ਡੀ ਐਮ ਏ ਅਤੇ ਜੀ ਪੀ ਆਰ ਐਸ ਅਤੇ ਬਲਕ ਐਸ ਐਮ ਐਸ (ਬੈਂਕਿੰਗ ਅਤੇ ਮੋਬਾਈਲ ਰੀਚਾਰਜ ਨੂੰ ਛੱਡ ਕੇ) ਅਤੇ ਮੋਬਾਈਲ ਨੈਟਵਰਕਾਂ 'ਤੇ ਪ੍ਰਦਾਨ ਕੀਤੀਆਂ ਜਾਂਦੀਆਂ ਸਾਰੀਆਂ ਡੋਂਗਲ ਸੇਵਾਵਾਂ ਨੂੰ ਮੁਅੱਤਲ ਕਰਨ ਦੇ ਆਦੇਸ਼ ਦਿੱਤੇ ਹਨ। ਇਸ ਸੰਬੰਧ 'ਚ ਢੁਕਵੀਂ ਕਾਰਵਾਈ ਲਈ ਹਰਿਆਣਾ ਦੇ ਸਾਰੇ ਟੈਲੀਕਾਮ ਸੇਵਾ ਪ੍ਰਦਾਤਾਵਾਂ ਨੂੰ ਇਨ੍ਹਾਂ ਹੁਕਮਾਂ ਦੀ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਡਿਪਟੀ ਕਮਿਸ਼ਨਰ ਧੀਰੇਂਦਰ ਖੜਗਟਾ ਨੇ ਦੱਸਿਆ ਕਿ ਇਹ ਹੁਕਮ ਵਧੀਕ ਗ੍ਰਹਿ ਸਕੱਤਰ ਵਿਭਾਗ ਹਰਿਆਣਾ ਵੱਲੋਂ ਨੂਹ ਜ਼ਿਲ੍ਹੇ ਦੇ ਖੇਤਰ ਵਿੱਚ ਸ਼ਾਂਤੀ ਅਤੇ ਜਨਤਕ ਵਿਵਸਥਾ ਵਿੱਚ ਕਿਸੇ ਵੀ ਤਰਾਂ ਦੀ ਗੜਬੜੀ ਨੂੰ ਰੋਕਣ ਲਈ ਜਾਰੀ ਕੀਤੇ ਗਏ ਹਨ। ਜ਼ਿਲ੍ਹੇ 'ਚ ਇਹ ਹੁਕਮ 26 ਅਗਸਤ ਨੂੰ ਦੁਪਹਿਰ 12 ਵਜੇ ਤੋਂ 28 ਅਗਸਤ ਦੀ ਅੱਧੀ ਰਾਤ 12 ਵਜੇ ਤੱਕ ਲਾਗੂ ਰਹਿਣਗੇ। ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ 'ਤੇ ਸੰਬੰਧਤ ਧਾਰਾਵਾਂ ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 28 ਅਗਸਤ ਨੂੰ ਕੁਝ ਜਥੇਬੰਦੀਆਂ ਵੱਲੋਂ ਨਿਰਧਾਰਤ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਦੇ ਮੱਦੇਨਜ਼ਰ ਤਣਾਅ, ਅੰਦੋਲਨ, ਨੁਕਸਾਨ ਦੇ ਡਰ ਦੇ ਮੱਦੇਨਜ਼ਰ ਜਨਤਕ ਅਤੇ ਨਿੱਜੀ ਜਾਇਦਾਦ ਦੀ ਸੁਰੱਖਿਆ ਅਤੇ ਅਮਨ-ਕਾਨੂੰਨ ਦੀ ਵਿਵਸਥਾ ਨੂੰ ਬਰਕਰਾਰ ਰੱਖਣ ਲਈ ਜਾਰੀ ਕੀਤੇ ਗਏ ਹਨ। ਉਨ੍ਹਾ ਦੱਸਿਆ ਕਿ ਇੰਟਰਨੈੱਟ ਸੇਵਾਵਾਂ ਦੀ ਦੁਰਵਰਤੋਂ ਨਾਲ ਭੜਕਾਊ ਸਮੱਗਰੀ ਫੈਲਾਉਣ, ਝੂਠੀਆਂ ਅਫਵਾਹਾਂ, ਜਨਤਕ ਜਾਇਦਾਦਾਂ ਅਤੇ ਸਹੂਲਤਾਂ ਨੂੰ ਨੁਕਸਾਨ ਪਹੁੰਚਾਉਣ, ਅਮਨ-ਕਾਨੂੰਨ ਦੀ ਸਥਿਤੀ ਵਿਗੜਨ ਦਾ ਖਦਸ਼ਾ ਰਹਿੰਦਾ ਹੈ। ਇਸ ਤੋਂ ਇਲਾਵਾ ਮੋਬਾਈਲ ਫੋਨ, ਐਸ ਐਮ ਐਸ, ਵਟਸਐਪ, ਫੇਸਬੁੱਕ, ਟਵਿੱਟਰ ਆਦਿ ਰਾਹੀਂ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਗਲਤ ਜਾਣਕਾਰੀ ਅਤੇ ਅਫਵਾਹਾਂ ਫੈਲਾਉਣਾ, ਭੀੜ ਇਕੱਠੀ ਕਰਨਾ ਅਤੇ ਦੂਜਿਆਂ ਨੂੰ ਗੰਭੀਰ ਨੁਕਸਾਨ ਪਹੁੰਚਾਉਣਾ, ਅੱਗਜ਼ਨੀ ਜਾਂ ਭੰਨ-ਤੋੜ ਅਤੇ ਹੋਰ ਕਿਸਮ ਦੀਆਂ ਹਿੰਸਕ ਗਤੀਵਿਧੀਆਂ ਵਿਚ ਸ਼ਾਮਲ ਹੋ ਕੇ ਜਨਤਕ ਅਤੇ ਨਿੱਜੀ ਜਾਇਦਾਦਾਂ ਨੂੰ ਨੁਕਸਾਨ ਪਹੁੰਚਾਉਣ ਦੀ ਸੰਭਾਵਨਾ ਨੂੰ ਰੋਕਣ ਲਈ ਇੰਟਰਨੈੱਟ ਸੇਵਾਵਾਂ 'ਤੇ ਪਾਬੰਦੀ ਲਗਾਈ ਗਈ ਹੈ। ਜਨਤਕ ਸਹੂਲਤ ਤੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਅਨੁਸਾਰ ਨਿੱਜੀ ਐਸ ਐਮ ਐਸ, ਮੋਬਾਈਲ ਰੀਚਾਰਜ, ਬੈਂਕਿੰਗ ਐਸ ਐਮ ਐਸ, ਵਾਇਸ ਕਾਲ, ਕਾਰਪੋਰੇਟ ਅਤੇ ਘਰੇਲੂ ਬਰਾਡਬੈਂਡ ਅਤੇ ਲੀਜ਼ਡ ਲਾਈਨਾਂ ਵੱਲੋਂ ਦਿੱਤੀ ਜਾਣ ਵਾਲੀ ਇੰਟਰਨੈਟ ਸੇਵਾਵਾਂ ਨੂੰ ਇਸ ਵਿਚ ਛੋਟ ਦਿੱਤੀ ਗਈ ਹੈ।

ਨਬਾਲਿਗ ਬੱਚਿਆਂ ਨੂੰ ਮਾਪੇ ਵਾਹਨ ਨਾ ਚਲਾਉਣ ਦੇਣ : ਐੱਸ ਐੱਚ ਓ

ਕਪੂਰਥਲਾ (ਪ੍ਰੀਤ ਸੰਗੋਜਲਾ) ਐੱਸ ਐੱਸ ਪੀ ਰਾਜ ਪਾਲ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਡੀ ਐਸ ਪੀ ਹਰਪ੍ਰੀਤ ਸਿੰਘ ਵਲੋਂ ਚਲਾਈ ਮੁਹਿੰਮ ਚ ਨਵ ਨਿਯੁਕਤ ਐਸ ਐਚ ਓ ਥਾਣਾ ਸਿਟੀ ਅਮਨਦੀਪ ਨਾਹਰ ਤੇ ਥਾਣਾ ਸਿਟੀ ਦੀ ਪੁਲਸ ਪਾਰਟੀ ਵੱਲੋ ਮਾਲ ਰੋਡ ਕਪੂਰਥਲਾ ਵਿਖੇ ਲਾਗਏ ਨਾਕੇ ਦੌਰਾਨ ਕਾਰਾਂ ਤੇ ਮੋਟਰ ਸਾਈਕਲ ਵਾਹਨਾਂ ਦੀ ਚੈਕਿੰਗ ਕੀਤੀ ਗਈ । ਥਾਣਾ ਸਿਟੀ ਇੰਚਾਰਜ ਨੇ ਸ਼ਹਿਰ ਨਿਵਾਸੀਆਂ ਕਿ ਨੂੰ ਕਿਹਾ ਕਿ ਲੋਕ ਅਪਣੇ ਨਾਬਾਲਗ ਬੱਚਿਆਂ ਨੂੰ ਵਾਹਨ ਨਾ ਚਲਾਉਣ ਦੇਣ। ਮੋਟਰ ਵਾਹਨਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਅਧੂਰੇ ਕਾਗਜ਼ਾਤ ਵਾਲੇ ਵਾਹਨਾਂ ਦੇ ਚਾਲਾਂਨ ਕੱਟੇ ਜਾ ਰਹੇ ਹਨ। ਇਸ ਮੌਕੇ ਥਾਣੇਦਾਰ ਰਾਜਿੰਦਰ ਕੁਮਾਰ ਤੇ ਹੋਰ ਪੁਲਸ ਮੁਲਾਜਮ ਹਾਜ਼ਰ ਸਨ ।

ਪੁਲਸ ਵੱਲੋਂ ਨਾਕਾ ਲਾ ਕੇ ਕੀਤੀ ਚੈਕਿੰਗ

ਕਪੂਰਥਲਾ (ਪ੍ਰੀਤ ਸੰਗੋਜਲਾ)- ਕਪੂਰਥਲਾ ਦੇ ਐਸ ਐਸ ਪੀ ਰਾਜ ਪਾਲ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡੀ ਐਸ ਪੀ ਹਰਪ੍ਰੀਤ ਸਿੰਘ ਵੱਲੋਂ ਚਲਾਈ ਮੁਹਿੰਮ 'ਚ ਨਵ ਨਿਯੁਕਤ ਐਸ ਐਚ ਓ ਥਾਣਾ ਸਿਟੀ ਅਮਨਦੀਪ ਨਾਹਰ ਤੇ ਥਾਣਾ ਸਿਟੀ ਦੀ ਪੁਲਸ ਪਾਰਟੀ ਵੱਲੋਂ ਮਾਲ ਰੋਡ ਕਪੂਰਥਲਾ ਵਿਖੇ ਲਾਗਏ ਨਾਕੇ ਦੌਰਾਨ ਕਾਰਾਂ ਤੇ ਮੋਟਰਸਾਈਕਲ ਵਾਹਨਾਂ ਦੀ ਚੈਕਿੰਗ ਕੀਤੀ ਗਈ। ਥਾਣਾ ਸਿਟੀ ਇੰਚਾਰਜ ਨੇ ਸ਼ਹਿਰ ਨਿਵਾਸੀਆਂ ਨੂੰ ਕਿਹਾ ਕਿ ਲੋਕ ਆਪਣੇ ਨਬਾਲਗ ਬੱਚਿਆਂ ਨੂੰ ਵਾਹਨ ਨਾ ਚਲਾਉਣ ਦੇਣ। ਇਸ ਦੇ ਨਾਲ ਨਾਲ ਹੀ ਸਾਰੇ ਮੋਟਰ ਵਾਹਨਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਅਧੂਰੇ ਕਾਗਜ਼ਾਤ ਵਾਲੇ ਵਾਹਨਾਂ ਦੇ ਚਾਲਾਨ ਕੱਟੇ ਜਾ ਰਹੇ ਹਨ ਅਤੇ ਸ਼ੱਕੀ ਪਾਏ ਜਾਣ ਵਾਲੇ ਵਿਅਕਤੀਆਂ ਨੂੰ ਰਾਊਂਡਅਪ ਕੀਤਾ ਜਾ ਰਿਹਾ ਹੈ। ਐੱਸ ਐੱਚ ਓ ਅਮਨਦੀਪ ਨਾਹਰ ਨੇ ਦੱਸਿਆ ਪੁਲਸ ਲੋਕਾਂ ਦੇ ਨਾਲ ਪੂਰਾ ਸਹਿਯੋਗ ਕਰ ਰਹੀ ਹੈ। ਇਸ ਮੌਕੇ ਥਾਣੇਦਾਰ ਰਾਜਿੰਦਰ ਕੁਮਾਰ ਤੇ ਹੋਰ ਪੁਲਸ ਮੁਲਾਜ਼ਮ ਹਾਜ਼ਰ ਸਨ।

ਬੱਡਲਾ 'ਚ ਬ੍ਰਾਹਮਣ ਸਭਾ ਦੀ ਮੀਟਿੰਗ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਬੱਡਲਾ ਵਿਖੇ ਸ੍ਰੀ ਰਾਧਾ ਕ੍ਰਿਸ਼ਨ ਮੰਦਰ ਕੁਟੀਆ ਤੁਲਸੀ ਦਾਸ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਸੰਬੰਧੀ ਬ੍ਰਾਹਮਣ ਸਭਾ ਦੀ ਮੀਟਿੰਗ ਕੀਤੀ ਗਈ। ਮੀਟਿੰਗ ਮੌਕੇ ਵੱਖ ਵੱਖ ਆਗੂਆਂ ਨੇ ਆਪਣੀਆਂ ਵਿਚਾਰਾਂ ਪ੍ਰਗਟ ਕੀਤੀਆਂ। ਇਸ ਮੌਕੇ ਮਹੰਤ ਅਜੈ ਰਾਮ ਦਾਸ ਬੱਡਲਾ ਨੇ ਦੱਸਿਆ ਕਿ ਸ੍ਰੀ ਰਾਧਾ ਕ੍ਰਿਸ਼ਨ ਮੰਦਰ ਕੁਟੀਆ ਤੁਲਸੀ ਦਾਸ ਦੇ ਅਸਥਾਨ 'ਤੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਸੰਬੰਧੀ ਨਿਕੁੰਜ ਰਸ ਪਰਵਾਹ ਜਨਮ ਸੰਬੰਧੀ 4 ਸਤੰਬਰ ਤੋਂ 8 ਸਤੰਬਰ ਤੱਕ ਭਗਵਤ ਕਥਾ ਬ੍ਰਿੰਦਾਬਨ ਤੋਂ ਠਾਕਰ ਜੀ ਰਾਤ 7 ਤੋਂ 10 ਵਜੇ ਤੱਕ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। 3 ਸਤੰਬਰ ਨੂੰ ਸਵੇਰੇ 10 ਵਜੇ ਕਲਸ ਯਾਤਰਾ ਆਰੰਭ ਹੋਵੇਗੀ ਜੋ ਕਿ ਪਿੰਡ ਬੱਡਲਾ, ਬੱਡਲਾ ਖੁਰਦ, ਰਾਜਪੁਰ ਭਾਈਆਂ ਤੋਂ ਹੁੰਦੀ ਹੋਈ ਸਮਾਪਤ ਹੋਵੇਗੀ। ਇਸ ਮੌਕੇ ਲੰਗਰ ਅਤੁੱਟ ਵਰਤਾਏ ਜਾਣਗੇ।

ਸਟਾਫ਼ ਮੈਂਬਰਾਂ ਲਈ ਸੈਮੀਨਾਰ

ਸੁਲਤਾਨਪੁਰ ਲੋਧੀ, (ਹਨੀ)-ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ 'ਚ "ਐਜੂਕੇਸ਼ਨ ਫਿਲਾਸਫੀ ਆਫ ਗੁਰੂ ਨਾਨਕ ਦੇਵ ਜੀ" ਵਿਸ਼ੇ ਸੰਬੰਧੀ ਅਧਿਆਪਕਾਂ ਲਈ ਇਕ ਦਿਨਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਰਿਸੋਰਸ ਪਰਸਨ ਡਾ. ਪੁਸ਼ਪਿੰਦਰ ਸਿੰਘ ਬਤੌਰ ਮੁੱਖ ਬੁਲਾਰਾ ਸ਼ਾਮਲ ਹੋਏ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰ

28-AUG-PAGE-10.qxd 8/27/2023 10:33 PM Page 1

ਮਿੱਡ-ਡੇ ਮੀਲ ਵਰਕਰਾਂ ਵੱਲੋਂ ਸਿੱਖਿਆ ਮੰਤਰੀ ਦੇ ਪਿੰਡ 'ਚ ਰੈਲੀ ਦਾ ਐਲਾਨ

■ ਆਪ ਸਰਕਾਰ ਵੱਲੋਂ ਮਾਣ-ਭੱਤਾ ਦੁੱਗਣਾ ਕਰਨ ਦੀ ਗਰੰਟੀ ਪੂਰੀ ਨਾ ਕਰਨ 'ਤੇ ਕੁੱਕ ਵਰਕਰਾਂ 'ਚ ਰੋਸ

ਪਾਤੜਾਂ (ਨਿਸਾਨ ਸਿੰਘ ਬਣਵਾਲਾ)

ਮਿੱਡ-ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਸੱਦੇ 'ਤੇ ਬਲਾਕ ਪਾਤੜਾਂ ਦੀ ਮਿੱਡ-ਡੇ ਮੀਲ ਇਕਾਈ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਵਿਖੇ ਮੀਟਿੰਗ ਕਰਕੇ ਤਿੰਨ ਸਤੰਬਰ ਦੀ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਹੋਣ ਵਾਲੀ ਰੈਲੀ ਦੀ ਤਿਆਰੀ ਕੀਤੀ। ਇਸ ਦੌਰਾਨ ਸੂਬਾ ਸੀਨੀਅਰ ਮੀਤ ਪ੍ਰਧਾਨ ਬੀਨਾ ਘੱਗਾ ਤੇ ਜ਼ਿਲ੍ਹਾ ਆਗੂ ਬਾਲਾ ਗੁਲਾਹੜ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਮੌਜੂਦਾ ਵਿਧਾਇਕਾਂ ਤੇ ਮੰਤਰੀਆਂ ਵੱਲੋਂ ਖਾਸ ਕਰਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਆਪਣੇ ਨਿਵਾਸ ਸਥਾਨ 'ਤੇ ਕੁੱਕ ਵਰਕਰਾਂ ਨੂੰ ਇਹ ਵਿਸ਼ਵਾਸ ਦਿਵਾਇਆ ਸੀ ਕਿ ਆਮ ਆਦਮੀ ਦੀ ਸਰਕਾਰ ਆਉਣ 'ਤੇ ਮਿੱਡ-ਡੇ ਮੀਲ ਵਰਕਰਾਂ ਦੀ ਤਨਖਾਹ ਛੇ ਹਜ਼ਾਰ ਕੀਤੀ ਜਾਵੇਗੀ। ਇਸ ਤੋਂ ਪਹਿਲਾਂ ਵੀ ਪੰਜਾਬ ਦੇ ਮੰਤਰੀਆਂ ਰਾਹੀਂ ਤੇ ਹੁਣ ਬਲਾਕ ਪ੍ਰਾਇਮਰੀ ਅਫਸਰ ਤੇ ਜ਼ਿਲ੍ਹਾ ਸਿੱਖਿਆ ਅਫਸਰਾਂ ਰਾਹੀਂ ਸਿੱਖਿਆ ਮੰਤਰੀ ਦੇ ਨਾਂਅ ਮੰਗ ਪੱਤਰ ਭੇਜੇ ਜਾ ਰਹੇ ਹਨ। ਬਲਾਕ ਆਗੂ ਬਲਜੀਤ ਸ਼ੁਤਰਾਣਾ ਨੇ ਕਿਹਾ ਕਿ ਪਹਿਲਾਂ ਵੀ ਸੰਗਰੂਰ ਵਿਖੇ ਹੋਣ ਵਾਲੀ ਰੈਲੀ ਤੋਂ ਪਹਿਲਾਂ ਵਿੱਤ ਮੰਤਰੀ ਨੇ ਮੀਟਿੰਗ ਦਾ ਸਮਾਂ ਦਿੱਤਾ ਸੀ, ਪ੍ਰੰਤੂ ਮੰਤਰੀ ਵੱਲੋਂ ਕੋਈ ਮੀਟਿੰਗ ਨਹੀਂ ਕੀਤੀ ਗਈ, ਬਲਕਿ ਸਿੱਖਿਆ ਅਧਿਕਾਰੀਆਂ ਵੱਲੋਂ ਹੀ ਮੀਟਿੰਗ ਕੀਤੀ ਗਈ। ਉਨ੍ਹਾਂ ਕਿਹਾ ਕਿ ਜੇਕਰ ਇਸ ਸਬੰਧੀ ਜਲਦ ਹੀ ਕੋਈ ਕਾਰਵਾਈ ਨਹੀਂ ਹੁੰਦੀ ਤਾਂ ਜਥੇਬੰਦੀ ਵੱਲੋਂ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਤਿੰਨ ਸਤੰਬਰ ਨੂੰ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਇਸ ਮੌਕੇ ਮਿੱਡ-ਡੇ ਮੀਲ ਵਰਕਰ ਯੂਨੀਅਨ ਤੋਂ ਬਬੇਰੀ ਦੇਵੀ, ਸੁਮਨ, ਕੁਸਮ ਲਤਾ, ਨੀਸ਼ਾ ਰਾਣੀ, ਜਸਵਿੰਦਰ ਕੌਰ, ਸੁਨੀਤਾ, ਬੇਅੰਤ ਕੌਰ, ਦਰਸ਼ਨ ਕੌਰ, ਸੰਤੋਸ਼, ਪ੍ਰਦੀਪ ਕੌਰ, ਰਾਜ ਕੌਰ, ਹਰਬੰਸ ਕੌਰ, ਮੀਨਾ ਰਾਣੀ, ਮਨਦੀਪ ਕੌਰ, ਸੋਨੀਆ, ਸੁਖਵਿੰਦਰ ਕੌਰ ਤੇ ਕੁਲਵਿੰਦਰ ਚੁਨਾਗਰਾ ਆਦਿ ਹਾਜ਼ਰ ਸਨ।

ਗੰਨੇ ਦੀ ਬਕਾਇਆ ਰਾਸ਼ੀ ਨੂੰ ਲੈ ਕੇ ਕਾਸ਼ਤਕਾਰਾਂ ਵੱਲੋਂ ਸੰਘਰਸ਼ ਜਾਰੀ

ਗੰਨਾ ਦੀ ਰਹਿੰਦੀ ਬਕਾਇਆ ਰਾਸ਼ੀ ਲੈਣ ਤੱਕ ਸੰਘਰਸ਼ ਜਾਰੀ ਰਹੇਗਾ : ਬੁਗਰਾ

ਧੂਰੀ (ਸੁਖਦੇਵ ਧੂਰੀ)-ਧੂਰੀ ਸ਼ੂਗਰ ਮਿੱਲ ਵੱਲ ਗੰਨਾ ਕਾਸ਼ਤਕਾਰਾਂ ਦੀ ਬਕਾਇਆ ਰਾਸ਼ੀ ਨੂੰ ਲੈ ਕੇ ਗੰਨਾ ਸੰਘਰਸ਼ ਕਮੇਟੀ ਧੂਰੀ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ। ਇਸੇ ਤਹਿਤ ਹੀ ਪਿਛਲੇ 13 ਦਿਨਾਂ ਤੋਂ ਤਹਿਸੀਲ ਕੰਪਲੈਕਸ ਧੂਰੀ ਵਿੱਚ ਗੰਨਾ ਸੰਘਰਸ਼ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਬੁਗਰਾ ਦੀ ਅਗਵਾਈ ਹੇਠ ਧਰਨਾ ਦਿੱਤਾ ਜਾ ਰਿਹਾ ਹੈ ਅਤੇ ਦੋ ਗੰਨਾ ਕਾਸ਼ਤਕਾਰ ਤਹਿਸੀਲ ਕੰਪਲੈਕਸ ਦੀ ਛੱਤ 'ਤੇ ਚੜ੍ਹ ਕੇ ਰੋਸ ਪ੍ਰਦਰਸ਼ਨ ਕਰ ਰਹੇ ਹਨ। ਇਸ ਮੌਕੇ ਗੰਨਾ ਕਾਸ਼ਤਕਾਰਾਂ ਨੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਵੀ ਕੀਤੀ। ਇਸ ਮੌਕੇ ਗੰਨਾ ਸੰਘਰਸ਼ ਕਮੇਟੀ ਧੂਰੀ ਦੇ ਪ੍ਰਧਾਨ ਹਰਜੀਤ ਸਿੰਘ ਬੁਗਰਾ ਨੇ ਗੱਲਬਾਤ ਕਰਦਿਆਂ ਸ਼ੂਗਰ ਮਿੱਲ ਤੋਂ ਗੰਨਾ ਕਾਸ਼ਤਕਾਰਾਂ ਦੀ ਰਹਿੰਦੀ ਬਕਾਇਆ ਰਕਮ ਕਿਸਾਨਾਂ ਨੂੰ ਨਾ ਦਵਾਉਣ ਲਈ ਪ੍ਰਸ਼ਾਸਨ ਤੇ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ। ਇਸ ਮੌਕੇ ਗੰਨਾ ਸੰਘਰਸ਼ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਬੁਗਰਾ ਨੇ ਕਿਹਾ ਕਿ ਸਥਾਨਕ ਸ਼ੂਗਰ ਮਿੱਲ ਵੱਲ ਗੰਨਾ ਕਾਸ਼ਤਕਾਰਾਂ ਦੀ ਲੱਗਪੱਗ 20 ਕਰੋੜ ਰੁਪਏ ਦੀ ਬਕਾਇਆ ਰਾਸ਼ੀ ਰਹਿੰਦੀ ਹੈ ਅਤੇ ਸਰਕਾਰ ਵੱਲੋਂ ਉਨ੍ਹਾਂ ਦੀ ਬਕਾਇਆ ਅਦਾਇਗੀ ਦਿਵਾਉਣ ਲਈ ਕੋਈ ਵੀ ਉਪਰਾਲਾ ਨਹੀਂ ਕੀਤਾ ਜਾ ਰਿਹਾ। ਕਿਸਾਨ ਆਗੂ ਬੁਗਰਾ ਨੇ ਕਿਹਾ ਕਿ ਗੰਨਾ ਕਾਸ਼ਤਕਾਰਾਂ ਦੀ ਬਕਾਇਆ ਰਾਸ਼ੀ ਉਨ੍ਹਾਂ ਨੂੰ ਦਿਵਾਉਣ ਤੱਕ ਸੰਘਰਸ਼ ਜਾਰੀ ਰਹੇਗਾ।

ਕਨੂੰ ਪ੍ਰਿਆ ਨੇ ਪੀਜੀਡੀਸੀਏ ਕੋਰਸ 'ਚ 'ਵਰਸਿਟੀ 'ਚ ਕੀਤਾ ਟਾਪ

ਸਮਰਾਲਾ (ਸੁਰਜੀਤ ਸਿੰਘ)-ਗੁਰੂ ਨਾਨਕ ਖਾਲਸਾ ਕਾਲਜ ਫਾਰ ਵਿਮੈਨ ਗੁੰਜਰਖਾਨ ਕੈਂਪਸ ਮਾਡਲ ਟਾਊਨ ਲੁਧਿਆਣਾ ਵਿੱਚ ਪੀਡੀਸੀਏ ਦੇ ਪੋਸਟ ਗ੍ਰੈਜੂਏਟ ਡਿਪਲੋਮਾ ਕੋਰਸ ਵਿੱਚ ਪੜ੍ਹਦੀ ਇੱਥੋਂ ਲਾਗਲੇ ਪਿੰਡ ਉਟਾਲਾਂ ਦੀ ਕਨੂੰ ਪ੍ਰਿਆ ਨੇ 92.5 ਫੀਸਦੀ ਅੰਕ ਲੈ ਕੇ ਪੰਜਾਬ ਯੂਨੀਵਰਸਿਟੀ ਵਿਚ ਟਾਪ ਕੀਤਾ ਹੈ। ਕਨੂੰ ਪ੍ਰਿਆ ਦੀ ਇਸ ਸਫਲਤਾ 'ਤੇ ਜਿੱਥੇ ਉਸ ਦੇ ਮਾਪੇ ਬਹੁਤ ਖੁਸ਼ ਹਨ, ਉੱਥੇ ਕਾਲਜ ਦੀ ਮੈਨੇਜਮੈਂਟ ਨੇ ਕਨੂੰ ਪ੍ਰਿਆ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਕਨੂੰ ਪ੍ਰਿਆ ਦੀ ਮਿਹਨਤ ਨੇ ਜਿੱਥੇ ਯੂਨੀਵਰਸਿਟੀ ਟਾਪ ਕਰਕੇ ਆਪਣੇ ਚੰਗੇ ਕੈਰੀਅਰ ਲਈ ਪਹਿਲਕਦਮੀ ਕੀਤੀ ਹੈ, ਉੱਥੇ ਇਸ ਵਿਦਿਆਰਥਣ ਨੇ ਕਾਲਜ ਦਾ ਨਾਂ ਵੀ ਰੋਸ਼ਨ ਕੀਤਾ ਹੈ। ਕਨੂੰ ਪ੍ਰਿਆ ਆਪਣੀ ਇਸ ਸਫਲਤਾ ਦਾ ਸਿਹਰਾ ਜਿੱਥੇ ਆਪਣੇ ਟੀਚਰਾਂ ਨੂੰ ਦਿੰਦੀ ਹੈ, ਉੱਥੇ ਉਹ ਆਪਣਾ ਪ੍ਰੇਰਣਾ ਸਰੋਤ ਆਪਣੇ ਦਾਦਾ ਬਿਹਾਰੀ ਲਾਲ ਸੱਦੀ ਨੂੰ ਦੱਸਦੀ ਹੈ। ਬਿਹਾਰੀ ਲਾਲ ਸੱਦੀ ਖੁਦ ਪੇਸ਼ੇ ਤੋਂ ਅਧਿਆਪਕ ਰਹੇ ਹਨ। ਕਨੂੰ ਪ੍ਰਿਆ ਦਾ ਕਹਿਣਾ ਹੈ ਕਿ ਉਸ ਦਾ ਟੀਚਾ ਹਮੇਸ਼ਾ ਉੱਚੇ ਮਕਾਮ ਹਾਸਲ ਕਰਨਾ ਰਿਹਾ ਹੈ। ਉਨ੍ਹਾ ਕਿਹਾ ਕਿ ਕੋਈ ਵੀ ਕੋਰਸ ਭਾਵੇਂ ਕਿੰਨਾ ਵੀ ਔਖਾ ਕਿਉਂ ਨਾ ਹੋਵੇ, ਸਖਤ ਮਿਹਨਤ ਦੇ ਹਮੇਸ਼ਾ ਚੰਗੇ ਸਿੱਟੇ ਹੀ ਸਾਹਮਣੇ ਆਉਂਦੇ ਹਨ।

ਕਿਸਾਨਾਂ ਨੇ ਪੰਜਾਬ ਸਰਕਾਰ ਦੀ ਅਰਥੀ ਫੂਕੀ

ਰਾਮਪੁਰਾ ਫੂਲ (ਦਰਸ਼ਨ ਸਿੰਦਲ)-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਸੂਬਾ ਕਮੇਟੀ ਦੇ ਸੱਦੇ 'ਤੇ ਪਿੰਡ ਕੁਲਰੀਆਂ (ਮਾਨਸਾ) ਆਬਾਦਕਾਰ ਕਿਸਾਨਾਂ ਦੀ ਜ਼ਮੀਨ 'ਤੇ ਸਰਕਾਰ ਵੱਲੋਂ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਤੇ ਕਿਸਾਨ ਆਗੂਆਂ ਸਮੇਤ 30 ਕਿਸਾਨਾਂ ਖਿਲਾਫ ਝੂਠੇ ਕੇਸ ਦਰਜ ਕਰਨ ਦੇ ਰੋਸ ਵਜੋਂ ਪਿੰਡ ਰਾਮਪੁਰਾ ਵਿਖੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ। ਯੂਨੀਅਨ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਕਿਸਾਨਾਂ ਦੇ ਉਜਾੜੇ ਵਿਰੁੱਧ ਤੇ ਕਿਸਾਨ ਆਗੂਆਂ ਸਮੇਤ 30 ਕਿਸਾਨਾਂ 'ਤੇ ਬਣਾਏ ਝੂਠੇ ਕੇਸ ਰੱਦ ਕਰਵਾਉਣ ਲਈ 28 ਅਗਸਤ ਨੂੰ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਮਾਨਸਾ ਖਿਲਾਫ ਦਿੱਤੇ ਜਾ ਰਹੇ ਧਰਨੇ ਵਿੱਚ ਵੱਡੀ ਗਿਣਤੀ 'ਚ ਕਾਫਲੇ ਬਣਾ ਕੇ ਪਹੁੰਚਣ ਲਈ ਅਪੀਲ ਕੀਤੀ। ਇਸ ਮੌਕੇ ਬੀ ਕੇ ਯੂ ਡਕੌਂਦਾ ਦੇ ਪਰਮਜੀਤ ਸਿੰਘ ਪੰਮੀ, ਸੁਖਜਿੰਦਰ ਸਿੰਘ, ਜਗਦੀਸ਼ ਸਿੰਘ ਰਾਮਪੁਰਾ ਆਦਿ ਹਾਜ਼ਰ ਸਨ।

ਚੰਦਰਯਾਨ ਦੀ ਸਫਲਤਾ 'ਤੇ ਐੱਨ ਜੀ ਓਜ਼ ਨੇ ਮਨਾਈ ਖੁਸ਼ੀ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਪੁਲਾੜ ਖੇਤਰ 'ਚ ਨਵਾਂ ਇਤਿਹਾਸ ਰਚਦਿਆਂ ਇਸਰੋ ਨੇ ਬੁੱਧਵਾਰ ਨੂੰ ਚੰਦਰਮਾ ਦੇ ਦੱਖਣੀ ਧਰੁਵ 'ਤੇ ਲੈਂਡਰ 'ਵਿਕਰਮ' ਤੇ ਰੋਵਰ 'ਪ੍ਰਗਿਆਨ' ਨਾਲ ਲੈਸ ਲੈਂਡਰ ਮਾਡਿਊਲ ਨੂੰ ਸਾਫਟ ਲੈਂਡਿੰਗ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਇਸ ਨਾਲ ਭਾਰਤ ਚੰਦਰਮਾ ਦੇ ਦੱਖਣੀ ਧਰੁਵ 'ਤੇ 'ਸਾਫਟ ਲੈਂਡਿੰਗ' ਕਰਨ ਵਾਲਾ ਦੁਨੀਆ ਦਾ ਪਹਿਲਾ ਤੇ ਚੰਦਰਮਾ ਦੀ ਸੱਤ੍ਹਾ 'ਤੇ 'ਸਾਫਟ ਲੈਂਡਿੰਗ' ਕਰਨ ਵਾਲਾ ਦੁਨੀਆ ਦਾ ਚੌਥਾ ਦੇਸ਼ ਬਣ ਗਿਆ ਹੈ। ਚੰਦਰਯਾਨ-3 ਦੀ ਸਫਲਤਾਪੂਰਵਕ ਸਾਫਟ ਲੈਂਡਿੰਗ ਦੀ ਖੁਸ਼ੀ ਵਿੱਚ ਫਰੀਦਕੋਟ ਦੀ ਪ੍ਰਸਿੱਧ ਹੋਟਲ ਸ਼ਾਹੀ ਹਵੇਲੀ ਵਿਖੇ ਇੱਥੋਂ ਦੇ ਮੈਨੇਜਿੰਗ ਡਾਇਰੈਕਟਰ ਆਰਸ਼ ਸੱਚਰ ਵੱਲੋਂ ਫਰੀਦਕੋਟ ਦੀਆਂ ਸਮੂਹ ਐੱਨਜੀਓ ਸੰਸਥਾਵਾਂ ਦੇ ਅਹੁਦੇਦਾਰਾਂ ਦੀ ਇਕੱਤਰਤਾ ਕੀਤੀ ਗਈ ਤੇ ਚੰਦਰਯਾਨ-3 ਦੀ ਸਫਲਤਾ ਵਿੱਚ ਸ਼ਾਮਲ ਰਹੇ ਲੋਕਾਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਸਮੂਹ ਐੱਨਜੀਓਜ਼ ਨੇ ਭਾਰਤ ਦੀ ਇਸ ਸਫਲਤਾ ਲਈ ਦੇਸ਼ ਵਾਸੀਆਂ ਨੂੰ ਵੀ ਮੁਬਾਰਕਾਂ ਦਿੱਤੀਆਂ। ਇਸ ਮੌਕੇ ਰੋਟਰੀ ਕਲੱਬ ਫਰੀਦਕੋਟ, ਸੀਰ ਸੁਸਾਇਟੀ, ਇੰਨਰ ਵ੍ਹੀਲ ਕਲੱਬ (ਲੇਡੀਜ਼), ਆਸਰਾ ਫਾਊਂਡੇਸ਼ਨ, ਕਰ ਭਲਾ ਫਰੀਦਕੋਟ, ਬਾਲਾ ਜੀ ਸੰਘ, ਪੈਨਸ਼ਨਰ ਸੁਸਾਇਟੀ ਤੇ ਹਨੂੰਮਾਨ ਮੰਦਰ ਕਮੇਟੀ ਦੇ ਪ੍ਰਧਾਨ ਹਾਜ਼ਰ ਸਨ।

ਹਾਰਵਰਡ ਕਾਨਵੈਂਟ ਸਕੂਲ ਦੀ ਵਾਲੀਬਾਲ ਟੀਮ ਜ਼ੋਨ 'ਚੋਂ ਅੱਵਲ

ਬਾਘਾ ਪੁਰਾਣਾ (ਮਨੀ ਸਿੰਗਲਾ)-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹਾਰਵਰਡ ਕਾਨਵੈਂਟ ਸੀਨੀ: ਸੈਕੰ: ਸਕੂਲ ਦੀ ਵਾਲੀਬਾਲ ਟੀਮ ਅੰਡਰ-19 ਨੇ ਜ਼ੋਨ ਪੱਧਰ ਉੱਤੇ ਪਹਿਲਾ ਸਥਾਨ ਹਾਸਲ ਕੀਤਾ। ਵਰਨਣਯੋਗ ਹੈ ਕਿ ਇਹ ਮੁਕਾਬਲਾ ਕੋਟਲਾ ਮਹਿਰ ਸਿੰਘ ਵਾਲਾ ਵਿਖੇ ਹੋਇਆ, ਜਿੱਥੇ ਵਿਦਿਆਰਥੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਪ੍ਰਾਪਤ ਕੀਤਾ। ਜ਼ਿਕਰਯੋਗ ਹੈ ਕਿ ਵਾਲੀਬਾਲ ਦੀ ਟੀਮ ਲੰਮੇ ਸਮੇਂ ਤੋਂ ਸਕੂਲ ਦੇ ਡੀ ਪੀ ਸੰਜੀਵ ਕੁਮਾਰ ਦੀ ਅਗਵਾਈ 'ਚ ਚੰਗਾ ਪ੍ਰਦਰਸ਼ਨ ਕਰਦੀ ਆ ਰਹੀ ਹੈ। ਇਸ ਸਮੇਂ ਸਕੂਲ ਦੇ ਚੇਅਰਮੈਨ ਨਵਦੀਪ ਸਿੰਘ ਬਰਾੜ ਤੇ ਪ੍ਰਿੰਸੀਪਲ ਮੈਡਮ ਅਨੀਲਾ ਨੇ ਜੇਤੂ ਟੀਮ ਨੂੰ ਵਧਾਈ ਦਿੱਤੀ ਤੇ ਅੱਗੇ ਤੋਂ ਵੀ ਸ਼ਾਨਦਾਰ ਪ੍ਰਦਰਸ਼ਨ ਕਰਨ ਦੀ ਪ੍ਰੇਰਣਾ ਦਿੱਤੀ। ਇਸ ਸਮੇਂ ਸਮੂਹ ਟੀਚਿੰਗ ਤੇ ਨਾਨ-ਟੀਚਿੰਗ ਸਟਾਫ ਸ਼ਾਮਲ ਸੀ।

ਮਾਤਾ ਗੁਜਰੀ ਕਾਲਜ ਦੀ ਕਾਮਰਸ ਐਸੋ. ਵੱਲੋਂ ਬੁੱਕ ਐਕਸਚੇਂਜ ਪ੍ਰੋਗਰਾਮ

ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮਾਤਾ ਗੁਜਰੀ ਕਾਲਜ ਦੀ ਕਾਮਰਸ ਐਸੋਸੀਏਸ਼ਨ ਵੱਲੋਂ ਹਰ ਸਾਲ ਦੀ ਤਰ੍ਹਾਂ ਬੁੱਕ ਐਕਸਚੇਂਜ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਵਿਭਾਗ ਦੇ ਸੀਨੀਅਰ ਵਿਦਿਆਰਥੀਆਂ ਵੱਲੋਂ ਹਰ ਸਾਲ ਆਪਣੇ ਜੂਨੀਅਰ ਵਿਦਿਆਰਥੀਆਂ ਨੂੰ ਕਿਤਾਬਾਂ ਦਿੱਤੀਆਂ ਜਾਂਦੀਆਂ ਹਨ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਾਮਰਸ ਐਸੋਸੀਏਸ਼ਨ ਨਾਲ ਸਬੰਧਤ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਵਿਦਿਆਰਥੀ ਭਲਾਈ ਦੇ ਕਾਰਜਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਜਾਰੀ ਰੱਖਣ ਲਈ ਪ੍ਰੇਰਿਆ। ਇਸ ਮੌਕੇ ਕਾਮਰਸ ਵਿਭਾਗ ਦੇ ਮੁਖੀ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਮਕਸਦ ਵਿਦਿਆਰਥੀਆਂ ਅੰਦਰ ਸਮਾਜਿਕ ਮਿਲਵਰਤਣ ਤੇ ਸਹਿਯੋਗ ਦੀ ਭਾਵਨਾ ਨੂੰ ਵਿਕਸਤ ਕਰਨਾ ਹੈ। ਕਾਮਰਸ ਐਸੋਸੀਏਸ਼ਨ ਦੀ ਪ੍ਰਧਾਨ ਐੱਮ. ਕਾਮ. ਭਾਗ-ਦੂਸਰਾ ਦੀ ਵਿਦਿਆਰਥਣ ਕਵਿਤਾ ਨੇ ਕਿਹਾ ਕਿ ਇਸ ਪਹਿਲ ਕਦਮੀ ਨਾਲ ਸਾਡੇ ਅੰਦਰ ਆਪਣੇ ਸਾਥੀ ਵਿਦਿਆਰਥੀਆਂ ਪ੍ਰਤੀ ਸਹਿਯੋਗ ਦੀ ਭਾਵਨਾ ਪੈਦਾ ਹੁੰਦੀ ਹੈ। ਇਸ ਮੌਕੇ ਅੰਗਰੇਜ਼ੀ ਵਿਭਾਗ ਦੀ ਮੁਖੀ ਡਾ. ਹਰਵੀਨ ਕੌਰ, ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਸ਼ਿਦ ਰਸ਼ੀਦ, ਪ੍ਰੋ. ਮੁਹੰਮਦ ਅਨਵਰ, ਰਾਜਨੀਤੀ ਵਿਗਿਆਨ ਵਿਭਾਗ ਦੇ ਮੁਖੀ ਡਾ. ਸਤਨਾਮ ਸਿੰਘ, ਡਾ. ਹਰਜੀਤ ਕੌਰ, ਪ੍ਰੋ. ਰਵਿੰਦਰ ਕੌਰ, ਡਾ. ਮਨਿੰਦਰ ਕੈਂਥ ਤੇ ਹੋਰ ਫੈਕਲਟੀ ਮੈਂਬਰ ਹਾਜ਼ਰ ਸਨ।

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਰਾਮਪੁਰਾ ਫੂਲ ਦੀ ਮੀਟਿੰਗ

ਰਾਮਪੁਰਾ ਫੂਲ (ਦਰਸ਼ਨ ਸਿੰਦਲ)-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਰਾਮਪੁਰਾ ਫੂਲ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਨਿਰਮਲ ਸਿੰਘ ਚਾਉਕੇ ਦੀ ਪ੍ਰਧਾਨਗੀ ਹੇਠ ਟੀਚਰ ਹੋਮ ਰਾਮਪੁਰਾ ਫੂਲ ਵਿਖੇ ਹੋਈ, ਜਿਸ ਵਿੱਚ ਡਾਕਟਰ ਭਰਥਰੀ ਸ਼ਰਮਾ ਮੰਡੀ ਕਲਾਂ ਨੇ ਕਿਹਾ ਕਿ ਸਰਕਾਰ ਨੂੰ ਸਾਡੀਆਂ ਮੰਗਾਂ ਪੂਰੀਆਂ ਕਰਨੀਆਂ ਚਾਹੀਦੀਆਂ ਹਨ। ਡਾਕਟਰ ਰੇਸ਼ਮ ਸਿੰਘ ਫੂਲ ਨੇ ਨਸ਼ੇ ਦੇ ਮੁੱਦੇ 'ਤੇ ਬਣੀਆਂ ਪਿੰਡਾਂ ਵਿੱਚ ਕਮੇਟੀਆਂ ਦੇ ਸਾਰੇ ਡਾਕਟਰ ਸਾਥੀਆਂ ਨੂੰ ਮਦਦ ਕਰਨ ਲਈ ਬੇਨਤੀ ਕੀਤੀ ਗਈ ਤੇ ਸਾਰੇ ਡਾਕਟਰ ਸਾਥੀਆਂ ਨੂੰ ਸਾਫ ਸੁਥਰੀ ਪ੍ਰੈਕਟਿਸ ਕਰਨ ਲਈ ਕਿਹਾ ਗਿਆ। ਡਾਕਟਰ ਰਵੇਲ ਸਿੰਘ ਗੁਰੂਸਰ ਨੇ ਵੀ ਕਿਹਾ ਕਿ ਸਾਰੇ ਡਾਕਟਰ ਸਾਥੀਆਂ ਨੂੰ ਮਿਲ ਕੇ ਨਸ਼ੇ ਨੂੰ ਖਤਮ ਕਰਨ ਲਈ ਮਿਲ ਕੇ ਕੰਮ ਕਰਨਾ ਚਾਹੀਦਾ ਹੈ। ਡਾਕਟਰ ਚਮਕੌਰ ਸਿੰਘ ਮਹਿਰਾਜ ਨੇ ਕਿਹਾ ਕਿ ਸਾਡੀ ਜਥੇਬੰਦੀ ਪਹਿਲਾਂ ਤੋਂ ਹੀ ਨਸ਼ੇ ਦੇ ਖਿਲਾਫ ਹੈ ਤੇ ਰਹੇਗੀ ਤੇ ਸਰਕਾਰ ਨੂੰ ਨਸ਼ੇ ਦੇ ਸੌਦਾਗਰਾਂ ਨਾਲ ਸਖਤੀ ਨਾਲ ਪੇਸ਼ ਆਉਣ ਲਈ ਕਿਹਾ ਗਿਆ। ਡਾਕਟਰ ਬਲਵੀਰ ਸਿੰਘ ਬੱਜੋਆਣਾ ਨੇ ਕਿਹਾ ਕਿ ਸਾਰੇ ਡਾਕਟਰ ਸਾਥੀਆਂ ਨੂੰ ਮੀਟਿੰਗ ਵਿੱਚ ਵੱਧ ਤੋਂ ਵੱਧ ਹਾਜ਼ਰ ਹੋਣ ਲਈ ਕਿਹਾ ਗਿਆ। ਡਾਕਟਰ ਜਗਤਾਰ ਸਿੰਘ ਫੂਲ ਜ਼ਿਲ੍ਹਾ ਪ੍ਰਧਾ

28-August-PAGE-11-Majha-23.qxd 8/27/2023 10:58 PM Page 1

ਮਿੱਡ ਡੇਅ ਮੀਲ ਵਰਕਰਜ਼ ਯੂਨੀਅਨ ਨੇ ਸਿੱਖਿਆ ਮੰਤਰੀ ਦੇ ਨਾਂਅ ਭੇਜਿਆ ਮੰਗ ਪੱਤਰ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਮਿੱਡ ਡੇਅ ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਸੱਦੇ ਤੇ ਜ਼ਿਲ੍ਹਾ ਇਕਾਈ ਤਰਨ ਤਾਰਨ ਵੱਲੋਂ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਤਰਨ ਤਾਰਨ ਕੰਵਲਜੀਤ ਸਿੰਘ ਧੰਜੂ ਰਾਹੀਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਾਂਅ ਮੰਗ ਪੱਤਰ ਭੇਜਿਆ ਗਿਆ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਜਵੰਤ ਕੌਰ ਰਾਜ ਅਤੇ ਜਨਰਲ ਸਕੱਤਰ ਪਰਮਜੀਤ ਕੌਰ ਨੇ ਕਿਹਾ ਕਿ ਇਸ ਮੰਗ ਪੱਤਰ ਰਾਹੀਂ ਮਿੱਡ ਡੇਅ ਮੀਲ ਵਰਕਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ, ਜਿਨ੍ਹਾਂ ਵਿੱਚ ਮਿੱਡ ਡੇਅ ਮੀਲ ਵਰਕਰਾਂ ਦੀਆਂ ਘੱਟੋ ਘੱਟ ਉਜਰਤਾਂ ਦਾ ਕਾਨੂੰਨ ਲਾਗੂ ਕਰਨ, ਵਾਧੂ ਕੰਮਾਂ ਤੋਂ ਛੁਟਕਾਰਾ ਦੇਣ, ਹਰੇਕ ਵਰਕਰ ਦਾ ਘੱਟੋ ਘੱਟ ਪੰਜ ਲੱਖ ਦਾ ਬੀਮਾ ਕਰਨ, ਵਰਕਰਾਂ ਦੀਆਂ ਛੁੱਟੀਆਂ ਯਕੀਨੀ ਰੂਪ ਚ ਲਾਗੂ ਕਰਨ, ਗਰਮੀ ਤੇ ਸਰਦੀ ਦੇ ਮੌਸਮ ਲਈ ਦੋ-ਦੋ ਵਰਦੀਆਂ ਦੇਣ ਆਦਿ ਦੀਆਂ ਮੰਗਾਂ ਨੂੰ ਪੂਰਾ ਕਰਾਉਣ ਦੀ ਮੰਗ ਸਿੱਖਿਆ ਮੰਤਰੀ ਪੰਜਾਬ ਤੱਕ ਭੇਜੀ ਗਈ ਹੈ।

ਉਨ੍ਹਾਂ ਕਿਹਾ ਕਿ ਜੇਕਰ ਇਸ ਸਬੰਧੀ ਜਲਦ ਹੀ ਕੋਈ ਕਾਰਵਾਈ ਨਹੀਂ ਹੁੰਦੀ ਤਾਂ ਜਥੇਬੰਦੀ ਵੱਲੋਂ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸਨ ਦੇ ਅਧਿਆਪਕ ਆਗੂ ਪ੍ਰਤਾਪ ਸਿੰਘ ਠੱਠਗੜ੍ਹ, ਕੰਵਰਦੀਪ ਸਿੰਘ ਢਿੱਲੋਂ, ਅਮਰਦੀਪ ਸ਼ਰਮਾ, ਸਰਬਜੀਤ ਸਿੰਘ ਕਾਜੀਕੋਟ, ਜਸਕੀਰਤ ਸਿੰਘ ਪਹੂਵਿੰਡ ਤੋਂ ਇਲਾਵਾ ਜਸਬੀਰ ਕੌਰ, ਗੁਰਮੀਤ ਕੌਰ ਕੰਵਲਜੀਤ ਕੌਰ, ਬਲਵਿੰਦਰ ਕੌਰ, ਸਰਬਜੀਤ ਕੌਰ, ਬਲਜੀਤ ਕੌਰ, ਕੁਲਵਿੰਦਰ ਕੌਰ, ਮਨਜੀਤ ਕੌਰ, ਅਮਰਜੀਤ ਕੌਰ, ਬੇਅੰਤ ਕੌਰ, ਹਰਬੰਸ ਕੌਰ, ਮਨਜੀਤ ਕੌਰ, ਕੁਲਦੀਪ ਕੌਰ, ਗੁਰਵਿੰਦਰ ਕੌਰ, ਅਮਨਦੀਪ ਕੌਰ, ਕੁਲਵਿੰਦਰ ਕੌਰ, ਮਨਜੀਤ ਕੌਰ, ਕਸ਼ਮੀਰ ਕੌਰ ਆਦਿ ਮਿਡ ਡੇਅ ਮੀਲ ਵਰਕਰ ਹਾਜ਼ਰ ਹੋਏ।

4 ਮੋਟਰਸਾਈਕਲਾਂ ਤੇ ਐਕਟਿਵਾ ਸਮੇਤ ਚੋਰ ਪੁਲਸ ਅੜਿੱਕੇ

ਕਲਾਨੌਰ, (ਮਨਦੀਪ ਕੁਮਾਰ)-ਪੁਲਸ ਥਾਣਾ ਕਲਾਨੌਰ ਦੇ ਐੱਸਐੱਚਓ ਮੇਜਰ ਸਿੰਘ ਦੀ ਰਹਿਨੁਮਾਈ ਹੇਠ ਚੋਰੀ ਦੇ 4 ਮੋਟਰਸਾਈਕਲ ਅਤੇ ਐਕਟਿਵਾ ਸਮੇਤ ਚੋਰ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪੁਲਸ ਥਾਣਾ ਕਲਾਨੌਰ ਦੇ ਐੱਸਐੱਚਓ ਮੇਜਰ ਸਿੰਘ ਨੇ ਦੱਸਿਆ ਕਿ ਮਾੜੇ ਅਨਸਰਾਂ ਨੂੰ ਨੱਥ ਪਾਉਣ ਲਈ ਪੁਲਸ ਵੱਲੋਂ ਮੁਸਤੈਦੀ ਨਾਲ ਨਾਕੇ ਲਗਾ ਏ ਜਾ ਰਹੇ ਹਨ ਜਿਸ ਦੇ ਤਹਿਤ ਪੁਲਸ ਵੱਲੋਂ ਬੀਤੇ ਦਿਨੀ ਏਐੱਸਆਈ ਰਣਧੀਰ ਸਿੰਘ ਦੀ ਅਗਵਾਈ ਵਿੱਚ ਕਲਾਨੌਰ ਡੇਰਾ ਬਾਬਾ ਨਾਨਕ ਰੋਡ ਰੁਡਿਆਣਾ ਟੀ-ਪੁਆਇੰਟ ਤੇ ਹੋਰ ਪੁਲਸ ਮੁਲਾਜ਼ਮਾਂ ਏਐੱਸਆਈ ਕਸ਼ਮੀਰ ਸਿੰਘ, ਹਵਲਦਾਰ ਸੁਖਦੇਵ ਸਿੰਘ, ਹਵਲਦਾਰ ਸੁਖਜਿੰਦਰ ਸਿੰਘ ਆਦਿ ਨੂੰ ਨਾਲ ਲੈ ਕੇ ਨਾਕਾ ਲਗਾਇਆ ਹੋਇਆ ਸੀ।

ਇਸੇ ਦੌਰਾਨ ਡੇਰਾ ਬਾਬਾ ਨਾਨਕ ਸਾਈਡ ਤੋਂ ਅਪਾਚੀ ਮੋਟਰਸਾਈਕਲ 'ਤੇ ਇੱਕ ਨੌਜਵਾਨ ਆ ਰਿਹਾ ਸੀ। ਰੋਕਣ 'ਤੇ ਮੋਟਰਸਾਈਕਲ ਸਵਾਰ ਤੋਂ ਚੋਰੀ ਦਾ ਮੋਟਰਸਾਈਕਲ ਬਰਾਮਦ ਹੋਇਆ। ਇਸ 'ਤੇ ਪੁਲਸ ਨੇ ਪਰਚਾ ਵੀ ਦਰਜ ਕੀਤਾ ਅਤੇ ਮੁਜਰਮ ਦਾ ਰਿਮਾਂਡ ਵੀ ਲਿਆ।

ਰਿਮਾਂਡ ਦੌਰਾਨ ਸਖਤੀ ਨਾਲ ਪੁਛਗਿੱਛ ਦੌਰਾਨ ਉਸ ਦੀ ਨਿਸ਼ਾਨਦੇਹੀ 'ਤੇ ਉਸ ਕੋਲੋਂ ਤਿੰਨ ਹੋਰ ਮੋਟਰਸਾਈਕਲ ਅਤੇ ਇੱਕ ਐਕਟਿਵਾ ਬਰਾਮਦ ਕੀਤੀ ਗਈ। ਕਾਬੂ ਕੀਤੇ ਮੁਜਰਮ ਸੁੱਖਾ ਮਸੀਹ ਉਰਫ ਸੁੱਖਾ ਪੁੱਤਰ ਨਿੰਦਰ ਮਸੀਹ ਵਾਸੀ ਬਸਰਾਵਾਂ ਪੁਲਸ ਥਾਣਾ ਰੰਗੜ ਨੰਗਲ 'ਤੇ ਧਾਰਾ 379,411 ਤਹਿਤ ਮੁਕੱਦਮਾ ਦਰਜ ਕਰਕੇ ਜੇਲ੍ਹ ਭੇਜ ਦਿੱਤਾ ਹੈ।

ਸੇਵਾ ਕੇਂਦਰ ਖੇਮਕਰਨ 'ਚ ਲੋਕ ਹੋ ਰਹੇ ਖੱਜਲ-ਖੁਆਰ, ਪ੍ਰਸ਼ਾਸਨ ਸੁੱਤਾ ਕੁੰਭਕਰਨੀ ਨੀਂਦ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸੇਵਾ ਕੇਂਦਰ ਖੇਮਕਰਨ 'ਚ ਕੰਮ-ਕਾਜ ਦੇ ਸਿਲਸਿਲੇ ਆਉਣ ਵਾਲੇ ਲੋਕਾਂ ਨੂੰ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੇਵਾ ਕੇਂਦਰ ਖੇਮਕਰਨ 'ਚ ਪਹੁੰਚੇ ਗੁਰੋ, ਦਰਸ਼ਨ ਕੌਰ ਅਤੇ ਜਸ਼ਨਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਪਿਛਲੇ 3-4 ਦਿਨਾਂ ਤੋਂ ਆਪਣੇ ਅਧਾਰ ਕਾਰਡ 'ਤੇ ਪੈਨਸ਼ਨ ਦਾ ਕੰਮ ਕਰਵਾਉਣ ਲਈ ਸੇਵਾ ਕੇਂਦਰ ਦੇ ਚੱਕਰ ਲਗਾ ਰਹੇ ਹਨ, ਪ੍ਰੰਤੂ ਸੇਵਾ ਕੇਂਦਰ 'ਚ ਮੌਜੂਦ ਕਰਮਚਾਰੀ ਉਨ੍ਹਾਂ ਨੂੰ ਖੱਜਲ ਖੁਆਰ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਕਈ ਵਾਰ ਤਾਂ ਸੇਵਾ ਕੇਂਦਰ ਦੇ ਮੁਲਾਜ਼ਮ ਕਹਿੰਦੇ ਹਨ ਕਿ ਸਾਡਾ ਸਿਸਟਮ ਨਹੀਂ ਚੱਲ ਰਿਹਾ। ਇਸੇ ਤਰ੍ਹਾਂ ਅਧਾਰ ਕਾਰਡ ਬਣਾਉਣ 'ਤੇ ਅਪਡੇਟ ਕਰਨ ਵਾਲਾ ਅਧਿਕਾਰੀ ਸਿਰਫ 3 ਵਜੇ ਤੱਕ ਕੰਮ ਕਰਨ ਦੀ ਗੱਲ ਕਹਿ ਕੇ ਲੋਕਾਂ ਨੂੰ ਪ੍ਰੇਸ਼ਨ ਕਰ ਰਿਹਾ ਹੈ। ਇਸ ਮੌਕੇ ਸੁਖਦੀਪ ਸਿੰਘ ਨੇ ਦੱਸਿਆ ਕਿ ਜਦੋਂ ਬਿਜਲੀ ਚਲੀ ਜਾਂਦੀ ਹੈ ਤਾਂ ਸੇਵਾ ਕੇਂਦਰ ਦੇ ਮੁਲਾਜ਼ਮ ਜਨਰੇਟਰ ਵੀ ਨਹੀਂ ਚਲਾਉਂਦੇ। ਜਦੋਂ ਉਨ੍ਹਾਂ ਨੂੰ ਜਨਰੇਟਰ ਨਾ ਚਲਾਉਣ ਸੰਬੰਧੀ ਸਵਾਲ ਪੁੱਛਿਆ ਜਾਂਦਾ ਹੈ ਤਾਂ ਅੱਗਿਓਂ ਉਹ ਇਹ ਕਹਿੰਦੇ ਹਨ ਕਿ ਅੱਜ ਸਾਨੂੰ ਮਹਿਕਮੇ ਨੇ ਤੇਲ ਨਹੀਂ ਭੇਜਿਆ। ਸੁਖਦੀਪ ਸਿੰਘ ਨੇ ਦੱਸਿਆ ਕਿ ਜਦੋਂ ਉਹ ਆਪਣੇ ਬੱਚਿਆਂ ਸਮੇਤ ਅਧਾਰ ਕਾਰਡ ਅਪਡੇਟ ਕਰਾਉਣ ਲਈ ਸੇਵਾ ਕੇਂਦਰ ਗਿਆ ਤਾਂ ਅਧਾਰ ਕਾਰਡ ਅਪਡੇਟ ਕਰਨ ਵਾਲੇ ਕਰਮਚਾਰੀ ਵੱਲੋਂ ਉਸ ਨਾਲ ਦੁਰਵਿਵਹਾਰ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੱਸਿਆ ਕਿ ਸੇਵਾ ਕੇਂਦਰ ਵਿੱਚ ਕੁੱਝ ਪ੍ਰਾਈਵੇਟ ਵਿਅਕਤੀ ਬਿਨਾਂ ਕਿਸੇ ਅਧਿਕਾਰੀ ਦੀ ਇਜਾਜ਼ਤ ਤੋਂ ਕੰਮ ਕਰਦੇ ਹਨ, ਜੋ ਜਾਂਚ ਦਾ ਵਿਸ਼ਾ ਹੈ। ਜ਼ਿਕਰਯੋਗ ਹੈ ਕਿ ਖੱਜਲ-ਖੁਆਰੀ ਦੀ ਇਹ ਕਹਾਣੀ ਇੱਕ ਵਿਅਕਤੀ ਦੀ ਨਹੀਂ ਬਲਕਿ ਸੈਂਕੜੇ ਲੋਕਾਂ ਦੀ ਹੈ। ਇਸ ਮੌਕੇ ਉਪਰੋਕਤ ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸੇਵਾ ਕੇਂਦਰ ਖੇਮਕਰਨ 'ਚ ਆਧਾਰ ਕਾਰਡ ਬਣਾਉਣ ਵਾਲੇ ਕਰਮਚਾਰੀਆਂ ਵਿਰੁੱਧ ਕਾਰਵਾਈ ਕੀਤੀ ਜਾਵੇ।

ਨਾਜਾਇਜ਼ ਅਸਲੇ ਸਮੇਤ ਦੋ ਨੌਜਵਾਨ ਕਾਬੂ, ਤੀਜਾ ਭੱਜਣ 'ਚ ਕਾਮਯਾਬ

ਭਿੱਖੀਵਿੰਡ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਐੱਸਐੱਸਪੀ ਤਰਨ ਤਾਰਨ ਗੁਰਮੀਤ ਸਿੰਘ ਚੌਹਾਨ ਤੇ ਡੀਐੱਸਪੀ ਭਿੱਖੀਵਿੰਡ ਪ੍ਰੀਤਇੰਦਰ ਸਿੰਘ ਵੱਲੋਂ ਜਾਰੀ ਸਖਤ ਦਿਸ਼ਾ-ਨਿਰਦੇਸਾਂ ਤੇ ਚੱਲਦਿਆਂ ਅੱਜ ਥਾਣਾ ਵਲਟੋਹਾ ਦੀ ਪੁਲਸ ਨੇ ਦੋ ਨੌਜਵਾਨਾਂ ਨੂੰ ਨਜਾਇਜ਼ ਅਸਲੇ ਸਮੇਤ ਗ੍ਰਿਫਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ ਜਦਕਿ ਇੱਕ ਨੌਜਵਾਨ ਮੌਕੇ ਤੋਂ ਫਰਾਰ ਦੱਸਿਆ ਜਾ ਰਿਹਾ ਹੈ। ਇਸ ਮਾਮਲੇ ਸੰਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਥਾਣਾ ਵਲਟੋਹਾ ਦੇ ਮੁਖੀ ਇੰਸਪੈਕਟਰ ਸਾਗਰ ਬਨਾਲ ਨੇ ਦੱਸਿਆ ਕਿ ਥਾਣਾ ਵਲਟੋਹਾ ਦੇ ਏਐੱਸਆਈ ਗੁਰਪਾਲ ਸਿੰਘ ਸਮੇਤ ਪੁਲਸ ਪਾਰਟੀ ਭੈੜੇ ਪੁਰਸ਼ਾਂ ਦੀ ਤਲਾਸ਼ 'ਚ ਪਿੰਡ ਵਲਟੋਹਾ ਤੋਂ ਅਮਰਕੋਟ ਹੁੰਦਿਆਂ ਹੋਇਆਂ ਮਹਿਮੂਦਪੁਰ ਵਾਲੇ ਪਾਸੇ ਨੂੰ ਜਾ ਰਹੇ ਸੀ। ਜਦੋਂ ਪੁਲਸ ਪਾਰਟੀ ਪਿੰਡ ਮਹਿਮੂਦਪੁਰਾ ਦੇ ਸਰਕਾਰੀ ਸਕੂਲ ਨਜ਼ਦੀਕ ਪੁੱਜੀ ਤਾਂ ਸੜਕ ਦੇ ਖੱਬੇ ਪਾਸੇ ਇੱਕ ਚਿੱਟੇ ਰੰਗ ਦੀ ਸਕਾਰਪੀਓ ਨੰਬਰ ਪੀਬੀ 46 ਏਸੀ 5518 ਜਿਸ ਵਿੱਚ ਦੋ ਮੋਨੇ ਨੌਜਵਾਨ ਅਤੇ ਇੱਕ ਸਰਦਾਰ ਵਿਅਕਤੀ ਸਵਾਰ ਸੀ, ਖੜ੍ਹੀ ਸੀ। ਥਾਣਾ ਮੁਖੀ ਨੇ ਦੱਸਿਆ ਕਿ ਪੁਲਸ ਦੀ ਗੱਡੀ ਦੇਖ ਕੇ ਸਕਾਰਪੀਓ 'ਚ ਸਵਾਰ ਤਿੰਨੋਂ ਨੌਜਵਾਨਾਂ ਨੇ ਗੱਡੀ 'ਚੋਂ ਨਿਕਲ ਕੇ ਭੱਜਣਾ ਸ਼ੁਰੂ ਕਰ ਦਿੱਤਾ, ਜਿਸ ਤੋਂ ਬਾਅਦ ਏਐੱਸਆਈ ਗੁਰਪਾਲ ਸਿੰਘ ਨੇ ਸਾਥੀ ਪੁਲਸ ਕਰਮਚਾਰੀਆਂ ਦੀ ਮਦਦ ਨਾਲ ਦੋ ਨੌਜਵਾਨਾਂ ਨੂੰ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਡ੍ਰਾਈਵਿੰਗ ਸੀਟ ਤੋਂ ਉਠ ਕੇ ਭੱਜਣ ਦੀ ਕੋਸ਼ਿਸ਼ ਕਰਨ ਵਾਲੇ ਨੌਜਵਾਨ ਨੇ ਆਪਣਾ ਨਾਮ ਜੱਜਬੀਰ ਸਿੰਘ ਪੁੱਤਰ ਨਿਸ਼ਾਨ ਸਿੰਘ ਵਾਸੀ ਕਾਲੇਕੇ ਅਤੇ ਦੂਜੇ ਨੌਜਵਾਨ ਨੇ ਆਪਣਾ ਨਾਮ ਗੁਰਸੰਤ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ ਮਹਿਮੂਦਪੁਰਾ ਦੱਸਿਆ। ਜਦਕਿ ਤੀਜਾ ਨੌਜਵਾਨ ਜੋ ਭੱਜਣ 'ਚ ਕਾਮਯਾਬ ਹੋ ਗਿਆ ਸੀ, ਦਾ ਨਾਮ ਕੁਲਬੀਰ ਸਿੰਘ ਪੁੱਤਰ ਦਲਬੀਰ ਸਿੰਘ ਵਾਸੀ ਮਨਾਵਾਂ ਦੱਸਿਆ ਜਾ ਰਿਹਾ ਹੈ। ਥਾਣਾ ਮੁਖੀ ਨੇ ਦੱਸਿਆ ਕਿ ਜਦੋਂ ਸਕਾਰਪੀਓ ਗੱਡੀ ਦੀ ਤਲਾਸ਼ੀ ਲਈ ਗਈ ਤਾਂ ਉਸ 'ਚੋਂ ਇੱਕ ਦੇਸੀ ਕੱਟਾ, 315 ਦੇ 5 ਜ਼ਿੰਦਾ ਰੌਂਦ, ਇੱਕ 32 ਬੋਰ ਰਿਵਾਲਵਰ ਅਤੇ 32 ਬੋਰ ਰਿਵਾਲਵਰ ਦੇ 10 ਜ਼ਿਦਾ ਰੌਂਦ ਬਰਾਮਦ ਕੀਤੇ ਗਏ, ਜਿਸ 'ਤੇ ਥਾਣਾ ਵਲਟੋਹਾ ਵਿਖੇ 25-27 ਆਰਮਜ਼ ਐਕਟ ਅਧੀਨ ਮਾਮਲਾ ਦਰਜ ਕਰਕੇ ਅਦਾਲਤੀ ਕਾਰਵਾਈ ਕੀਤੀ ਜਾ ਰਹੀ ਹੈ।

ਹੜ੍ਹ ਦੀ ਭੇਟ ਚੜ੍ਹੇ ਬੱਚੇ ਦੇ ਪਰਿਵਾਰ ਨੂੰ ਈਟੀਓ ਨੇ ਚਾਰ ਲੱਖ ਦਾ ਚੈੱਕ ਦਿੱਤਾ

ਜੰਡਿਆਲਾ ਗੁਰੂ/ਅੰਮ੍ਰਿਤਸਰ, (ਹਰਿੰਦਰ ਪਾਲ ਸਿੰਘ/ਨਰਿੰਦਰਜੀਤ ਸਿੰਘ)-ਕੈਬਿਨਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਐੱਸਡੀਐੱਮਜ਼ ਨੂੰ ਹੜ੍ਹਾਂ ਕਾਰਨ ਫਸਲਾਂ ਦੇ ਹੋਏ ਨੁਕਸਾਨ ਦੀ ਬਣਦੀ ਮੁਆਵਜ਼ਾ ਰਾਸ਼ੀ ਵੰਡਣ ਦਾ ਕੰਮ ਜਲਦ ਤੋਂ ਜਲਦ ਮੁਕੰਮਲ ਕਰਨ ਦੀ ਹਦਾਇਤ ਕਰਦੇ ਕਿਹਾ ਕਿ ਕਿਸੇ ਵੀ ਪੀੜਤ ਨਾਲ ਬੇਇਨਸਾਫੀ ਨਾ ਹੋਵੇ। ਉਕਤ ਸ਼ਬਦਾਂ ਦਾ ਪ੍ਰਗਟਾਵਾ ਉਨ੍ਹਾਂ ਮਜੀਠਾ ਹਲਕੇ ਦੇ ਪਿੰਡ ਤਨੇਲ, ਜਿਥੋਂ ਦਾ ਇਕ ਬੱਚਾ ਹੜ੍ਹ ਦੇ ਪਾਣੀ ਵਿੱਚ ਵਹਿ ਗਿਆ ਸੀ, ਦੇ ਪਰਿਵਾਰ ਨੂੰ ਚਾਰ ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਜਾਰੀ ਕਰਨ ਮੌਕੇ ਕੀਤਾ। ਉਨ੍ਹਾਂ ਦੱਸਿਆ ਕਿ ਪੰਜਾਬ ਭਰ ਵਿੱਚ ਇਸ ਕੁਦਰਤੀ ਕਰੋਪੀ ਨਾਲ ਜੋ ਵੀ ਨੁਕਸਾਨ ਹੋਇਆ ਹੈ ਉਸ ਦੀ ਭਰਪਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਐੱਸਡੀਐੱਮਜ਼ ਤੇ ਮਾਲ ਅਧਿਕਾਰੀ ਇਕ ਹਫਤੇ ਦੇ ਅੰਦਰ ਪ੍ਰਭਾਵਿਤ ਲੋਕਾਂ ਦੇ ਬੈਂਕ ਖਾਤਿਆਂ ਵਿੱਚ ਮੁਆਵਜ਼ਾ ਰਾਸ਼ੀ ਟਰਾਂਸਫਰ ਕਰਨੀ ਯਕੀਨੀ ਬਣਾਉਣ।

ਇਸ ਮੌਕੇ ਤਹਿਸੀਲਦਾਰ ਅਕਵਿੰਦਰ ਕੌਰ, ਮੈਡਮ ਲਾਲੀ ਮਜੀਠੀਆ ਅਤੇ ਹੋਰ ਸ਼ਖਸੀਅਤਾਂ ਵੀ ਹਾਜ਼ਰ ਸਨ।

ਪੰਜਾਬ ਸਰਕਾਰ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਯਤਨਸ਼ੀਲ: ਸ਼ੈਰੀ ਕਲਸੀ

ਬਟਾਲਾ (ਤਰਲੋਕ ਬੱਗਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਵਿੱਚ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਵਿੱਢੀ ਮੁਹਿੰਮ ਨੂੰ ਕਿਸਾਨਾਂ ਨੇ ਵੱਡਾ ਹੁਲਾਰਾ ਦਿੱਤਾ ਹੈ। ਸੂਬੇ ਵਿੱਚ ਸਾਉਣੀ ਦੇ ਇਸ ਸੀਜ਼ਨ ਦੌਰਾਨ ਬਾਸਮਤੀ ਦੀ ਕਾਸ਼ਤ ਹੇਠ ਰਕਬੇ ਵਿੱਚ ਤਕਰੀਬਨ 16 ਫ਼ੀਸਦ ਵਾਧਾ ਦਰਜ ਕੀਤਾ ਗਿਆ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ ਨਿਰਦੇਸ਼ਾਂ ਹੇਠ ਖੇਤੀਬਾੜੀ ਵਿਭਾਗ ਵਲੋਂ ਇਸ ਸਬੰਧ ਵਿੱਚ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਕਿ ਦੱਸਿਆ ਕਿ ਸਾਉਣੀ ਦੇ ਇਸ ਸੀਜ਼ਨ ਦੌਰਾਨ 14 ਅਗਸਤ ਤੱਕ ਕੁੱਲ 31.88 ਲੱਖ ਹੈਕਟੇਅਰ ਰਕਬੇ ਵਿੱਚ ਝੋਨਾ ਲਾਇਆ ਗਿਆ ਹੈ, ਜਿਸ ਵਿੱਚੋਂ 5.74 ਲੱਖ ਹੈਕਟੇਅਰ ਰਕਬੇ ਵਿੱਚ ਬਾਸਮਤੀ ਦੀ ਕਾਸ਼ਤ ਹੇਠ ਹੈ। ਉਨ੍ਹਾਂ ਦੱਸਿਆ ਕਿ ਸਾਉਣੀ ਸੀਜ਼ਨ 2022-23 ਦੌਰਾਨ ਕੁੱਲ 31.68 ਲੱਖ ਹੈਕਟੇਅਰ ਰਕਬੇ ਵਿੱਚ ਝੋਨਾ ਲਾਇਆ ਗਿਆ ਸੀ, ਜਿਸ ਵਿੱਚੋਂ 4.95 ਲੱਖ ਹੈਕਟੇਅਰ ਰਕਬੇ ਵਿੱਚ ਬਾਸਮਤੀ ਦੀ ਕਾਸ਼ਤ ਹੇਠ ਸੀ। ਬਾਸਮਤੀ ਦੀ ਕਾਸ਼ਤ ਦੇ ਜ਼ਿਲ੍ਹਾਵਾਰ ਅੰਕੜੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਬਾਸਮਤੀ ਦੀ ਕਾਸ਼ਤ ਹੇਠ ਰਕਬੇ ਵਿੱਚ 24,000 ਹੈਕਟੇਅਰ ਦਾ ਵਾਧਾ ਦਰਜ ਕੀਤਾ ਗਿਆ ਹੈ, ਜਦੋਂਕਿ ਸ੍ਰੀ ਮੁਕਤਸਰ ਸਾਹਿਬ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਵਿੱਚ ਬਾਸਮਤੀ ਦੇ ਅਧੀਨ ਰਕਬੇ ਵਿੱਚ ਕ੍ਰਮਵਾਰ 21,500 ਹੈਕਟੇਅਰ ਅਤੇ 18000 ਹੈਕਟੇਅਰ ਦਾ ਵਾਧਾ ਹੋਇਆ ਹੈ। ਖੇਤੀਬਾੜੀ ਨੂੰ ਲਾਹੇਵੰਦ ਧੰਦਾ ਬਣਾਉਣ ਸਬੰਧੀ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਾਸਮਤੀ ਦੀ ਕਾਸ਼ਤ ਵਿੱਚ ਇਹ ਵਾਧਾ ਇਸ ਕਰਕੇ ਦੇਖਣ ਨੂੰ ਮਿਲਿਆ ਹੈ ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਸੀ ਕਿ ਸੂਬਾ ਸਰਕਾਰ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰੇਗੀ ਕਿ ਬਾਸਮਤੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਕਿਸੇ ਵੀ ਕਿਸਮ ਦਾ ਨੁਕਸਾਨ ਨਾ ਝੱਲਣਾ

28-August-PAGE-12.qxd 8/27/2023 10:29 PM Page 1

ਐੱਸ ਓ ਪੀ ਜਾਰੀ ਕਰਵਾਉਣ ਲਈ ਕੈਬਨਿਟ ਮੰਤਰੀ ਨੂੰ ਦਿੱਤਾ ਮੰਗ ਪੱਤਰ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਅੱਜ ਕੈਬਨਿਟ ਸਬ-ਕਮੇਟੀ ਦੇ ਮੈਂਬਰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਉਨ੍ਹਾ ਦੀ ਰਿਹਾਇਸ਼ ਪਿੰਡ ਗੰਭੀਰਪੁਰ ਵਿਖੇ ਪੁਰਾਣੀ ਪੈਨਸ਼ਨ ਬਹਾਲੀ ਸੰਬੰਧੀ ਐਸ ਓ ਪੀ ਜਾਰੀ ਕਰਵਾਉਣ ਲਈ ਮੰਗ ਪੱਤਰ ਦੇਣ ਲਈ ਜ਼ਿਲ੍ਹਾ ਰੂਪਨਗਰ, ਸ਼ਹੀਦ ਭਗਤ ਸਿੰਘ ਨਗਰ, ਫਗਵਾੜਾ, ਹੁਸ਼ਿਆਰਪੁਰ, ਜਲੰਧਰ ਦੇ ਪੁਰਾਣੀ ਪੈਨਸ਼ਨ ਬਹਾਲੀ ਦੀ ਉਡੀਕ ਕਰ ਰਹੇ ਸੈਕੜੇ ਐਨ ਪੀ ਐਸ ਮੁਲਾਜ਼ਮਾਂ ਨੇ ਜਸਵੀਰ ਸਿੰਘ ਤਲਵਾੜਾ ਸੂਬਾ ਕਨਵੀਨਰ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ 'ਚ ਮੰਗ ਪੱਤਰ ਦਿੱਤਾ। ਮੰਗ ਪੱਤਰ 'ਚ ਕਿਹਾ ਕਿ 18 ਨਵੰਬਰ 2022 'ਚ ਪੰਜਾਬ ਸਰਕਾਰ ਨੇ ਪੁਰਾਣੀ ਪੈਨਸ਼ਨ ਬਹਾਲੀ ਦੀ ਘੋਸ਼ਣਾ ਕੀਤੀ ਸੀ ਪਰ ਅਜੇ ਪੁਰਾਣੀ ਪੈਨਸ਼ਨ ਬਹਾਲੀ ਸੰਬੰਧੀ ਐਸ ਓ ਪੀ ਜਾਰੀ ਨਹੀਂ ਕੀਤਾ ਗਿਆ ਜਿਸ ਕਾਰਨ ਲੱਖਾਂ ਮੁਲਾਜ਼ਮਾਂ 'ਚ ਰੋਸ ਪਾਇਆ ਜਾ ਰਿਹਾ ਹੈ ਤੇ ਉਨ੍ਹਾਂ ਜਲਦ ਐਸ ਓ ਪੀ ਜਾਰੀ ਕਰਨ ਤੇ 1972 ਵਾਲੀ ਪੈਨਸ਼ਨ ਬਹਾਲੀ ਦੀ ਮੰਗ ਨੂੰ ਦੁਹਰਾਇਆ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਤੁਹਾਡੀ ਮੰਗ ਵਾਜਬ ਹੈ ਅਤੇ ਆਮ ਆਦਮੀ ਪਾਰਟੀ ਅਤੇ ਸਾਡੀ ਸਰਕਾਰ 100 ਪ੍ਰਤੀਸ਼ਤ ਪੁਰਾਣੀ ਪੈਨਸ਼ਨ ਬਹਾਲੀ ਦੇ ਹੱਕ ਵਿੱਚ ਹੈ। ਇਸ ਮੌਕੇ ਗੁਰਿੰਦਰਪਾਲ ਸਿੰਘ ਖੇੜੀ ਜ਼ਿਲ੍ਹਾ ਰੂਪਨਗਰ ਕਨਵੀਨਰ ਅਤੇ ਪ੍ਰੇਮ ਸਿੰਘ ਠਾਕੁਰ ਸੂਬਾ ਪ੍ਰੈਸ ਸਕੱਤਰ, ਸੂਬਾ ਖਜ਼ਾਨਚੀ ਵਰਿੰਦਰ ਵਿੱਕੀ, ਸੋਸ਼ਲ ਮੀਡੀਆ ਸੂਬਾ ਇੰਚਾਰਜ ਸੱਤ ਪ੍ਰਕਾਸ਼ , ਨਵਾਂਸ਼ਹਿਰ ਜ਼ਿਲ੍ਹਾ ਕਨਵੀਨਰ ਗੁਰਦਿਆਲ ਮਾਨ, ਹੁਸ਼ਿਆਰਪੁਰ ਜ਼ਿਲ੍ਹਾ ਕਨਵੀਨਰ ਸੰਜੀਵ ਧੂਤ, ਜਲੰਧਰ ਜ਼ਿਲ੍ਹਾ ਕਨਵੀਨਰ ਕੁਲਦੀਪ ਸਿੰਘ ਵਾਲੀਆ, ਕਪੂਰਥਲਾ ਜ਼ਿਲ੍ਹਾ ਕਨਵੀਨਰ ਪਰਮਿੰਦਰ ਪਾਲ ਸਿੰਘ ਤੋਂ ਇਲਾਵਾ ਬਲਵਿੰਦਰ ਸਿੰਘ ਰੌਲੋ ,ਬਲਵਿੰਦਰ ਸਿੰਘ ਲੋਦੀਪੁਰ,ਹਰਭਜਨ ਸਿੰਘ, ਹਰਪ੍ਰੀਤ ਸਿੰਘ ,ਅਮਨਦੀਪ ਸਿੰਘ ਰਤਨ, ਰਵੀ ਧੀਮਾਨ, ਰਾਜੀਵ ਕੁਮਾਰ,ਅਜੇ ਕੁਮਾਰ , ਮਨੀਸ਼ ਕੁਮਾਰ ਬ੍ਰਿਜ ਮੋਹਨ ਮੁਕੇਰੀਆਂ, ਜਸਵੀਰ ਬੋਦਲ, ਅਸ਼ੋਕ ਕੁਮਾਰ, ਪਰਮਿੰਦਰ ਬੁੱਲ੍ਹੋਵਾਲ, ਪਰਮਜੀਤ ਮਾਹਿਲਪੁਰ ਆਦਿ ਹਾਜ਼ਰ ਸਨ।

ਸੇਂਟ ਸੋਲਜਰ ਸਕੂਲ ਟਾਂਡਾ 'ਚ ਲੈੱਫਟ ਹੈਂਡਰਸ ਡੇਅ ਮਨਾਇਆ

ਜਲੰਧਰ (ਇਕਬਾਲ ਸਿੰਘ ਉੱਭੀ)-ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਵਿਖੇ 'ਅੰਤਰਰਾਸ਼ਟਰੀ ਲੈਫਟ ਹੈਂਡਰਸ ਡੇਅ' ਮਨਾਇਆ ਗਿਆ। ਪ੍ਰਿੰਸੀਪਲ ਸਤਵਿੰਦਰ ਕੌਰ ਦੀ ਅਗਵਾਈ 'ਚ ਕਰਵਾਏ ਗਏ ਪ੍ਰੋਗਰਾਮ ਦੌਰਾਨ ਵਿਸ਼ੇਸ਼ ਪ੍ਰਤਿਭਾ ਰੱਖਣ ਵਾਲੇ ਖੱਬੇ ਹੱਥ ਦੇ ਵਿਦਿਆਰਥੀਆਂ ਨੂੰ ਦਰਪੇਸ਼ ਸਮੱਸਿਆਵਾਂ 'ਤੇ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਸਕੂਲ 'ਚ ਪੜ੍ਹਦੇ ਖੱਬੇ ਹੱਥ ਦੇ ਵਿਦਿਆਰਥੀਆਂ 'ਚ ਸੁੰਦਰ ਲਿਖਾਈ ਮੁਕਾਬਲਾ ਵੀ ਕਰਵਾਇਆ ਗਿਆ। ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦਿਆਂ ਡਾਇਰੈਕਟਰ ਇੰਦਰ ਕੁਮਾਰ ਸਾਹਨੀ ਨੇ ਦੱਸਿਆ ਕਿ ਇਹ ਦਿਵਸ ਪਹਿਲੀ ਵਾਰ 13 ਅਗਸਤ 1976 ਨੂੰ ਮਨਾਇਆ ਗਿਆ ਸੀ। ਦੁਨੀਆ ਦੇ ਸਾਰੇ ਲੋਕ ਹਰ ਕੰਮ ਲਈ ਆਪਣੇ ਸੱਜੇ ਹੱਥ ਦੀ ਵਰਤੋਂ ਕਰਦੇ ਹਨ ਪਰ ਕੁਝ ਲੋਕ ਅਜਿਹੇ ਵੀ ਹਨ ਜੋ ਸਭ ਤੋਂ ਵੱਖਰੇ ਹਨ ਅਤੇ ਆਪਣੇ ਹਰ ਕੰਮ ਲਈ ਖੱਬੇ ਹੱਥ ਦੀ ਵਰਤੋਂ ਕਰਦੇ ਹਨ। ਦੁਨੀਆ 'ਚ ਇਨ੍ਹਾਂ ਦੀ ਗਿਣਤੀ ਸਿਰਫ਼ 10 ਫ਼ੀਸਦੀ ਹੈ। ਦੁਨੀਆ 'ਚ ਹਰ ਚੀਜ਼ ਦਾ ਨਿਰਮਾਣ ਸੱਜੇ ਹੱਥ ਦੀ ਵਰਤੋਂ ਦੇ ਹਿਸਾਬ ਨਾਲ ਹੁੰਦਾ ਹੈ, ਜਿਸ ਕਾਰਨ ਖੱਬੇ ਹੱਥ ਵਾਲੇ ਲੋਕਾਂ ਨੂੰ ਕਾਫੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਇਨ੍ਹਾਂ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਇਸ ਮੌਕੇ ਸਕੂਲ 'ਚ ਪੜ੍ਹ ਰਹੇ ਖੱਬੇ ਹੱਥ ਦੇ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ।

ਲਵਲੀ ਪ੍ਰੋਫੈਸ਼ਨਲ 'ਵਰਸਿਟੀ ਨੇ 14ਵਾਂ ਸਾਲਾਨਾ ਸਨਮਾਨ ਸਮਾਰੋਹ ਮਨਾਇਆ

ਜਲੰਧਰ (ਸ਼ੈਲੀ ਐਲਬਰਟ)-ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਨੇ ਹਾਲ ਹੀ 'ਚ ਵੱਖ-ਵੱਖ ਖੇਤਰਾਂ 'ਚ ਆਪਣੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਨੂੰ ਸਵੀਕਾਰ ਕਰਨ ਅਤੇ ਉਨ੍ਹਾਂ ਦਾ ਜਸ਼ਨ ਮਨਾਉਣ ਲਈ 14ਵਾਂ ਸਾਲਾਨਾ ਸਨਮਾਨ ਸਮਾਰੋਹ ਆਯੋਜਿਤ ਕੀਤਾ। ਵਿਸ਼ਵ ਉੱਦਮੀ ਦਿਵਸ ਮੌਕੇ ਸ਼ਾਂਤੀ ਦੇਵੀ ਮਿੱਤਲ ਆਡੀਟੋਰੀਅਮ ਵਿਖੇ ਕਰਵਾਏ ਗਏ ਇਸ ਸਮਾਗਮ ਦੀ ਪ੍ਰਧਾਨਗੀ ਭਾਰਤੀ ਇੰਟਰਪ੍ਰਾਈਜ਼ਿਜ਼ ਦੇ ਵਾਈਸ ਚੇਅਰਮੈਨ ਰਾਕੇਸ਼ ਭਾਰਤੀ ਮਿੱਤਲ ਨੇ ਕੀਤੀ। ਸਮਾਰੋਹ 'ਚ ਐਲ ਪੀ ਯੂ ਨੇ ਬੇਮਿਸਾਲ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇੱਕ ਕਰੋੜ ਅਤੇ 48 ਲੱਖ ਰੁਪਏ ਦੇ ਨਕਦ ਇਨਾਮ ਦਿੱਤੇ। ਇਨ੍ਹਾਂ ਨੂੰ ਯੂਨੀਵਰਸਿਟੀ ਰੋਲ ਆਫ਼ ਆਨਰ ਨਾਲ ਵੀ ਨਿਵਾਜਿਆ ਗਿਆ। ਸਮਾਰੋਹ ਵਿੱਚ ਮਾਨਤਾ ਪ੍ਰਾਪਤ ਹੋਣ ਵਾਲਿਆਂ ਵਿਸ਼ਿਸ਼ਟ ਪ੍ਰਾਪਤੀਆਂ ਵਿੱਚ 9.5 ਅਤੇ ਇਸ ਤੋਂ ਵੱਧ ਦੇ ਸੀ ਜੀ ਪੀ ਏ ਵਾਲੇ ਅਕਾਦਮਿਕ ਟਾਪਰ ਅਤੇ ਖੋਜਕਰਤਾ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ, ਏਆਈਯੂ ਕਲਚਰਲ ਮੁਕਾਬਲਿਆਂ ਦੇ ਜੇਤੂ, ਕਮਿਊਨਿਟੀ ਸੇਵਾਵਾਂ ਵਿੱਚ ਲੱਗੇ ਵਾਲੰਟੀਅਰ, ਗਣਤੰਤਰ ਦਿਵਸ ਕਰਤਵਯ ਪਥ ਪਰੇਡ ਵਿੱਚ ਭਾਗ ਲੈਣ ਵਾਲੇ ਅਤੇ ਨਾਲ ਹੀ ਨਵੀਨਤਾਕਾਰੀ ਅਤੇ ਉੱਦਮੀ ਵਿਦਿਆਰਥੀ ਵੀ ਸ਼ਾਮਲ ਸਨ। ਹਰ ਸਾਲ ਐਲ ਪੀ ਯੂ ਇਸ ਸਮਾਰੋਹ 'ਚ ਪੂਰੇ ਅਕਾਦਮਿਕ ਸੈਸ਼ਨ ਦੌਰਾਨ ਆਪਣੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਦਾ ਸਨਮਾਨ ਕਰਨ ਦਾ ਮੌਕਾ ਪ੍ਰਾਪਤ ਕਰਦਾ ਹੈ। ਇਕੱਠ ਨੂੰ ਸੰਬੋਧਿਤ ਕਰਦੇ ਰਾਕੇਸ਼ ਭਾਰਤੀ ਮਿੱਤਲ ਨੇ ਐਲ ਪੀ ਯੂ ਵਿੱਚ ਸਿੱਖਿਆ ਪ੍ਰਾਪਤ ਕਰਨ ਦੇ ਵਿਸ਼ੇਸ਼ ਅਧਿਕਾਰ 'ਤੇ ਜ਼ੋਰ ਦਿੱਤਾ ਅਤੇ ਪੁਰਸਕਾਰ ਜੇਤੂਆਂ

ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਵਧਾਈ ਦਿੱਤੀ । ਐਲ ਪੀ ਯੂ ਦੇ ਸੰਸਥਾਪਕ ਚਾਂਸਲਰ ਅਤੇ ਰਾਜ ਸਭਾ ਵਿੱਚ ਸੰਸਦ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਇਨਾਮ ਜਿੱਤਣ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਹਾਰਦਿਕ ਵਧਾਈ ਦਿੱਤੀ।ਡਾ. ਮਿੱਤਲ ਨੇ ਵਿਦਿਆਰਥੀਆਂ ਨੂੰ ਜੀਵਨ ਭਰ ਉੱਤਮਤਾ ਪ੍ਰਤੀ ਆਪਣੀ ਵਚਨਬੱਧਤਾ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੂੰ ਆਪਣੇ ਸ਼ਾਨਦਾਰ ਪ੍ਰਦਰਸ਼ਨ ਨੂੰ ਜਾਰੀ ਰੱਖਣ ਦੀ ਅਪੀਲ ਕੀਤੀ। ਸਨਮਾਨ ਸਮਾਰੋਹ 'ਚ ਐਲ ਪੀ ਯੂ ਦੀ ਪ੍ਰੋ ਚਾਂਸਲਰ ਰਸ਼ਮੀ ਮਿੱਤਲ, ਪ੍ਰੋ ਵਾਈਸ ਚਾਂਸਲਰ ਪ੍ਰੋ. ਡਾ. ਲਵੀ ਰਾਜ ਗੁਪਤਾ ਅਤੇ ਪ੍ਰੋ. ਡਾ. ਸੰਜੇ ਮੋਦੀ ਅਤੇ ਕਾਰਜਕਾਰੀ ਡੀਨ ਡਾ. ਮੋਨਿਕਾ ਗੁਲਾਟੀ ਵੀ ਮੌਜੂਦ ਸਨ ।

ਸੰਗਤਾਂ ਦੇ ਸਹਿਯੋਗ ਨਾਲ ਭਗਵਾਨ ਵਾਲਮੀਕਿ ਦਾ ਪਹਿਲਾ ਸਤਿਸੰਗ ਕਰਵਾਇਆ

ਕਾਲਾ ਸੰਘਿਆਂ (ਪੱਤਰ ਪ੍ਰੇਰਕ)- ਵਿਸ਼ਵ ਸ਼ਾਂਤੀ ਲਈ ਭਗਵਾਨ ਵਾਲਮੀਕਿ ਮਹਾਰਾਜ ਦਾ ਪਹਿਲਾ ਮਹਾਨ ਵਿਸ਼ਾਲ ਸਤਿਸੰਗ ਸਭ ਦਾ ਮਾਲਿਕ ਏਕ ਹੈ ਜਥੇਬੰਦੀ ਪੰਜਾਬ ਦੇ ਪ੍ਰਧਾਨ ਡਾਕਟਰ ਸਾਬੀ ਸਿੰਘਪੁਰ ਦੋਨਾ, ਹਰੀ ਸਿੰਘ ਚੇਅਰਮੈਨ ਪੰਜਾਬ, ਡਾਕਟਰ ਦਲਜੀਤ ਸਿੰਘ ਕੈਸ਼ੀਅਰ ਪੰਜਾਬ, ਸੰਦੀਪ ਸਿੰਘਪੁਰ ਦੋਨਾ ਸਰਕਲ ਪ੍ਰਧਾਨ, ਹੈਪੀ ਸਹਿਮ ਤੇ ਡਾਕਟਰ ਸਾਬੀ ਸਹਿਮ, ਡਾਕਟਰ ਸੋਨੂੰ ਤਲਵੰਡੀ ਭਰੋ, ਬਲਜੀਤ ਮੱਟੂ, ਬਲਜੀਤ ਸਿੰਘ ਸਿੱਧੂ, ਜੀਵਨ ਮੰਗਾ, ਜਸਪਾਲ ਸਿੰਘ ਸਿੱਧੂ, ਤੇਜਪਾਲ ਭੱਟੀ, ਬਲਵੀਰ, ਵਿਜੇ ਕੁਮਾਰ, ਸੰਨੀ ਬਾਲੂ, ਸੁਰਜੀਤ ਬਾਲੂ, ਸੁਨੀਲ ਸਿੰਘਪੁਰ ਦੋਨਾ ਦੀ ਰਹਿਨੁਮਾਈ ਹੇਠ ਪਿੰਡ ਇਲਾਕਾ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬਹੁਤ ਹੀ ਉਤਸ਼ਾਹ ਤੇ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ। ਇਸ ਮੌਕੇ ਭਗਵਾਨ ਵਾਲਮੀਕਿ ਮਹਾਰਾਜ ਦੀ ਜੋਤ ਪ੍ਰਚੰਡ ਦੀ ਰਸਮ ਭਗਵਾਨ ਵਾਲਮੀਕਿ ਯੋਗ ਆਸ਼ਰਮ ਰਹੀਮਪੁਰ ਦੇ ਮੁੱਖ ਸੰਚਾਲਕ ਬਾਲਯੋਗੀ ਪ੍ਰਗਟ ਨਾਥ, ਸਾਹਿਬ ਸਿੰਘ ਮਾਨਾਂਵਾਲੀ ਅੰਮ੍ਰਿਤਸਰ ਵੱਲੋਂ ਕੀਤੀ ਗਈ। ਉਪਰੰਤ ਸ਼੍ਰੋਮਣੀ ਪੰਥਕ ਕੀਰਤਨੀਏ ਭਾਈ ਸਤਨਾਮ ਸਿੰਘ ਹੁਸੈਨਪੁਰੀ ਚਮਟਿਆਂ ਵਾਲੇ ਨੇ ਸੰਤ ਹਮਾਰਾ ਗਹਿਣਾ, ਇਸ ਤੋਂ ਉਪਰੰਤ ਪ੍ਰਸਿੱਧ ਪੰਥਕ ਕੀਰਤਨੀਏ ਭਾਈ ਸੰਦੀਪ ਸਿੰਘ ਕੁਲਾਰ ਤੇ ਪੰਜਾਬ ਦੇ ਪ੍ਰਸਿੱਧ ਗਾਇਕ ਗੁਰਪ੍ਰੀਤ ਗੋਪੀ ਨੇ ਭਗਵਾਨ ਵਾਲਮੀਕਿ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਨਿਹਾਲ ਕੀਤਾ। ਇਸ ਮੌਕੇ ਬਾਲਯੋਗੀ ਪ੍ਰਗਟ ਨਾਥ ਨੇ ਸੰਗਤਾਂ ਨਾਲ ਪ੍ਰਵਚਨ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਰਹਿਬਰਾਂ ਦੇ ਜਨਮ ਦਿਹਾੜੇ ਪੂਰੇ ਰੀਤੀ ਰਿਵਾਜਾਂ ਤੇ ਉਤਸ਼ਾਹ ਨਾਲ ਮਨਾਉਣੇ ਚਾਹੀਦੇ ਹਨ। ਇਸ ਸਮਾਗਮ ਵਿੱਚ ਉੱਘੇ ਸਮਾਜ ਸੇਵਕ ਚੰਦਨ ਗਰੇਵਾਲ, ਧਰਮਿੰਦਰ ਗਿੱਲ, ਲਾਲਾ ਕੁਰਾਲੀ ਰਾਸ਼ਟਰੀ ਪ੍ਰਧਾਨ ਭੀਮ ਅਜ਼ਾਦ ਫੋਰਸ ਪੰਜਾਬ, ਵਾਲਮੀਕਿ ਐਕਸ਼ਨ ਫੋਰਸ ਪੰਜਾਬ ਦੇ ਸੂਬਾ ਪ੍ਰਧਾਨ ਧਰਮਿੰਦਰ ਨੰਗਲ, ਭਗਵਾਨ ਵਾਲਮੀਕਿ ਜਾਗ੍ਰਤੀ ਸੰਸਥਾ ਦੁਬਈ ਦੇ ਪ੍ਰਧਾਨ ਗੁਰਮੀਤ ਹੰਸ, ਬਲਵਿੰਦਰ ਮਾਲੜੀ ਰਾਸ਼ਟਰੀ ਪ੍ਰਧਾਨ, ਚੇਅਰਮੈਨ ਜੁਗਿੰਦਰ ਸਿੰਘ ਬਿੱਲੀ ਵੜੈਚ, ਵਾਲਮੀਕਿ ਆਦਿ ਧਰਮ ਅਚਾਰੀਆ ਧਰਮ ਸਮਾਜ ਦੇ ਰਾਸ਼ਟਰੀ ਪ੍ਰਧਾਨ ਸਚਿਨ ਅਸੁਰ, ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ, ਤਰਲੋਚਨ ਸਿੰਘ ਚਾਹਲ ਮੁੱਖ ਸਲਾਹਕਾਰ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ, ਐਡਵੋਕੇਟ ਗੌਰਵ ਨਾਗਰਾਜ ਨਕੋਦਰ, ਹੈਪੀ ਮੱਟੂ ਯੂਥ ਪ੍ਰਧਾਨ ਪੰਜਾਬ, ਹਰਜੋਤ ਸੇਠੀ ਵਾਇਸ ਪ੍ਰਧਾਨ, ਡਾਕਟਰ ਸੋਨੂੰ ਤਲਵੰਡੀ ਭਰੋ, ਸਾਬੀ ਰਸੂਲਪੁਰੀ ਦੋਆਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ, ਜੀਤ ਗਿੱਲ ਉੱਗੀ ਵਾਲਾ, ਅਮਰੀਕ ਸਿੰਘ ਮਾਨ ਕਾਲਾ ਸੰਘਿਆਂ, ਅਸ਼ੋਕ ਸ਼ਰਮਾ ਮਿਊਜ਼ਿਕ ਡਾਇਰੈਕਟਰ, ਤਰਸੇਮ ਫਤਹਿਪੁਰੀ, ਤੀਰਥ ਰਾਂਗੜਾ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਪੜ੍ਹਾਈ ਦੇ ਖੇਤਰ 'ਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਦੇ ਖੇਤਰ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ ਵਾਲੇ ਸੀਨੀਅਰ ਤੇ ਨਿਧੜਕ ਪੱਤਰਕਾਰ ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ ਨੂੰ ਅਵਾਜ਼ ਏ ਕੌਮ ਦਾ ਐਵਾਰਡ ਦਿੱਤਾ ਗਿਆ। ਇਸ ਮੌਕੇ ਚਾਹ ਪਕੌੜਿਆਂ ਤੇ ਹੋਰ ਪਦਾਰਥਾਂ ਦੇ ਲੰਗਰ ਸੰਗਤਾਂ ਨੂੰ ਛਕਾਏ ਗਏ।

ਲਾਇਲਪੁਰ ਖ਼ਾਲਸਾ ਕਾਲਜ ਦੇ ਐੱਮ ਏ (ਇਕਨਾਮਿਕਸ) ਪਹਿਲਾ ਸਮੈਸਟਰ ਦਾ ਨਤੀਜਾ ਸ਼ਾਨਦਾਰ

ਜਲੰਧਰ (ਸ਼ੈਲੀ ਐਲਬਰਟ)-ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਐਲਾਨੇ ਐਮ.ਏ. ਇਕਨਾਮਿਕਸ ਪਹਿਲਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਮੇਘਾ ਸੋਬਤੀ ਨੇ 2000 ਵਿਚੋਂ 1572 ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ 'ਚ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ ।

ਸਰਦਾਰਨੀ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਨੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ । ਉਨ੍ਹਾਂ ਇਹ ਵੀ ਕਿਹਾ ਕਿ ਕਾਲਜ ਇਨ੍ਹਾਂ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕਰੇਗਾ ਅਤੇ ਆਉਣ ਵਾਲਿਆਂ ਨਤੀਜਿਆਂ ਵਿਚੋਂ ਵੀ ਜਿਹੜੇ ਵਿਦਿਆਰਥੀ ਯੂਨੀਵਰਸਿਟੀ ਵਿਚੋਂ ਵਿਸ਼ੇਸ਼ ਸਥਾਨ ਜਾਂ ਮੈਰਿਟ ਵਿਚ ਆਉਣਗੇ, ਉਨ੍ਹਾਂ ਨੂੰ ਵੀ ਵਿਸ਼ੇਸ਼ ਸਹੂਲਤਾਂ ਦਿੱਤੀਆਂ ਜਾਣਗੀਆਂ।

ਇਸ ਮੌਕੇ ਪ੍ਰੋ. ਨਵਦੀਪ ਕੌਰ ਮੁਖੀ ਇਕਨਾਮਿਕਸ ਵਿਭਾਗ, ਡਾ. ਸਿਮਰਨਜੀਤ ਸਿੰਘ ਬੈਂਸ, ਡਾ. ਸਰਬਜੀਤ ਕੀਰ, ਪ੍ਰੋ. ਮਨਪ੍ਰੀਤ ਕੌਰ, ਰੀਤੀਕਾ ਸ਼ਰਮਾ ਵੀ ਹਾਜ਼ਰ ਸਨ।

ਬੀਬੀ ਸੁਰਜੀਤ ਕੌਰ ਦੀ ਅੰਤਮ ਅਰਦਾਸ ਮੌਕੇ ਸ਼ਰਧਾਂਜਲੀਆਂ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਕਿਰਤੀ ਕਿਸਾਨ ਯੂਨੀਅਨ ਸਮਰਾਵਾਂ ਯੂਨਿਟ ਦੇ ਸਰਗਰਮ ਵਰਕਰ ਸਾਥੀ ਅਵਤਾਰ ਸਿੰਘ ਤਾਰੀ ਦੀ ਧਰਮ ਪਤਨੀ ਬੀਬੀ ਸੁਰਜੀਤ ਕੌਰ ਦੀ ਅੱਜ ਅੰਤਿਮ ਅਰਦਾਸ ਮੌਕੇ ਵਿਸ਼ਵਕਰਮਾ ਮੰਦਰ ਦੇ ਨੇੜੇ ਧਰਮਸ਼ਾਲਾ ਗੁਰਦੁਆਰਾ ਸਾਹਿਬ ਸਮਰਾਵਾਂ ਵਿਖੇ ਸ਼ਰਧਾਂਜਲੀਆਂ ਭੇਟ ਕੀਤੀਆ ਗਈਆਂ। ਸੀ ਪੀ ਆਈ ਐਮ ਐਲ ਦੇ ਸੀਨੀਅਰ ਸਾਥੀ ਕਾਮਰੇਡ ਅਜਮੇਰ ਸਿੰਘ ਸਮਰਾ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਸੰਤੋਖ ਸਿੰਘ ਸੰਧੂ, ਡਾਕਟਰ ਯੋਗੀ ਦੱਤ, ਮਾਸਟਰ ਸੁਦਰਸ਼ਨ, ਸੁਰਜੀਤ ਸਮਰਾ ਆਦਿ ਨੇ ਸ਼ਰ